ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਮੰਗਲਵਾਰ, 20 ਜਨਵਰੀ 2026 (ਨਾਨਕਸ਼ਾਹੀ ਸੰਮਤ : ੫੫੭, ੭ ਮਾਘ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243




## CBI ਨੇ ਕਰਨਲ ਬਾਠ ਮਾਮਲੇ 'ਚ ਦਿਖਾਈ ਸਖਤੀ ! 5 ਪੁਲਿਸ ਅਧਿਕਾਰੀ ਤਲਬ

**ਚੰਡੀਗੜ੍ਹ, 19 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਬਹੁਚਰਚਿਤ ਕਰਨਲ ਪੁਸ਼ਿਪੰਦਰ ਬਾਠ ਅਤੇ ਉਨ੍ਹਾਂ ਦੇ ਪੁੱਤਰ 'ਤੇ ਹੋਏ ਕੁੱਟਮਾਰ ਦੇ ਮਾਮਲੇ ਇੱਕ ਵਾਰ ਫਿਰ ਸੁਰਖੀਆਂ ਵਿੱਚ ਹੈ। ਸੀਬੀਆਈ ਅਦਾਲਤ ਨੇ ਇਸ ਮਾਮਲੇ 'ਚ ਸਖਤੀ ਦਿਖਾਉਂਦਿਆਂ ਹੋਇਆਂ ਅਹਿਮ ਕਦਮ ਚੁੱਕੇ ਹਨ। ਸੀਬੀਆਈ ਨੇ ਪੀੜਤ ਪਰਿਵਾਰ ਦੀਆਂ ਮੰਗਾਂ ਨੂੰ ਧਿਆਨ ਵਿੱਚ ਰੱਖਦਿਆਂ ਹੋਇਆਂ ਜਾਂਚ ਦੌਰਾਨ ਪੰਜ ਪੁਲਿਸ ਅਧਿਕਾਰੀਆਂ ਨੂੰ ਤਲਬ ਕੀਤਾ ਹੈ ਅਤੇ ਪਹਿਲੀ ਸੁਣਵਾਈ (ਮੁਕੱਦਮਾ) 16 ਮਾਰਚ ਨੂੰ ਹੋਵੇਗੀ। ਜਾਣਕਾਰੀ ਮੁਤਾਬਕ ਸੀਬੀਆਈ ਨੇ ਇੰਸਪੈਕਟਰ ਰੌਨੀ ਸਿੰਘ, ਹੈਰੀ ਬੋਪਾਰਾਏ, ਹਰਜਿੰਦਰ ਸਿੰਘ ਢਿੱਲੋਂ ਅਤੇ ਇੱਕ ਕਾਂਸਟੇਬਲ ਸ਼ਿਮੰਦਰ ਸਿੰਘ ਨੂੰ ਤਲਬ ਕੀਤਾ ਹੈ। ਹਾਲਾਂਕਿ 329 ਨੇ ਜਾਂਚ ਤੋਂ ਬਾਅਦ ਚਾਰਜਸ਼ੀਟ ਤੋਂ ਧਾਰਾ 109 ਹਟਾ ਦਿੱਤੀ ਹੈ। ਉੱਥੇ ਹੀ ਕਰਨਲ ਪੁਸ਼ਿਪੰਦਰ ਬਾਠ ਦੀ ਪਤਨੀ ਰਿਤੂ ਬਾਠ ਦਾ ਕਹਿਣਾ ਹੈ ਕਿ ਉਨ੍ਹਾਂ ਦੀ ਲੜਾਈ ਜਾਰੀ ਹੈ। ਰਿਤੂ ਬਾਠ ਨੇ ਕਿਹਾ ਕਿ ਜਦੋਂ ਤੱਕ ਉਨ੍ਹਾਂ ਨੂੰ ਇਨਸਾਫ ਨਹੀਂ ਮਿਲਦਾ, ਉਦੋਂ ਤੱਕ ਉਹ ਪਿੱਛੇ ਨਹੀਂ ਹੱਟਣਗੇ। ਜ਼ਿਕਰ ਕਰ ਦਈਏ ਕਿ ਇਹ ਘਟਨਾ 13-14 ਮਾਰਚ ਦੀ ਰਾਤ ਨੂੰ ਵਾਪਰੀ ਸੀ। ਇਹ ਮਾਮਲਾ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿਚ ਪਹੁੰਚਿਆ ਸੀ। ਇਸ ਦੌਰਾਨ ਕਰਨਲ ਬਾਠ ਦੀ ਪਤਨੀ ਨੇ ਮੰਗ ਕੀਤੀ ਸੀ ਕਿ ਇਸ ਮਾਮਲੇ ਦੀ ਜਾਂਚ ਸੀਬੀਆਈ ਜਾਂ ਹੋਰ ਨਿਰਪੱਖ ਏਜੰਸੀ ਤੋਂ ਕਰਵਾਈ ਜਾਣੀ ਚਾਹੀਦੀ ਹੈ।

## ਸਪੇਨ 'ਚ ਰੂਹ ਕੰਬਾਊ ਹਾਦਸਾ : ਦੋ ਹਾਈ-ਸਪੀਡ ਟ੍ਰੇਨਾਂ ਦੀ ਟੱਕਰ 'ਚ

# 42 ਲੋਕਾਂ ਦੀ ਮੌਤ, 100 ਤੋਂ ਵੱਧ ਜ਼ਖ਼ਮੀ

**ਮੈਡ੍ਰਿਡ / ਮਿਲਾਨ, 19 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸਪੇਨ ਦੇ ਦੱਖਣ ਵਿੱਚ ਵੱਡਾ ਰੇਲ ਹਾਦਸਾ ਵਾਪਰਿਆ, ਜਿਸ ਵਿੱਚ ਕੁਲ 42 ਤੋਂ ਵੱਧ ਲੋਕਾਂ ਦੀ ਮੌਤ ਹੋ ਜਾਣ ਦੀ ਪੁਸ਼ਟੀ ਹੋਈ ਹੈ। ਇਸ ਹਾਦਸੇ ਵਿੱਚ ਕਈ ਲੋਕ ਜ਼ਖਮੀਂ ਹੋ ਗਏ ਹਨ, ਜੋ ਕਿ ਹਸਪਤਾਲ ਵਿੱਚ ਜਰ੍ਹੇ ਇਲਾਜ ਹਨ। ਸੂਤਰ ਦੱਸਦੇ ਹਨ ਕਿ ਹਾਦਸੇ ਵਿੱਚ ਮਾਰੇ ਜਾਣ ਵਾਲੇ ਲੋਕਾਂ ਦੀ ਗਿਣਤੀ ਅਜੇ ਵੱਧ ਸਕਦੀ ਹੈ। ਸਰਕਾਰੀ ਬੁਲਾਰੇ ਮੁਤਾਬਿਕ ਸਪੇਨ ਵਿੱਚ ਲਗਭਗ ਇੱਕ ਦਹਾਕੇ ਤੋਂ ਵੱਧ ਸਮੇਂ ਵਿੱਚ ਸਭ ਤੋਂ ਭਿਆਨਕ ਰੇਲ ਹਾਦਸਾ ਹੋਇਆ ਹੈ ਜਿਸ ਵਿੱਚ ਦਰਜਨਾਂ ਲੋਕ ਜ਼ਖਮੀ ਹੋ ਗਏ ਹਨ। ਐਤਵਾਰ ਸ਼ਾਮ ਨੂੰ ਆਦਮੁਜ਼ ਵਿੱਚ ਮੈਡ੍ਰਿਡ ਜਾਣ ਵਾਲੀ ਇੱਕ ਰੇਲਗੱਡੀ ਦੇ ਡੱਬੇ ਪਟੜੀ ਤੋਂ ਉਤਰ ਗਏ ਅਤੇ ਜੋ ਦੂਸਰੀ ਸਾਇਡ ਵਾਲੀ ਪਟੜੀਆਂ 'ਤੇ ਚੜ੍ਹ ਗਏ ਤੇ ਦੂਜੇ ਪਾਸੇ ਤੋਂ ਆ ਰਹੀ ਇਕ ਹੋਰ ਰੇਲਗੱਡੀ ਨਾਲ ਟਕਰਾ ਗਏ ਜਿਸ ਕਾਰਨ ਹਾਦਸਾ ਵਾਪਰਿਆ।



ਰੇਲ ਅਧਿਕਾਰੀਆਂ ਨੇ ਦੱਸਿਆ ਕਿ ਦੋਵਾਂ ਰੇਲਗੱਡੀਆਂ ਵਿੱਚ 400 ਯਾਤਰੀ ਅਤੇ ਸਟਾਫ ਮੈਂਬਰ ਸਵਾਰ ਸਨ। ਐਮਰਜੈਂਸੀ ਸੇਵਾਵਾਂ ਨੇ 122 ਲੋਕਾਂ ਦਾ ਇਲਾਜ ਕੀਤਾ, ਜਿਨ੍ਹਾਂ ਵਿੱਚੋਂ 48 (5 ਬੱਚਿਆਂ ਸਣੇ), ਅਜੇ ਵੀ ਹਸਪਤਾਲ ਇਲਾਜ਼ ਅਧਿਨ ਹਨ। ਜ਼ਖਮੀਂ ਹੋਏ ਲੋਕਾਂ ਵਿੱਚੋਂ 11 ਬਾਲਗ ਅਤੇ ਇੱਕ ਬੱਚਾ ਇੰਟੈਂਸਿਵ ਕੇਅਰ ਵਿੱਚ ਹੈ, ਜਿਨ੍ਹਾਂ ਦੀ ਹਾਲਤ ਗੰਭੀਰ ਬਣੀ ਹੋਈ ਹੈ। ਸਪੇਨ ਦੇ ਟਰਾਂਸਪੋਰਟ ਮੰਤਰੀ ਨੇ ਇਸ ਘਟਨਾ ਨੂੰ ਬਹੁਤ ਭਿਆਨਕ ਦੱਸਿਆ। ਰੇਲਗੱਡੀ ਵਿੱਚ ਯਾਤਰਾ ਕਰ ਰਹੇ ਲੋਕਾਂ ਦੱਸਿਆ ਕਿ ਟੱਕਰ ਭਿਆਨਕ ਸੀ ਯਾਤਰੀਆਂ ਨੇ ਡੱਬਿਆਂ ਦੀਆਂ ਖਿੜਕੀਆਂ ਤੋੜਨ ਅਤੇ ਬਾਹਰ ਨਿਕਲਣ ਲਈ ਐਮਰਜੈਂਸੀ ਹਥੌੜਿਆਂ ਦੀ ਵਰਤੋਂ ਵੀ ਕੀਤੀ। ਫਿਲਹਾਲ ਘਟਨਾ ਦੇ ਅਸਲ ਕਾਰਨਾਂ ਦਾ ਪਤਾ ਕੀਤਾ ਜਾ ਰਿਹਾ ਹੈ ਰੇਲਗੱਡੀ ਕੋਈ 250 ਕਿੱਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਚੱਲ ਰਹੀ ਸੀ। ਹਾਦਸੇ ਵਾਲੀ ਥਾਂ 'ਤੇ ਰੇਲਗੱਡੀਆਂ ਦੇ ਡੱਬੇ ਬੁਰੀ ਤਰ੍ਹਾਂ ਕੁਚਲੇ ਗਏ ਸਨ, ਜਿਸ ਨਾਲ ਬਚਾਅ ਅਤੇ ਰਾਹਤ ਕਾਰਜਾਂ ਵਿੱਚ ਕਾਫ਼ੀ ਮੁਸ਼ਕਲ ਆਈ। ਕੋਰਡੋਬਾ ਫਾਇਰ ਚੀਫ਼ ਫਰਾਂਸਿਸਕੋ ਕਾਰਮੋਨਾ ਨੇ ਕਿਹਾ ਕਿ ਬਚੇ ਲੋਕਾਂ ਤੱਕ ਪਹੁੰਚਣ ਲਈ ਲਾਸ਼ਾਂ ਨੂੰ ਕਈ ਵਾਰ ਹਟਾਉਣਾ ਪਿਆ। ਹਾਦਸੇ ਤੋਂ ਬਾਅਦ, ਮੈਡ੍ਰਿਡ ਅਤੇ ਅੰਡੇਲੂਸੀਆ ਵਿਚਕਾਰ ਸਾਰੀਆਂ ਰੇਲ ਸੇਵਾਵਾਂ ਮੁਅੱਤਲ ਕਰ ਦਿੱਤੀਆਂ ਗਈਆਂ ਹਨ। ਰੈੱਡ ਕਰਾਸ ਨੇ ਪ੍ਰਭਾਵਿਤ ਪਰਿਵਾਰਾਂ ਲਈ ਐਮਰਜੈਂਸੀ ਰਾਹਤ ਅਤੇ ਸਲਾਹ ਸੇਵਾਵਾਂ ਸ਼ੁਰੂ ਕੀਤੀਆਂ ਹਨ। ਸਰਕਾਰ ਨੇ ਪ੍ਰਭਾਵਿਤ ਯਾਤਰੀਆਂ ਅਤੇ ਰਿਸ਼ਤੇਦਾਰਾਂ ਲਈ ਪ੍ਰਮੁੱਖ ਸਟੇਸ਼ਨਾਂ 'ਤੇ ਸਹਾਇਤਾ ਕੇਂਦਰ ਵੀ ਸਥਾਪਤ ਕੀਤੇ ਹਨ।

## ਅਮਰੀਕਾ ਦੀਆਂ ਸਖ਼ਤ ਨੀਤੀਆਂ ਦਾ ਅਸਰ ; ਇੰਗਲੈਂਡ ਸਮੇਤ ਯੂਰਪੀ ਦੇਸ਼ਾਂ ਦਾ ਰੁਖ਼ ਕਰਨ ਲੱਗੇ ਸਟੂਡੈਂਟ !

**ਲੰਡਨ, 19 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸਾਲ 2025 ਦੌਰਾਨ ਵਿਦੇਸ਼ਾਂ ਵਿੱਚ ਪੜ੍ਹਾਈ ਕਰਨ ਲਈ ਦਿੱਤੇ ਜਾਣ ਵਾਲੇ ਸਟੱਡੀ ਲੋਨ 'ਚ 30 ਤੋਂ 50 ਫੀਸਦੀ ਤੱਕ ਦੀ ਭਾਰੀ ਗਿਰਾਵਟ ਦਰਜ ਕੀਤੀ ਗਈ ਹੈ, ਜਿਸ ਦਾ ਮੁੱਖ ਕਾਰਨ ਅਮਰੀਕਾ ਵੱਲੋਂ ਵੀਜ਼ਾ ਨਿਯਮਾਂ ਵਿੱਚ ਕੀਤੀ ਗਈ ਸਖ਼ਤੀ ਨੂੰ ਮੰਨਿਆ ਜਾ ਰਿਹਾ ਹੈ। ਇਨ੍ਹਾਂ ਸਖ਼ਤ ਨਿਯਮਾਂ ਕਾਰਨ ਅਮਰੀਕਾ ਜਾਣ ਵਾਲੇ ਵਿਦਿਆਰਥੀਆਂ ਦੇ ਕਰਜ਼ਿਆਂ ਵਿੱਚ 60 ਫੀਸਦੀ ਤੱਕ ਦੀ ਕਮੀ ਆਈ ਹੈ। ਅਮਰੀਕਾ ਦੀਆਂ ਸਖ਼ਤ ਇਮੀਗ੍ਰੇਸ਼ਨ ਨੀਤੀਆਂ ਕਾਰਨ ਵੀਜ਼ਾ ਮਿਲਣ ਵਿੱਚ ਆ ਰਹੀਆਂ ਦਿੱਕਤਾਂ ਕਾਰਨ ਹੁਣ ਵਿਦਿਆਰਥੀ ਯੂ.ਕੇ., ਫਰਾਂਸ, ਜਰਮਨੀ, ਮਾਲਟਾ ਅਤੇ ਹੋਰ ਯੂਰਪੀਅਨ ਦੇਸ਼ਾਂ ਦਾ ਰੁਖ ਕਰ ਰਹੇ ਹਨ। ਕਰਜ਼ਾ ਦੇਣ ਵਾਲੀਆਂ ਗੈਰ-ਬੈਂਕਿੰਗ ਵਿੱਤੀ ਕੰਪਨੀਆਂ ਇਸ ਸਥਿਤੀ ਨਾਲ ਸਭ ਤੋਂ ਵੱਧ ਪ੍ਰਭਾਵਿਤ ਹੋਈਆਂ ਹਨ ਕਿਉਂਕਿ ਉਨ੍ਹਾਂ ਦਾ ਜ਼ਿਆਦਾਤਰ ਕਾਰੋਬਾਰ ਵਿਦੇਸ਼ੀ ਪੜ੍ਹਾਈ ਦੇ ਕਰਜ਼ਿਆਂ 'ਤੇ ਨਿਰਭਰ ਸੀ। ਹੁਣ ਇਹ ਕੰਪਨੀਆਂ ਆਪਣਾ ਧਿਆਨ ਭਾਰਤ ਦੇ ਘਰੇਲੂ ਸਿੱਖਿਆ ਪ੍ਰੋਗਰਾਮਾਂ ਵੱਲ ਮੋੜ ਰਹੀਆਂ ਹਨ। ਮਾਹਿਰਾਂ ਅਨੁਸਾਰ, ਅਮਰੀਕਾ ਤੋਂ ਇਲਾਵਾ ਹੋਰਨਾਂ ਦੇਸ਼ਾਂ ਲਈ ਕਰਜ਼ੇ ਦੀ ਰਕਮ ਛੋਟੀ ਹੁੰਦੀ ਹੈ, ਜਿਸ ਨਾਲ ਕੰਪਨੀਆਂ ਦੀ ਲਾਗਤ ਵਧ ਜਾਂਦੀ ਹੈ। ਇਸ ਤੋਂ ਇਲਾਵਾ, ਤਕਨੀਕੀ ਨੌਕਰੀਆਂ ਦੇ ਬਾਜ਼ਾਰ ਵਿੱਚ ਚੱਲ ਰਹੀ ਸੁਸਤੀ ਕਾਰਨ ਕਰਜ਼ਾ ਵਾਪਸੀ ਦਾ ਜੋਖਮ ਵੀ ਵਧ ਗਿਆ ਹੈ। ਰਿਜ਼ਰਵ ਬੈਂਕ ਦੇ ਅੰਕੜੇ ਦੱਸਦੇ ਹਨ ਕਿ ਅਗਸਤ 2025 ਦੇ ਐਡਮਿਸ਼ਨ ਸੀਜ਼ਨ ਦੌਰਾਨ ਸਿੱਖਿਆ ਲਈ ਭੇਜੀ ਗਈ ਰਕਮ ਪਿਛਲੇ ਸਾਲ ਦੇ 416 ਮਿਲੀਅਨ ਤੋਂ ਘਟ ਕੇ 319 ਮਿਲੀਅਨ ਡਾਲਰ ਰਹਿ ਗਈ ਹੈ। ਇਹ ਰੁਝਾਨ ਆਉਣ ਵਾਲੇ ਇੱਕ-ਦੋ ਸਾਲਾਂ ਤੱਕ ਜਾਰੀ ਰਹਿਣ ਦੀ ਸੰਭਾਵਨਾ ਹੈ, ਜਿਸ ਕਾਰਨ ਸਿੱਖਿਆ ਕਰਜ਼ਾ ਬਾਜ਼ਾਰ ਵਿੱਚ ਵੱਡੀਆਂ ਤਬਦੀਲੀਆਂ ਦੇਖਣ ਨੂੰ ਮਿਲ ਸਕਦੀਆਂ ਹਨ।



## ਮੋਗਾ ਨਗਰ ਨਿਗਮ 'ਤੇ 'ਆਪ' ਦਾ ਕਬਜ਼ਾ

**ਮੋਗਾ, 19 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਆਮ ਆਦਮੀ ਪਾਰਟੀ ਦੇ ਮੇਅਰ ਪ੍ਰਵੀਨ ਸ਼ਰਮਾ ਨੂੰ ਮੋਗਾ ਨਗਰ ਨਿਗਮ ਦਾ ਨਵਾਂ ਮੇਅਰ ਚੁਣਿਆ ਗਿਆ ਹੈ। ਸ਼ਰਮਾ ਦੀ ਜਿੱਤ ਨਾਲ ਮੋਗਾ ਵਿੱਚ ਆਮ ਆਦਮੀ ਪਾਰਟੀ ਦੇ ਵਰਕਰਾਂ ਅਤੇ ਸਮਰਥਕਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ। ਸ਼ਰਮਾ ਨੂੰ 50 ਵਿੱਚੋਂ 31 ਕੌਂਸਲਰਾਂ ਦਾ ਸਮਰਥਨ ਮਿਲਿਆ। ਮੇਅਰ ਦੀ ਚੋਣ ਦੌਰਾਨ ਮਾਹੌਲ ਉਦੋਂ ਤਣਾਅਪੂਰਨ ਹੋ ਗਿਆ ਜਦੋਂ ਆਮ ਆਦਮੀ ਪਾਰਟੀ ਅਤੇ ਅਕਾਲੀ ਦਲ ਦੇ ਕੌਂਸਲਰਾਂ ਵਿਚਕਾਰ ਬਹਿਸ ਹੱਥੋਪਾਈ ਤੱਕ ਪਹੁੰਚ ਗਈ। ਅਕਾਲੀ ਦਲ ਅਤੇ ਕਾਂਗਰਸ ਪਾਰਟੀਆਂ ਨੇ ਇਲਜ਼ਾਮ ਲਗਾਇਆ ਕਿ ਮੌਜੂਦਾ ਸਰਕਾਰ ਨੇ ਉਨ੍ਹਾਂ ਦੇ ਕੁਝ ਕੌਂਸਲਰਾਂ ਨੂੰ ਪ੍ਰਭਾਵਿਤ ਕੀਤਾ ਹੈ। ਇਨ੍ਹਾਂ ਇਲਜ਼ਾਮਾਂ ਤੋਂ ਬਾਅਦ, ਸਾਰੇ ਅਕਾਲੀ ਦਲ ਅਤੇ ਕਾਂਗਰਸ ਕੌਂਸਲਰਾਂ ਨੇ ਚੋਣ ਪ੍ਰਕਿਰਿਆ ਦਾ ਬਾਈਕਾਟ ਕੀਤਾ ਅਤੇ ਡੀਸੀ ਮੀਟਿੰਗ ਹਾਲ ਤੋਂ ਬਾਹਰ ਨਿਕਲਦੇ ਸਮੇਂ ਇੱਕ ਦੂਜੇ ਨਾਲ ਝੜਪ ਕੀਤੀ। ਪੁਲਿਸ ਮੁਲਾਜ਼ਮਾਂ ਨੇ ਤੁਰੰਤ ਦਖਲ ਦਿੱਤਾ ਅਤੇ ਸਥਿਤੀ ਨੂੰ ਕਾਬੂ ਵਿੱਚ ਲਿਆਂਦਾ। ਇਸ ਤੋਂ ਬਾਅਦ ਚੋਣ ਪ੍ਰਕਿਰਿਆ ਪੂਰੀ ਹੋ ਗਈ। ਕਾਬਿਲੇਗੌਰ ਹੈ ਕਿ ਸਾਲ 2021 ਦੇ ਵਿੱਚ ਨਿਤੀਕਾ ਭੱਲਾ ਮੋਗਾ ਨਗਰ ਨਿਗਮ ਦੀ ਮੇਅਰ ਬਣੀ ਸੀ। ਸਾਲ 2021 ਵਿੱਚ ਕਾਂਗਰਸ ਦੇ 20 ਕੌਂਸਲਰ ਨਗਰ ਨਿਗਮ ਚੋਣ ਜਿੱਤੇ ਸੀ ਜਦਕਿ 15 ਅਕਾਲੀ ਦਲ, 4 ਆਮ ਆਦਮੀ ਪਾਰਟੀ ਦੇ ਭਾਜਪਾ ਦਾ 1 ਅਤੇ 10 ਆਜ਼ਾਦ। ਸਾਲ 2022 ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਦਿਆਂ ਹੀ ਵੱਖ ਵੱਖ ਪਾਰਟੀਆਂ ਦੇ 24 ਕੌਂਸਲਰ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋ ਗਏ। ਜਿਸ ਦੇ ਚਲਦਿਆਂ 50 ਕੌਂਸਲਰਾਂ ਵਿੱਚੋਂ 41 ਕੌਂਸਲਰ ਨੇ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਵੋਟਿੰਗ ਕੀਤੀ ਅਤੇ ਕਾਂਗਰਸ ਦੀ ਮੇਅਰ ਨੀਤੀਕਾ ਭੱਲਾ ਨੂੰ ਕੁਰਸੀ ਤੋਂ ਲਾਂਭੇ ਕੀਤਾ। ਇਸ ਤੋਂ ਇਲਾਵਾ ਸਾਲ 2022 ਵਿੱਚ ਬਲਜੀਤ ਸਿੰਘ ਚਾਨੀ ਨੂੰ ਮੋਗਾ ਨਗਰ ਨਿਗਮ ਦਾ ਮੇਅਰ ਬਣਾਇਆ ਗਿਆ ਅਤੇ ਨਵੰਬਰ 2025 ਵਿੱਚ ਅਚਾਨਕ ਬਲਜੀਤ ਸਿੰਘ ਚਾਨੀ ਨੇ ਮੇਅਰ ਦੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ। ਅਸਤੀਫੇ ਤੋਂ ਕੁਝ ਦਿਨ ਬਾਅਦ ਹੀ ਸੀਨੀਅਰ ਡਿਪਟੀ ਮੇਅਰ ਪਰਵੀਨ ਸ਼ਰਮਾ ਨੂੰ ਕਾਰਜਕਾਰੀ ਮੇਅਰ ਬਣਾਇਆ ਗਿਆ। ਇਸ ਤੋਂ ਬਾਅਦ ਕੁਝ ਵਿਰੋਧੀ ਧਿਰ ਦੇ ਕੌਂਸਲਰਾਂ ਵੱਲੋਂ ਮੇਅਰ ਦੀ ਚੋਣ ਨੂੰ ਲੈ ਕੇ ਮਾਣਯੋਗ ਹਾਈਕੋਰਟ ਵਿੱਚ ਪਟੀਸ਼ਨ ਦਾਇਰ ਕੀਤੀ। ਮਾਨਯੋਗ ਹਾਈਕੋਰਟ ਵੱਲੋਂ ਜ਼ਿਲਾ ਪ੍ਰਸ਼ਾਸਨ ਨੂੰ 31 ਜਨਵਰੀ ਤੋਂ ਪਹਿਲਾਂ ਪਹਿਲਾਂ ਮਿਹਰ ਦੀ ਚੋਣ ਕਰਵਾਉਣ ਦੇ ਨਿਰਦੇਸ਼ ਦਿੱਤੇ ਸੀ।



## ਲੌਂਗੋਵਾਲ 'ਚ ਪੁਲਿਸ ਨੇ ਦੇਰ ਰਾਤ ਚੁੱਕੇ ਧਰਨਾਕਾਰੀ ਕਿਸਾਨ, ਬਜ਼ੁਰਗਾਂ ਨਾਲ ਖਿੱਚ-ਧੂਹ, ਪੱਗਾਂ ਲੱਥੀਆਂ



**ਲੌਂਗੋਵਾਲ, 19 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸੰਗਰੂਰ ਵਿੱਚ ਦੇਰ ਰਾਤ ਪੰਜਾਬ ਪੁਲਿਸ ਵੱਲੋਂ ਧਰਨਾਕਾਰੀ ਕਿਸਾਨਾਂ ਖਿਲਾਫ਼ ਐਕਸ਼ਨ ਕੀਤੇ ਜਾਣ ਦੀ ਖ਼ਬਰ ਹੈ। ਪੁਲਿਸ ਨੇ ਕਾਰਵਾਈ ਕਰਦੇ ਹੋਏ ਲੌਂਗੋਵਾਲ 'ਚ ਡਰੇਨ ਦੇ ਪੁਲ 'ਤੇ ਕਿਸਾਨਾਂ ਵੱਲੋਂ ਧਰਨੇ ਨੂੰ ਖਤਮ ਕਰ ਦਿੱਤਾ ਹੈ। ਧਰਨਾਕਾਰੀ ਕਿਸਾਨਾਂ ਨੂੰ ਪੁਲਿਸ ਨੇ ਅੱਧੀ ਰਾਤ ਜ਼ਬਰੀ ਚੁੱਕ ਲਿਆ ਅਤੇ ਬੱਸਾਂ 'ਚ ਲੱਦ ਕੇ ਕਿਸੇ ਹੋਰ ਥਾਂ ਲੈ ਗਏ। ਜਾਣਕਾਰੀ ਅਨੁਸਾਰ, ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਦੀ ਅਗਵਾਈ ਹੇਠ ਇਹ ਧਰਨਾ ਬੀਤੇ ਦਿਨ ਮਜੀਠਾ ਵਿਖੇ ਮੁੱਖ ਮੰਤਰੀ ਭਗਵੰਤ ਮਾਨ ਦਾ ਰੈਲੀ 'ਚ ਵਿਰੋਧ ਪ੍ਰਗਟਾਉਣ ਪਹੁੰਚੇ ਕਿਸਾਨਾਂ ਨੂੰ ਪੁਲਿਸ ਵੱਲੋਂ ਹਿਰਾਸਤ ਵਿੱਚ ਲਏ ਜਾਣ ਦੇ ਵਿਰੋਧ 'ਚ ਕੀਤਾ ਜਾ ਰਿਹਾ ਸੀ, ਪਰੰਤੂ ਪੁਲਿਸ ਨੇ ਕਿਸਾਨਾਂ 'ਤੇ ਦੇਰ ਰਾਤ ਐਕਸ਼ਨ ਕਰਦੇ ਹੋਏ ਹਿਰਾਸਤ 'ਚ ਲੈ ਲਿਆ। ਇਸ ਦੌਰਾਨ ਧੱਕਾ-ਮੁੱਕੀ 'ਚ ਕਈ ਕਿਸਾਨਾਂ ਦੀਆਂ ਪੱਗਾਂ ਵੀ ਲੱਥ ਗਈਆਂ। ਇਸ ਮੌਕੇ ਕਿਸਾਨਾਂ ਨੇ ਗੱਲਬਾਤ ਦੌਰਾਨ ਦੱਸਿਆ ਕਿ ਪੁਲਿਸ ਵੱਲੋਂ ਪ੍ਰਧਾਨ ਜਸਵਿੰਦਰ ਸਿੰਘ ਲੌਂਗੋਵਾਲ ਅਤੇ ਹੋਰ ਕਿਸਾਨਾਂ ਨੂੰ ਅੱਧੀ ਰਾਤ ਜ਼ਬਰੀ ਬੱਸਾਂ 'ਚ ਚੁੱਕ ਲਿਆ ਅਤੇ ਕਿਸੇ ਹੋਰ ਥਾਂ ਲੈ ਗਏ।

ਆਵਾਜ਼ਿ ਕੌਮ
AWAZE QAUM
International Newspaper & WEB TV

## ਬਠਿੰਡਾ 'ਚ ਕਿਸਾਨਾਂ ਨੇ ਡੀਸੀ ਦਫ਼ਤਰ ਦਾ ਕੀਤਾ ਘਿਰਾਓ



**ਬਠਿੰਡਾ, 19 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਬਠਿੰਡਾ ਵਿਖੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਨੇ ਮਿੰਨੀ ਸਕੱਤਰੇਤ ਡੀਸੀ ਦਫ਼ਤਰ ਗੇਟ ਦਾ ਘਿਰਾਓ ਕੀਤਾ ਹੈ। ਕਿਸਾਨਾਂ ਨੇ ਕਿਹਾ ਕਿ ਜਦੋਂ ਤੱਕ ਸਾਡੀ ਜਾਇਜ਼ ਮੰਗ ਨਹੀਂ ਮੰਨੀ ਜਾਂਦੀ, ਉਦੋਂ ਤੱਕ ਘਿਰਾਓ ਜਾਰੀ ਰਹੇਗਾ। ਜਾਣਕਾਰੀ ਦਿੰਦੇ ਹੋਏ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਪ੍ਰਧਾਨ ਸ਼ਿੰਗਾਰਾ ਸਿੰਘ ਮਾਨ ਨੇ ਕਿਹਾ 12 ਜਨਵਰੀ ਤੋਂ ਲੈ ਕੇ ਹੁਣ ਤੱਕ ਲਗਾਤਾਰ ਧਰਨਾ ਦਿੱਤਾ ਜਾ ਰਿਹਾ ਹੈ, ਜੋ ਸਾਡੇ ਦੋ ਸਾਥੀ ਜੇਲ੍ਹ ਵਿੱਚ ਬੰਦ ਸ਼ਗਨਦੀਪ ਪੁੱਤਰ ਸੁਖਦੇਵ ਸਿੰਘ ਉਮਰ 30 ਸਾਲ ਕਰੀਬ ਪਿੰਡ ਜਿਉਂਦ ਅਤੇ ਬਲਦੇਵ ਸਿੰਘ ਪੁੱਤਰ ਮਿੱਠੂ ਸਿੰਘ ਉਮਰ ਕਰੀਬ 50 ਸਾਲ ਪਿੰਡ ਚਾਉਕੇ ਪਿਛਲੇ ਸਾਲ 5 ਅਪ੍ਰੈਲ ਨੂੰ ਪਿੰਡ ਚਾਉਕੇ ਆਦਰਸ਼ ਸਕੂਲ ਦੇ ਬਾਹਰ ਧਰਨੇ ਮਾਮਲੇ 'ਚ ਜੇਲ੍ਹ ਵਿੱਚ ਬੰਦ ਹਨ। ਸ਼ਗਨਦੀਪ ਦੇ ਮਾਤਾ ਗੁਰਮੇਲ ਕੌਰ ਦੀ ਮੌਤ ਹੋ ਚੁੱਕੀ ਹੈ, ਅਸੀਂ ਅਦਾਲਤ ਵਿੱਚ ਸ਼ਗਨਦੀਪ ਦੀ ਕੱਚੀ ਜ਼ਮਾਨਤ ਅਰਜੀ ਲਾਈ ਹੈ ਅਤੇ ਇਥੋਂ ਦਾ ਪ੍ਰਸ਼ਾਸਨ ਉਸ ਦੀ ਕੱਚੀ ਜਮਾਨਤ ਵੀ ਨਹੀਂ ਹੋਣ ਦੇ ਰਿਹਾ। ਹੁਣ ਅਸੀਂ ਅੱਜ ਹਾਈਕੋਰਟ ਵਿਖੇ ਗਏ ਹਾਂ, ਇਸ ਰੋਸ ਵਜੋਂ ਸਾਡੇ ਵੱਲੋਂ ਅੱਜ ਡੀਸੀ ਦੇ ਗੇਟ ਦਾ ਘਰਾਓ ਕੀਤਾ ਗਿਆ ਹੈ। ਸਰਕਾਰਾਂ ਹੁਣ ਲੰਬੇ ਹਮਲੇ ਉਪਰ ਆਈ ਹੋਈ ਹੈ। ਜੋ ਲੋਕ ਆਪਣੀ ਹੱਕੀ ਮੰਗਾਂ ਲਈ ਲੜਦੇ ਹਨ, ਸਰਕਾਰ ਆਵਾਜ਼ ਬੰਦ ਕਰਨਾ ਚਾਹੁੰਦੀ ਹੈ। ਕਿਉਂਕਿ ਪਿਛਲੀ ਦਿਨੇ ਹੀ ਪੱਤਰਕਾਰਾਂ 'ਤੇ ਹਮਲੇ ਕੀਤੇ ਹਨ, ਜੋ ਵੀ ਕੋਈ ਵਿਅਕਤੀ ਬੋਲਦਾ ਹੈ ਲਿਖਦਾ ਹੈ ਜਾਂ ਗਾਉਂਦਾ ਹੈ, ਲੋਕ ਪੱਖੀ ਉਹਨਾਂ ਸਭ ਦੀ ਜੁਬਾਨ ਬੰਦੀ ਕੀਤੀ ਜਾ ਰਹੀ ਹੈ। ਇਸ ਕਰਕੇ ਹੀ ਸਾਡੇ ਜੋ ਆਗੂ ਹਨ, ਉਹਨਾਂ ਨੂੰ ਜੇਲ੍ਹ 'ਚ ਬੰਦ ਕੀਤਾ ਹੋਇਆ ਹੈ। ਕਿਸਾਨ ਆਗੂਆਂ ਨੇ ਕਿਹਾ ਕਿ ਇਹ ਇਹਨਾਂ ਨੂੰ ਭਰਮ ਹੈ ਕਿ ਲੋਕ ਆਗੂਆਂ ਨੂੰ ਜੇਲਾਂ 'ਚ ਬੰਦ ਕਰਕੇ ਇਹਨਾਂ ਦੀ ਆਵਾਜ਼ ਦਬਾ ਦਿਆਂਗੇ, ਇਹ ਸੱਚ ਹੱਕ ਦੀ ਆਵਾਜ਼ ਇਸ ਤਰ੍ਹਾਂ ਨਹੀਂ ਦੱਬਦੀ। ਜਦੋਂ ਤੱਕ ਸਾਡਾ ਮਸਲਾ ਹੱਲ ਨਹੀਂ ਹੁੰਦਾ, ਅਣਮਿਥੇ ਸਮੇਂ ਦੇ ਲਈ ਇਹ ਧਰਨਾ ਜਾਰੀ ਰਹੇਗਾ।


ਘੜੀਐ ਸਬਦੁ ਸਚੀ ਟਕਸਾਲ ॥
ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਵੱਲੋਂ ਵਰੋਸਾਈ ਹੋਈ ਦਮਦਮੀ ਟਕਸਾਲ ਦੇ
ਪਹਿਲੇ ਮੁਖੀ ਅਮਰ ਸ਼ਹੀਦ ਧੰਨ ਧੰਨ ਬਾਬਾ ਦੀਪ ਸਿੰਘ ਜੀ ਦੇ
ਜਨਮ ਦਿਹਾੜੇ ਨੂੰ ਸਮਰਪਿਤ 3 ਰੋਜ਼ਾ ਗੁਰਮਤਿ ਸਮਾਗਮ
22-23-24 ਜਨਵਰੀ 2026 ਨੂੰ ਸਮੂਹ ਨੌਜਵਾਨ ਸੇਵਾਦਾਰਾਂ ਵੱਲੋਂ
ਗੁਰੂ ਨਾਨਕ ਰੋਡ, ਗੁਰਦੁਆਰਾ ਸਿੰਘ ਸਭਾ ਸਾਊਥਹਾਲ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ।
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ 020 8574 4311
Guru Nanak Road, Southall UB2 4NP
ਵਿਸ਼ੇਸ਼ ਨੋਟ
ਸ੍ਰੀ ਅਖੰਡ ਪਾਠ ਸਾਹਿਬ
ਆਰੰਭ
ਭੋਗ


!! ਪੂਜਾ ਅਕਾਲ ਕੀ !!
!! ਪਰਚਾ ਸ਼ਬਦ ਕਾ !!
!! ਦੀਦਾਰ ਖਾਲਸੇ ਕਾ !!
ਸਮੂੰਹ ਇਲਾਕਾ ਨਿਵਾਸੀਆਂ ਨੂੰ ਇਹ ਜਾਣ ਕੇ ਬੜੀ ਖੁਸ਼ੀ ਹੋਵੇਗੀ ਕਿ ਹਰ ਸਾਲ ਦੀ ਤਰ੍ਹਾਂ
ਸੱਤਵੇਂ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਹਰਿ ਰਾਏ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਅਤੇ
ਸੱਚਖੰਡ ਵਾਸੀ ਸੰਤ ਬਾਬਾ ਲਾਭ ਸਿੰਘ ਜੀ ਅਤੇ ਸੰਤ ਬਾਬਾ ਹਰੀ ਸਿੰਘ ਜੀ
ਦੇਸੂਯੋਧਾ ਵਾਲਿਆਂ ਦੀ ਮਿੱਠੀ ਯਾਦ ਨੂੰ ਸਮਰਪਿਤ
20ਵਾਂ ਸਾਲਾਨਾ ਧਾਰਮਿਕ ਸਮਾਗਮ
ਮਿਤੀ 29-30-31 ਜਨਵਰੀ 2026
ਦਿਨ ਵੀਰਵਾਰ, ਸ਼ੁੱਕਰਵਾਰ ਅਤੇ ਸ਼ਨੀਵਾਰ
ਸਮਾਂ : ਸਵੇਰੇ 11 ਵਜੇ ਤੋਂ 2 ਵਜੇ ਤੱਕ
ਸਥਾਨ : ਪਿੰਡ ਜੋਗੇਵਾਲਾ
ਕੋਠੇ ਹਰਿ ਰਾਏ ਸਾਹਿਬ ਜੀ
ਨੇੜੇ ਡੱਬਵਾਲੀ ਮੰਡੀ ਸਿਰਸਾ ਵਿਖੇ
ਮਿਤੀ 31 ਜਨਵਰੀ, 3 ਵਜੇ ਅੰਮ੍ਰਿਤ ਸੰਚਾਰ ਵੀ ਹੋਵੇਗਾ
ਅੰਬੈਸਡਰ ਫਾਰ ਪੀਸ
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ
ਸੰਤ ਬਾਬਾ ਬੂਟਾ ਸਿੰਘ ਗੁਰਥੜੀ ਵਾਲੇ,
ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਜੱਥਾ ਗੁਰਦੁਆਰਾ ਦਾਦੂ ਸਾਹਿਬ, ਬਾਬਾ ਜਸਵਿੰਦਰ ਸਿੰਘ ਤਿਉਣਾ ਵਾਲੇ
ਗੁਰਬਾਣੀ ਕਥਾ ਕੀਰਤਨ ਦੁਆਰਾ ਸਿੱਖ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਨਗੇ।
ਸਰਬੱਤ ਸੰਗਤਾਂ ਸਮੇਂ ਸਿਰ ਹਾਜ਼ਰੀ ਭਰ ਕੇ ਗੁਰਬਾਣੀ ਕਥਾ ਕੀਰਤਨ ਦਾ ਲਾਹਾ ਪ੍ਰਾਪਤ ਕਰੋ ਜੀ।
ਬੇਨਤੀ ਕਰਤਾ -
ਸਮੂੰਹ ਸਾਧ ਸੰਗਤ, ਪਿੰਡ ਜੋਗੇਵਾਲਾ, ਨੇੜੇ ਡੱਬਵਾਲੀ, ਸਿਰਸਾ
86840-10671, 94167-69745, 95887-20116
94679-08015, 87088-48139







**ਆਵਾਜ਼ਿ ਕੌਮ**

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243




**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ ’ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ



# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★









SANJHA PUNJAB
VEG & NON-VEG INDIAN
TAKE AWAY MENU

0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com

0784 102 9416

SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com

ALLERGY ADVICE !!
Please ask a member of staff if you have any food intolerance or allergies.


ਆਵਾਜ਼ਿ ਕੌਮ
AWAZE QAUM
International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway
Crossing, Maqsudan
Jalandhar-144 008

**Contact :**
**98150-83338**
**70879-59639**



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'

### ਗਿਆਨੀ ਗੜਗੱਜ ਨੂੰ ਅਹੁਦੇ ਤੋਂ ਹਟਾ ਕੇ

# ਕਿਸੇ ਸਿਧਾਂਤਕ ਪਰਪੱਕਤਾ ਵਾਲੇ ਗੁਰਸਿੱਖ ਨੂੰ ਸਥਾਈ ਜਥੇਦਾਰ ਨਿਯੁਕਤ ਕੀਤਾ ਜਾਵੇ

- ਪੰਜ ਸਿੰਘ ਸਾਹਿਬਾਨਾਂ ਦੇ ਫ਼ੈਸਲੇ ਨੂੰ ਇਕੱਲੇ ਜਥੇਦਾਰ ਵੱਲੋਂ ਰੱਦ ਕਰਨਾ ਪੰਥਕ ਪ੍ਰਣਾਲੀ ’ਤੇ ਸਿੱਧਾ ਹਮਲਾ: ਪ੍ਰੋ. ਸਰਚਾਂਦ ਸਿੰਘ ਖਿਆਲਾ।
- ਗਿਆਨੀ ਗੜਗੱਜ ਤੋਂ ਗੈਰ-ਸਿਧਾਂਤਕ ਕਾਰਵਾਈਆਂ ਬਾਰੇ ਜਵਾਬ ਤਲਬੀ ਦੀ ਸ਼੍ਰੋਮਣੀ ਕਮੇਟੀ ਪ੍ਰਧਾਨ ਨੂੰ ਪੱਤਰ ਰਾਹੀਂ ਕੀਤੀ ਅਪੀਲ।
- ਗਿਆਨੀ ਗੜਗੱਜ ਨੂੰ ਅਹੁਦੇ ਤੋਂ ਹਟਾ ਕੇ ਕਿਸੇ ਸਿਧਾਂਤਕ ਪਰਪੱਕਤਾ ਵਾਲੇ ਗੁਰਸਿੱਖ ਨੂੰ ਸਥਾਈ ਜਥੇਦਾਰ ਨਿਯੁਕਤ ਕੀਤਾ ਜਾਵੇ



**ਅੰਮ੍ਰਿਤਸਰ, 19 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸਿੱਖ ਚਿੰਤਕ ਅਤੇ ਭਾਜਪਾ ਪੰਜਾਬ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੰਜ ਸਿੰਘ ਸਾਹਿਬਾਨ ਵੱਲੋਂ ਯੂ.ਕੇ. ਨਾਲ ਸੰਬੰਧਿਤ ਮਨਵੀਰ ਸਿੰਘ ਮੰਨਾ ਪ੍ਰਤੀ ਲਗਾਈ ਗਈ ਰੋਕ ਸੰਬੰਧੀ ਜਾਰੀ ਆਦੇਸ਼ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਮਨਮਰਜ਼ੀ ਨਾਲ ਹਟਾਉਣ ਨੂੰ ਪੰਥਕ ਪ੍ਰਣਾਲੀ ਨੂੰ ਢਾਹ ਲਾਉਣ ਦੇ ਬਰਾਬਰ ਕਰਾਰ ਦਿੱਤਾ।

ਉਨ੍ਹਾਂ ਗਿਆਨੀ ਗੜਗੱਜ ਵੱਲੋਂ ਲਗਾਤਾਰ ਕੀਤੇ ਜਾ ਰਹੇ ਗੈਰ-ਸਿਧਾਂਤਕ, ਆਪਹੁਦਰੇ ਅਤੇ ਮਰਯਾਦਾ ਵਿਰੋਧੀ ਕਦਮਾਂ ’ਤੇ ਚਿੰਤਾ ਪ੍ਰਗਟ ਕਰਦਿਆਂ ਇਸ ਨੂੰ ਪੰਥਕ ਸੰਸਥਾਵਾਂ ਦੀ ਸਰਵਉੱਚਤਾ ’ਤੇ ਸਿੱਧਾ ਹਮਲਾ ਕਿਹਾ। ਪ੍ਰੋ. ਖਿਆਲਾ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਨੂੰ ਅਪੀਲ ਕੀਤੀ ਕਿ ਉਹ ਅਕਾਲ ਤਖ਼ਤ ਸਾਹਿਬ ਦੀ ਮਰਯਾਦਾ ਦੀ ਰੱਖਿਆ ਲਈ ਤੁਰੰਤ ਦਖ਼ਲ ਦੇਣ, ਗਿਆਨੀ ਗੜਗੱਜ ਤੋਂ ਗੈਰ-ਸਿਧਾਂਤਕ ਕਾਰਵਾਈਆਂ ਬਾਰੇ ਜਵਾਬ ਤਲਬ ਕੀਤਾ ਜਾਵੇ ਅਤੇ ਉਨ੍ਹਾਂ ਨੂੰ ਅਹੁਦੇ ਤੋਂ ਹਟਾ ਕੇ ਕਿਸੇ ਸਿਧਾਂਤਕ ਪਰਪੱਕਤਾ ਵਾਲੇ ਗੁਰਸਿੱਖ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਸਥਾਈ ਜਥੇਦਾਰ ਨਿਯੁਕਤ ਕੀਤਾ ਜਾਵੇ।

ਵਿਚਾਰ ਆਪੋ-ਆਪਣਾ

ਪ੍ਰੋ. ਖਿਆਲਾ ਨੇ ਕਿਹਾ ਕਿ 6 ਦਸੰਬਰ 2022 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੰਜ ਸਿੰਘ ਸਾਹਿਬਾਨ ਵੱਲੋਂ ਜਾਰੀ ਸਪਸ਼ਟ ਆਦੇਸ਼ ਅਨੁਸਾਰ ਯੂ.ਕੇ. ਦੀ ਅਖੌਤੀ ਸਤਿਕਾਰ ਕਮੇਟੀ ਦੇ ਮੁਖੀ ਮਨਵੀਰ ਸਿੰਘ ਮੰਨਾ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਦੇ ਨਾਮ ’ਤੇ ਮਰਯਾਦਾ ਵਿਹੂਣੇ ਕੰਮ ਕਰਨ ਅਤੇ ਸੰਗਤਾਂ ਨੂੰ ਗੁਮਰਾਹ ਕਰਨ ਦੇ ਦੋਸ਼ਾਂ ਹੇਠ ਦੋਸ਼ੀ ਕਰਾਰ ਦਿੱਤਾ ਗਿਆ ਸੀ ਅਤੇ ਸੰਗਤਾਂ ਨੂੰ ਉਸ ਨਾਲ ਕਿਸੇ ਵੀ ਤਰ੍ਹਾਂ ਦਾ ਸਹਿਯੋਗ ਨਾ ਕਰਨ ਦੇ ਹੁਕਮ ਜਾਰੀ ਕੀਤੇ ਗਏ ਸਨ।

ਉਨ੍ਹਾਂ ਕਿਹਾ ਕਿ ਹੈਰਾਨੀਜਨਕ ਤੌਰ ’ਤੇ ਹੁਣ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਬਿਨਾਂ ਪੰਜ ਸਿੰਘ ਸਾਹਿਬਾਨਾਂ ਦੀ ਇਕੱਤਰਤਾ ਬੁਲਾਏ, ਬਿਨਾਂ ਦੋਸ਼ੀ ਦੀ ਤਖ਼ਤ ਸਾਹਿਬ ’ਤੇ ਤਲਬ ਕੀਤੇ ਅਤੇ ਬਿਨਾਂ ਕਿਸੇ ਪੰਥਕ ਪ੍ਰਵਾਨਗੀ ਦੇ, ਉਸੇ ਮਨਵੀਰ ਸਿੰਘ ਦੇ ਹੱਕ ਵਿੱਚ ਉਸ ਦੇ ਖ਼ਿਲਾਫ਼ ਯੂ.ਕੇ. ਦੀ ਅਦਾਲਤ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ‘ਕਥਿਤ’ ਚੋਰੀ ਦੇ ਚੱਲ ਰਹੇ ਕੇਸ ਵਿਚ ਸਮੂਹ ਸਿੱਖ ਸੰਗਤਾਂ ਅਤੇ ਗੁਰਦੁਆਰਾ ਕਮੇਟੀਆਂ ਨੂੰ “ਪੂਰਨ ਸਹਿਯੋਗ” ਦੇਣ ਦੇ ਆਦੇਸ਼ ਜਾਰੀ ਕਰ ਦਿੱਤੇ ਗਏ ਹਨ, ਜੋ ਪੰਥਕ ਪਰੰਪਰਾਵਾਂ ਦੀ ਖੁੱਲ੍ਹੀ ਉਲੰਘਣਾ ਹੈ।

ਪ੍ਰੋ. ਖਿਆਲਾ ਨੇ ਸਵਾਲ ਉਠਾਇਆ ਕਿ ਕੀ ਪੰਜ ਸਿੰਘ ਸਾਹਿਬਾਨਾਂ ਵੱਲੋਂ ਜਾਰੀ ਕੀਤਾ ਗਿਆ ਅਹਿਮ ਪੰਥਕ ਫ਼ੈਸਲਾ ਇਕੱਲਾ ਜਥੇਦਾਰ ਆਪਣੀ ਮਰਜ਼ੀ ਨਾਲ ਬਦਲ ਸਕਦਾ ਹੈ? ਕੀ ਇਹ ਪੰਜ-ਪ੍ਰਧਾਨੀ ਸੰਸਥਾ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਦਾ ਸਿੱਧਾ ਅਪਮਾਨ ਨਹੀਂ? ਜੇ 2022 ਦੀ ਪੜਤਾਲ “ਪੱਖਪਾਤੀ” ਸੀ ਤਾਂ ਉਸ ਪੜਤਾਲ ਕਰਨ ਵਾਲੀ ਸਬ-ਕਮੇਟੀ ਖ਼ਿਲਾਫ਼ ਅੱਜ ਤੱਕ ਕੀ ਕਾਰਵਾਈ ਕੀਤੀ ਗਈ? ਬਿਨਾਂ ਦੋਸ਼ੀ ਨੂੰ ਤਖ਼ਤ ਸਾਹਿਬ ’ਤੇ ਤਲਬ ਕੀਤੇ ਉਸ ਦੇ ਹੱਕ ਵਿੱਚ ਫ਼ੈਸਲੇ ਲੈਣਾ ਕੀ ਅਕਾਲ ਤਖ਼ਤ ਸਾਹਿਬ ਦੇ ਮਾਣ-ਸਤਿਕਾਰ ਨੂੰ ਢਾਹ ਲਾਉਣ ਦੇ ਬਰਾਬਰ ਨਹੀਂ?

ਉਨ੍ਹਾਂ ਇਹ ਵੀ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਤਲਬ ਕਰਨ ਵੇਲੇ ਗਿਆਨੀ ਗੜਗੱਜ ਵੱਲੋਂ ਅਕਾਲ ਤਖ਼ਤ ਸਕੱਤਰੇਤ ਨੂੰ ਵੱਖਰਾ ਦੱਸਣ ਦੀ ਦਲੀਲ ਅੱਜ ਸਕੱਤਰੇਤ ਵੱਲੋਂ ਜਾਰੀ ਆਦੇਸ਼ਾਂ ਦੀ ਪ੍ਰਮਾਣਿਕਤਾ ’ਤੇ ਹੋਰ ਵੱਡੇ ਸਵਾਲ ਖੜੇ ਕਰਦੀ ਹੈ।

ਪ੍ਰੋ. ਸਰਚਾਂਦ ਸਿੰਘ ਨੇ ਇਸ ਮਾਮਲੇ ਦੇ ਪਿਛੋਕੜ ਬਾਰੇ ਦੱਸਿਆ ਕਿ ਬਰਤਾਨੀਆ ਦੀਆਂ ਗੁਰਦੁਆਰਾ ਸਾਹਿਬਾਨ ਦੀਆਂ ਪ੍ਰਬੰਧਕ ਕਮੇਟੀਆਂ, ਪੰਥਕ ਜਥੇਬੰਦੀਆਂ ਅਤੇ ਸਿੱਖ ਪ੍ਰਚਾਰਕਾਂ ਵੱਲੋਂ 2022 ਵਿੱਚ ਜੂਨ ਮਹੀਨੇ ਦੇ ਪਹਿਲੇ ਹਫ਼ਤੇ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਮਨਵੀਰ ਸਿੰਘ ਦੇ ਖ਼ਿਲਾਫ਼ ਸ਼ਿਕਾਇਤ ਪੱਤਰ ਦਿੱਤਾ ਗਿਆ ਸੀ। ਇਸ ਤੋਂ ਪਹਿਲਾਂ 29 ਮਈ 2022 ਨੂੰ ਯੂ.ਕੇ. ਦੇ ਗੁਰਦੁਆਰਾ ਬਾਬਾ ਸੰਗ ਜੀ ਵਿਖੇ ਪੰਥਕ ਇਕੱਠ ਕੀਤਾ ਗਿਆ ਸੀ, ਜਿੱਥੇ ਮਨਵੀਰ ਸਿੰਘ ਮੰਨਾ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ’ਤੇ ਪੰਛੀਆਂ ਦੇ ਚਿੱਤਰ ਬਣਾਉਣ, ਟਰੈਕਰ ਲਗਾਉਣ, ਸਤਿਕਾਰ ਕਮੇਟੀ ਦੀਆਂ ਮੋਹਰਾਂ ਲਗਾਉਣ ਅਤੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪਾਂ ਦੀ ਕਟਰ ਰਾਹੀਂ ਬੇਢੰਗੀ ਕਟਿੰਗ ਕਰਨ (ਜਿਨ੍ਹਾਂ ਨੂੰ ਹੁਣ ਪ੍ਰਕਾਸ਼ ਨਹੀਂ ਕੀਤਾ ਜਾ ਸਕਦਾ) ਵਰਗੀਆਂ ਘਟਨਾਵਾਂ ’ਤੇ ਵਿਚਾਰ ਕੀਤਾ ਗਿਆ।

ਇਸ ਤੋਂ ਇਲਾਵਾ, ਉਸ ਵੱਲੋਂ ਗੁਰਦੁਆਰਾ ਬਾਬਾ ਸੰਗ ਜੀ ਵਿਖੇ ਚਲਦੇ ਸ੍ਰੀ ਅਖੰਡ ਪਾਠ ਸਾਹਿਬ ਦੌਰਾਨ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਹੇਠੋਂ ਗੱਦੀਆਂ ਕੱਢ ਕੇ ਮਰਯਾਦਾ ਦੀ ਗੰਭੀਰ ਉਲੰਘਣਾ ਕਰਨ ਦੇ ਮਾਮਲੇ ਵੀ ਸਾਹਮਣੇ ਆਏ। ਸੰਗਤ ਨੇ ਮਨਵੀਰ ਸਿੰਘ ਉਰਫ਼ ਮੰਨਾ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਬੇਅਦਬੀ ਲਈ ਦੋਸ਼ੀ ਮੰਨਿਆ ਅਤੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਗੁਰਮਤਿ ਮਰਯਾਦਾ ਅਨੁਸਾਰ ਕਾਰਵਾਈ ਕਰਨ ਦੀ ਅਪੀਲ ਕੀਤੀ ਸੀ।

### ਜੱਗੀ ਜੋਹਲ, ਬੱਗਾ, ਸ਼ੇਰਾ ਅਤੇ ਹੋਰਾਂ ਨੂੰ ਦਿੱਲੀ ਅਦਾਲਤ ਵਿਚ

# ਵੀਡੀਓ ਕਾਨਫਰੰਸ ਰਾਹੀਂ ਕੀਤਾ ਗਿਆ ਪੇਸ਼



ਨਵੀਂ ਦਿੱਲੀ 19 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਆਰਐਸਐਸ ਕਾਰਕੁਨ੍ਹਾਂ ਦੇ ਹੋਏ ਲੜੀਵਾਰ ਕਤਲ ਮਾਮਲੇ ਵਿਚ ਨਾਮਜਦ ਕੀਤੇ ਗਏ ਜਗਤਾਰ ਸਿੰਘ ਜੋਹਲ (ਯੂਕੇ ਨਿਵਾਸੀ), ਰਮਨਦੀਪ ਸਿੰਘ ਬੱਗਾ, ਹਰਦੀਪ ਸਿੰਘ ਸ਼ੇਰਾ, ਧਰਮਿੰਦਰ ਸਿੰਘ ਗੁਗਨੀ ਅਤੇ ਹੋਰਾਂ ਨੂੰ ਦਿੱਲੀ ਦੀ ਪਟਿਆਲਾ ਹਾਊਸ ਵਿਖ਼ੇ ਐਨਆਈਏ ਅਦਾਲਤ ਵਿਚ ਵੀਡੀਓ ਕਾਨਫਰੰਸ ਰਾਹੀਂ ਪੇਸ਼ ਕੀਤਾ ਗਿਆ। ਇਸ ਬਾਰੇ ਸਿੰਘਾਂ ਵਲੋਂ ਵੀਡੀਓ ਕਾਨਫਰੰਸ ਰਾਹੀਂ ਪੇਸ਼ ਹੋਏ ਪੰਥਕ ਵਕੀਲ ਭਾਈ ਜਸਪਾਲ ਸਿੰਘ ਮੰਝਪੁਰ ਨੇ ਦਸਿਆ ਕਿ ਅਦਾਲਤ ਅੰਦਰ ਚਲੇ ਮਾਮਲੇ ਵਿਚ ਭਾਈ ਸ਼ੇਰੇ ਵਿਰੁੱਧ ਪੁਲਿਸ ਵਲੋਂ ਸੀਸੀਟੀਵੀ ਦੀ ਸੀਡੀ ਨੂੰ ਅਦਾਲਤ ਅੰਦਰ ਪੇਸ਼ ਕਰਣ ਨਾਲ ਇਕ ਗਵਾਹ ਦੀ ਗਵਾਹੀ ਹੋਈ ਹੈ। ਉਨ੍ਹਾਂ ਦਸਿਆ ਕਿ ਅਦਾਲਤ ਅੰਦਰ ਚਲ ਰਹੇ 8 ਮਾਮਲਿਆਂ ਵਿੱਚ 1 ਸਰਕਾਰੀ ਗਵਾਹ ਜੋ ਕਿ ਅਦਾਲਤ ਅੰਦਰ ਪੇਸ਼ ਹੋਇਆ ਸੀ ਅਤੇ ਭਾਈ ਹਰਦੀਪ ਸਿੰਘ ਸ਼ੇਰੇ ਨਾਲ ਸੰਬੰਧਿਤ ਸੀ, ਤੋਂ ਪੂਰੀ ਤਰ੍ਹਾਂ ਪੁੱਛਗਿੱਛ ਕੀਤੀ ਗਈ ਅਤੇ 1 ਗਵਾਹ ਅਦਾਲਤ ਅੰਦਰ ਹਾਜ਼ਰ ਨਹੀਂ ਹੋਇਆ ਸੀ। ਅਦਾਲਤ ਅੰਦਰ ਚਲ ਰਹੇ ਮਾਮਲੇ ਦੀ ਅਗਲੀ ਸੁਣਵਾਈ ਲਈ 4 ਅਤੇ 6 ਫਰਵਰੀ ਮੁਕਰਰ ਕਰ ਦਿੱਤੀ ਗਈ। ਇਥੇ ਦਸਣਯੋਗ ਹੈ ਕਿ ਪੱਤਰਕਾਰ ਗੌਰੀ ਲੰਕੇਸ਼ ਦੇ ਕਤਲ ਕੇਸ ਦੇ ਦੋਸ਼ੀ ਸ਼੍ਰੀਕਾਂਤ ਪੰਗਾਰਕਰ ਨੇ ਬੀਤੇ ਦਿਨੀਂ ਮਹਾਰਾਸ਼ਟਰ ਨਗਰ ਨਿਗਮ ਦੀਆਂ ਚੋਣਾਂ ਜਿੱਤੀਆਂ ਹਨ ਜਦਕਿ ਪੰਗਾਰਕਰ ਨੂੰ ਗੋਲਾ ਬਾਰੂਦ, ਕੱਚੇ ਬੰਬਾਂ ਦੀ ਤਸਕਰੀ ਅਤੇ ਜਾਸੂਸੀ ਕਰਨ ਦੇ ਦੋਸ਼ਾਂ ਅਧੀਨ ਗ੍ਰਿਫਤਾਰ ਕੀਤਾ ਗਿਆ ਸੀ। ਲਗਭਗ ਛੇ ਸਾਲਾਂ ਤੋਂ ਇਹ ਜੇਲ੍ਹ ਵਿੱਚ ਬੰਦ ਸੀ ਅਤੇ ਮੁਕੱਦਮਾ ਪੂਰਾ ਹੋਣ ਦੀ ਸੰਭਾਵਨਾ ਨਹੀਂ ਦਸਦਿਆਂ ਇਸਨੂੰ ਜਮਾਨਤ ਦੇ ਦਿੱਤੀ ਗਈ। ਹੁਣ ਗੱਲ ਕਰਦੇ ਹਾਂ ਬ੍ਰਿਟਿਸ਼ ਨਾਗਰਿਕ ਜਗਤਾਰ ਸਿੰਘ ਉਰਫ ਜੱਗੀ ਜੋਹਲ ਦੀ ਓਸ ਨੇ ਨਾ ਕੌਈ ਕਤਲ ਕੀਤਾ ਨਾ ਕੌਈ ਜਾਸੂਸੀ ਕੀਤੀ ਸਿਰਫ ਇਕ ਵੈਬ ਸਾਈਟ ਚਲਾ ਕੇ ਸਿੱਖਾਂ ਦੇ ਕਤਲਾਂ ਨੂੰ ਉਜਾਗਰ ਕੀਤਾ ਅਤੇ ਹਿੰਦੁਸਤਾਨ ਵਿਚ 7-8 ਹਜਾਰ ਰੁਪਏ ਨਾਲ ਕਿਸੇ ਦੀ ਮਦਦ ਕੀਤੀ ਸੀ ਤੇ ਇਸ ਬਿਨਾਂ ਤੇ ਓਸਨੂੰ ਜਦੋ ਓਹ ਹਿੰਦੁਸਤਾਨ ਵਿਚ ਵਿਆਹ ਕਰਵਾਉਣ ਆਇਆ ਵਿਆਹ ਤੋਂ ਦੂਜੇ ਦਿਨ ਡੱਕ ਦਿੱਤਾ ਤੇ ਹੁਣ ਓਸ ਨੂੰ 2999 ਦਿਨ ਹੋ ਗਏ ਹਨ ਅਤੇ ਅੱਜ ਅਦਾਲਤ ਅੰਦਰ ਓਸਦੀ 53 ਵੀ ਟ੍ਰਾਇਲ ਪੇਸ਼ੀ ਸੀ ਪਰ ਓਸ ਨੂੰ ਜਮਾਨਤ/ਪੈਰੋਲ/ਫਰਲੋ ਦੇਣੀ ਤਾਂ ਦੂਰ ਓਸ ਦੇ ਸਹੁਰਾ ਸਾਹਿਬ ਤਕ ਦੀ ਮੁਲਾਕਾਤ ਨਹੀਂ ਕਰਣ ਦਿੱਤੀ ਜਾਂਦੀ ਹੈ।

**ਜੱਗੀ ਜੋਹਲ ਦੀ ਬੰਦੀ ਨੂੰ ਪੂਰੇ ਹੋਏ 2999 ਦਿਨ**

## ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਨੂੰ ਕੀਤਾ ਸਨਮਾਨਿਤ ਅਤੇ ਦਿੱਤੀਆਂ ਵਧਾਈਆਂ



**ਚੌਕ ਮਹਿਤਾ,19 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸ਼ਮਾ ਨੂੰ ਪੰਜਾਬ ਟ੍ਰੇਡ ਕਮਿਸ਼ਨ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਤੋ ਲੱਗਣ ਤੇ ਹਲਕਾ ਜੰਡਿਆਲਾ ਗੁਰੂ ਤੋਂ ਸੀਨੀਅਰ ਲੀਡਰ ਸਾਬਕਾ ਚੇਅਰਮੈਨ ਸ੍ਰ ਪਰਮਜੀਤ ਸਿੰਘ ਸੰਧੂ ਮਹਿਤਾ , ਡੀ ਐਸ ਪੀ ਸ੍ਰ ਕੁਲਵੰਤ ਸਿੰਘ ਮਹਿਤਾ , ਸੈਕਟਰੀ ਗੁਰਦੀਪ ਸਿੰਘ ਕਾਲਾ ਨੰਗਲੀ ,ਠੇਕੇਦਾਰ ਸ੍ਰ ਲਖਵਿੰਦਰ ਸਿੰਘ ਸਰਪੰਚ ਦੇ ਗ੍ਰਹਿ ਜਲਾਲ ਉਸ਼ਮਾ ਵਿੱਖੇ ਪਹੁੰਚ ਕੇ ਹਰਜਿੰਦਰ ਸਿੰਘ ਰੰਧਾਵਾ ਦਾ ਮਾਣ ਸਨਮਾਨ ਕੀਤਾ ਅਤੇ ਮੁਬਾਰਕਬਾਦ ਦਿੱਤੀ ਅਤੇ ਆਮ ਆਦਮੀ ਪਾਰਟੀ ਪੰਜਾਬ ਦੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਪੰਜਾਬ ਸਰਕਾਰ ਅਤੇ ਸ੍ਰ ਹਰਭਜਨ ਸਿੰਘ ਈਟੀਊ ਕੈਬਨਿਟ ਮੰਤਰੀ ਪੰਜਾਬ ਦਾ ਧੰਨਵਾਦ ਕੀਤਾ ਜਿਨ੍ਹਾਂ ਨੇ ਆਮ ਆਦਮੀ ਪਾਰਟੀ ਦੇ ਸੀਨੀਅਰ ਲੀਡਰ, ਇਮਾਨਦਾਰ ਅੱਗੇ ਵੀ ਬਹੁਤ ਸਾਰੇ ਅਹੁਦਿਆਂ ਤੇ ਸੇਵਾ ਨਿਭਾ ਰਹੇ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਨੂੰ ਚੇਅਰਮੈਨ ਥਾਪਿਆ ਗਿਆ ਅਤੇ ਇਨ੍ਹਾਂ ਲੀਡਰਾਂ ਨੇ ਰੰਧਾਵਾ ਦੀ ਚੜਦੀਕਲ ?ਾ ਲਈ ਅਰਦਾਸ ਬੇਨਤੀ ਕੀਤੀ ਅਤੇ ਧੰਨਵਾਦ ਵੀ ਕੀਤਾ ਇਸ ਮੌਕੇ ਤੇ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਕਿਹਾ ਕੇ ਜੋ ਪਾਰਟੀ ਨੇ ਮੈਨੂੰ ਨਵੀ ਜਿੰਮੇਵਾਰੀ ਦਿੱਤੀ ਹੈ ਮੈ ਉਸ ਨੂੰ ਤਨਦੇਹੀ ਨਾਲ ਨਿਭਾਵਾਂਗੇ ਤੇ ਹਰ ਟਾਇਮ ਪਾਰਟੀ ਦੀ ਸੇਵਾ ਵਿੱਚ ਹਾਜ਼ਰ ਰਹਾਂਗਾ ਇਸ ਮੌਕੇ ਤੇ ਆਏ ਹੋਏ ਸੀਨੀਅਰ ਆਗੂਆਂ ਦਾ ਧੰਨਵਾਦ ਕੀਤਾ।

## ਆਮ ਆਦਮੀ ਪਾਰਟੀ ਨੇ ਬਲਵਿੰਦਰ ਸਿੰਘ ਹਠੂਰ ਨੂੰ ਸੋਸ਼ਲ ਮੀਡੀਆ ਬਲਾਕ ਪ੍ਰਧਾਨ ਨਿਯੁਕਤ ਕੀਤਾ, ਬੀਬੀ ਸਰਵਜੀਤ ਕੌਰ ਮਾਣੂੰਕੇ ਅਤੇ ਸਮੁੱਚੀ ਹਾਈ ਕਮਾਂਡ ਦਾ ਧੰਨਵਾਦ : ਬਲਵਿੰਦਰ ਸਿੰਘ ਹਠੂਰ

**ਜਗਰਾਉਂ, (ਵਰਿਆਮ ਹਠੂਰ)**-ਆਮ ਆਦਮੀ ਪਾਰਟੀ ਲਈ ਬੜੇ ਲੰਬੇ ਸਮੇਂ ਤੋਂ ਮਿਹਨਤ ਕਰਨ ਵਾਲੇ ਯੂਥ ਆਗੂ ਬਲਵਿੰਦਰ ਸਿੰਘ ਹਠੂਰ ਨੂੰ ਪਾਰਟੀ ਵੱਲੋਂ ਵਿਧਾਨ ਸਭਾ ਹਲਕਾ ਜਗਰਾਉਂ ਤੋਂ ਸੋਸ਼ਲ ਮੀਡੀਆ ਬਲਾਕ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਤੇ ਨਿਯੁਕਤੀ ਪਿੱਛੋਂ ਹਲਕਾ ਜਗਰਾਉਂ ਦੇ ਵਲੰਟੀਅਰਾਂ ਵਿੱਚ ਖੁਸ਼ੀ ਦੀ ਲਹਿਰ ਹੈ। ਆਮ ਆਦਮੀ ਪਾਰਟੀ ਦੇ ਵਲੰਟੀਅਰਾਂ ਵੱਲੋਂ ਬਲਵਿੰਦਰ ਸਿੰਘ ਹਠੂਰ ਨੂੰ ਸੋਸ਼ਲ ਮੀਡੀਆ ਬਲਾਕ ਪ੍ਰਧਾਨ ਬਣਨ ਤੇ ਮੁਬਾਰਕਾਂ ਦਿੱਤੀਆਂ ਜਾ ਰਹੀਆਂ ਹਨ। ਗੱਲਬਾਤ ਕਰਦਿਆਂ ਯੂਥ ਆਗੂ ਤੇ ਸੋਸ਼ਲ ਮੀਡੀਆ ਬਲਾਕ ਪ੍ਰਧਾਨ ਬਲਵਿੰਦਰ ਸਿੰਘ ਹਠੂਰ ਨੇ ਕਿਹਾ ਕਿ ਮੈਂ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ, ਮਾਣਯੋਗ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ, ਪੰਜਾਬ ਮਾਮਲਿਆਂ ਦੇ ਇੰਚਾਰਜ ਸ੍ਰੀ ਮਨੀਸ਼ ਸਿਸੋਦੀਆ, ਹਲਕਾ ਜਗਰਾਉਂ ਦੇ ਵਿਧਾਇਕਾ ਸਰਵਜੀਤ ਕੌਰ ਮਾਣੂੰਕੇ, ਪ੍ਰੋਫੈਸਰ ਸੁਖਵਿੰਦਰ ਸਿੰਘ ਜੀ ਅਤੇ ਸਮੁੱਚੀ ਹਾਈ ਕਮਾਂਡ ਦਾ ਦਿਲ ਦੀਆਂ ਗਹਿਰਾਈਆਂ ਵਿੱਚੋਂ ਧੰਨਵਾਦ ਕਰਦਾ ਹਾਂ। ਜਿਨਾਂ ਨੇ ਮੇਰੀਆਂ ਪਾਰਟੀ ਪ੍ਰਤੀ ਸੇਵਾਵਾਂ ਤੇ ਲਗਨ ਨੂੰ ਵੇਖਦੇ ਹੋਏ, ਵਿਧਾਨ ਸਭਾ ਹਲਕਾ ਜਗਰਾਉਂ ਤੋ “ਸੋਸ਼ਲ ਮੀਡੀਆ ਬਲਾਕ ਪ੍ਰਧਾਨ” ਨਿਯੁਕਤ ਕਰਕੇ ਮਾਣ ਬਖਸ਼ਿਆ ਹੈ। ਮੈਂ ਪਾਰਟੀ ਨੂੰ ਪੂਰਨ ਭਰੋਸਾ ਦਿਵਾਉਂਦਾ ਹੈ ਕਿ ਜੋ ਜ਼ਿੰਮੇਵਾਰੀ ਮੈਨੂੰ ਸੌਂਪੀ ਗਈ ਹੈ। ਉਸ ਨੂੰ ਮਿਹਨਤ ਅਤੇ ਇਮਾਨਦਾਰੀ ਨਾਲ ਨਿਭਾਵਾਂਗਾ, ਮਾਣੂੰਕੇ ਜੋਨ ਤੋਂ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਬੀਬੀ ਸ਼ਹਿਰੀਨ ਕੌਰ ਖਾਲਸਾ, ਕਥਾਵਾਚਕ ਭਾਈ ਗੁਰਜੰਟ ਸਿੰਘ ਖਾਲਸਾ (ਰਸੂਲਪੁਰ ਵਾਲੇ) ਬਲਾਕ ਪ੍ਰਧਾਨ ਤਰਸੇਮ ਸਿੰਘ ਹਠੂਰ, ਬਲਾਕ ਸੰਮਤੀ ਮੈਂਬਰ ਪ੍ਰਮਿੰਦਰ ਸਿੰਘ ਹਠੂਰ, ਬਲਾਕ ਸੰਮਤੀ ਮੈਂਬਰ ਪ੍ਰਮਿੰਦਰ ਸਿੰਘ ਭਾਂਬੜ ਮਾਣੂੰਕੇ, ਪ੍ਰਧਾਨ ਕਵੀਸ਼ਰ ਵਾਹਿਗੁਰੂ ਪਾਲ ਸਿੰਘ ਬੁਰਜ ਕਲਾਰਾ, ਸੁਖਚੈਨ ਸਿੰਘ ਚੈਨਾ ਹਠੂਰ, ਨੇ ਬਲਵਿੰਦਰ ਸਿੰਘ ਹਠੂਰ ਨੂੰ ਸੋਸ਼ਲ ਮੀਡੀਆ ਬਲਾਕ ਪ੍ਰਧਾਨ ਨਿਯੁਕਤ ਕਰਨ ਤੇ ਵਧਾਈਆਂ ਦਿੱਤੀਆਂ।



## ਆਜ਼ਾਦੀ ਘੁਲਾਟੀਏ ਉੱਤਰਾਧਿਕਾਰੀ ਸੰਸਥਾ ਦੇ ਆਗੂ ਹੋਏ ਇਕੱਠੇ



ਫ਼ਿਰੋਜ਼ਪੁਰ, 19 ਜਨਵਰੀ (ਮਨੋਹਰ ਲਾਲ) :— ਆਜ਼ਾਦੀ ਘੁਲਾਟੀਏ ਉੱਤਰਾਧਿਕਾਰੀ ਸੰਸਥਾ ਰਜਿ (196 ਪੰਜਾਬ) ਪੰਜਾਬ ਦੇ ਸਾਰੇ ਹੀ ਜ਼ਿਲ੍ਹਿਆਂ ਦੇ ਪ੍ਰਧਾਨ ਸਾਹਿਬਾਨਾਂ ਅਤੇ ਅਹੁਦੇਦਾਰ ਸਾਹਿਬਾਨਾ ਨੂੰ ਬੇਨਤੀ ਹੈ ਕਿ ਆਪਣੇ ਆਪਣੇ ਜ਼ਿਲ੍ਹਿਆਂ ਵਿੱਚੋਂ 19 ਜਨਵਰੀ ਅਤੇ 23 ਜਨਵਰੀ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਮੈਂਬਰ ਸਾਹਿਬਾਨਾਂ ਨੂੰ ਲੈ ਕੇ ਆਉਣਾ ਤਾਂ ਜੋ ਪੰਜਾਬ ਸਰਕਾਰ ਨੂੰ ਇਹ ਦੱਸਿਆ ਜਾਵੇ ਕਿ ਸਾਡੀਆਂ ਜਮੀਰਾਂ ਜਾਗਦੀਆਂ ਹਨ ਅਤੇ ਅਸੀਂ ਆਜ਼ਾਦੀ ਘੁਲਾਟੀਆਂ ਦੇ ਵਾਰਿਸ ਹਾਂ ਅਤੇ ਅੱਜ ਆਪਣਾ ਹੱਕ ਲੈਣ ਲਈ ਇਕੱਠੇ ਹੋਏ ਹਾਂ ਇਸ ਦੇ ਨਾਲ ਹੀ ਜੇਕਰ ਕਿਸੇ ਜ਼ਿਲ੍ਹੇ ਦਾ ਪ੍ਰਧਾਨ ਜਾਂ ਹੋਰ ਅਹੁਦੇਦਾਰ ਇਸ ਬੇਨਤੀ ਨੂੰ ਅਣਦੇਖਿਆ ਕਰਨਗੇ ਤਾਂ ਸੂਬਾ ਕਮੇਟੀ ਵੱਲੋਂ ਉਨ੍ਹਾਂ ਪ੍ਰਤੀ ਵਿਚਾਰ ਵਟਾਂਦਰਾ ਕੀਤਾ ਜਾਵੇਗਾ। ਗੱਲਬਾਤ ਕਰਦਿਆਂ ਆਗੂਆਂ ਨੇ ਦੱਸਿਆ ਕਿ ਸੂਬਾ ਪ੍ਰਧਾਨ ਚਤਿੰਨ ਸਿੰਘ ਸੇਖੋਂ ਖਾਲਸਾ, ਰਵਿੰਦਰ ਸਿੰਘ ਨਗਲਾ ਸਕੱਤਰ ਅਤੇ ਬਲਵਿੰਦਰ ਸਿੰਘ ਛੰਨਾ ਖਜਾਨਚੀ ਅਤੇ ਸੂਬਾ ਕਮੇਟੀ ਵੱਲੋਂ ਇਹ ਫੈਸਲਾ ਲਿਆ ਗਿਆ ਹੈ ਕਿ 19 ਅਤੇ 23 ਜਨਵਰੀ ਨੂੰ ਹਰੇਕ ਜਿਲ੍ਹੇ ਦਾ ਪ੍ਰਧਾਨ ਅਤੇ ਸਾਰੇ ਅਹੁਦੇਦਾਰ ਸਾਹਿਬਾਨ ਆਪਣੇ ਨਾਲ ਵੱਧ ਤੋਂ ਵੱਧ ਗਿਣਤੀ ਵਿੱਚ ਮੈਂਬਰ ਲੈ ਕੇ ਸੁਨਾਮ ਵਿਖੇ ਆਉਣਗੇ।

ਆਵਾਜ਼ਿ ਕੌਮ AWAZE QAUM International Newspaper & WEB TV



ੴ ਕਲਿਜੁਗ ਮਹਿ ਕੀਰਤਨੁ ਪਰਧਾਨਾ
ਗੁਰਮੁਖਿ ਜਪੀਐ ਲਾਇ ਧਿਆਨਾ ॥
PLAY WAYS SENIOR SECONDARY SCHOOL PATIALA
KNOWLEDGE IS LIGHT
Estd.1975
PLAY WAYS SR. SEC. SCHOOL
where winning is a habit
Cordially invites you to join the
Kirtan Darbar
on 51st Founders Day of the school
Thursday, 22nd January 2026
Kirtan By
Bhai Sarabjit Singh Ji Patna Sahib wale
11:00 am to 12:00 noon | Followed by Guru Ka Langar
Singh Sahib Giani Gurdyal Singh ji
Additional Head Granthi Takhat Sri Harimandir ji, Sri Patna Sahib
Singh Sahib Giani Baldev Singh Ji
Jathedar & Head Granthi Takhat Sri Harimandir ji, Sri Patna Sahib
Singh Sahib Giani Raghbir Singh Ji
Head Granthi Sri Darbar Sahib Amritsar
Jathedar Baljit Singh Daduwal
Ambassador of Peace Chairman, Dharam Prachar, HSGMC
Giani Gagandeep Singh ji
Hazuri Kathavachak Takhat Sri Harimandir ji, Sri Patna Sahib
S. Ajitpal Singh Kohli (MLA, Patiala)
President Alumni & Trustee, PWSSS
Dr. Rajdeep Singh
Chairman
Late Sdn. Tejinder Kaur
(22 January 1939 to 01 November 2020)
Foundress
Sdn. Harleen Kaur
Director
Sardarni Tejinder Kaur Marg, Patiala, Punjab, INDIA
FOR REGULAR UPDATES FOLLOW US ON /playwaysschool
ਆਵਾਜ਼ਿ ਕੌਮ AWAZE QAUM
International Newspaper & WEB TV


ਰੋਜ਼ਾਨਾ ਸਵਾ ਲੱਖ
ਮੂਲ ਮੰਤਰ ਜਾਪ
ਨਾਮ ਰਸੀਏ ਅਸੀਸਾਂ ਬਖ਼ਸ਼ਣ
ਨਾਮ ਅਭਿਆਸੀ ਹਾਜ਼ਰੀਆਂ ਭਰਨ
ਰੋਜ਼ਾਨਾ 125 ਪਾਠ
ਸੁਖਮਨੀ ਸਾਹਿਬ
ਗੁਰ ਭਗਤੀ ਸ਼ਬਦ ਜਾਪ
ਧੰਨ ਬਾਬਾ ਨੰਦ ਸਿੰਘ ਜੀ ਧੰਨ ਬਾਬਾ ਈਸ਼ਰ ਸਿੰਘ ਜੀ ਨਾਨਕਸਰ ਕਲੇਰਾਂ
ਵਾਲਿਆਂ ਦੀ ਯਾਦ ਵਿੱਚ ਅਭਿਆਸੀ ਗੁਰਸਿੱਖਾਂ ਨੂੰ ਸਮਰਪਿਤ
1 ਜਨਵਰੀ ਤੋਂ 5 ਫਰਵਰੀ ਪੋਹ ਮਾਘ 2026
ਨਾਨਕਸਰ ਕੁਟੀਆ ਪਟਿਆਲਾ ਵਿਖੇ
36 ਦਿਨ ਸ਼ਾਮ 7:00 ਤੋਂ 9:00 ਕੀਰਤਨ-ਕਥਾ
36 ਦਿਨ, 36 ਬਾਣੀਆਂ, 36 ਵਿਦਵਾਨ
31 ਜਨਵਰੀ 2026
ਵਿਸ਼ਾ: ਸਵਯੇ ਸ੍ਰੀ ਮੁਖਬਾਕ੍ਯ
ਮਹਲਾ ੫
ਰਾਗੀ ਸੰਤੋਖ ਸਿੰਘ
ਜਥੇਦਾਰ ਬਾਬਾ ਬਲਜੀਤ ਸਿੰਘ
ਦਾਦੂਵਾਲ
ਆਵਾਜ਼ਿ ਕੌਮ
AWAZE QAUM
International Newspaper & WEB TV
ਅਰਜ਼ੋਈ ਕਰਤਾ:
ਬਾਬਾ ਹਰਚਰਨ ਸਿੰਘ,
ਨਾਨਕਸਰ ਕੁਟੀਆ ਬਿਹੰਗਮ,ਸਤਿਸੰਗੀ,
ਤ੍ਰਿਪੜੀ,ਪਟਿਆਲਾ,ਪੰਜਾਬ
9815133113




### ਗ੍ਰਹਿ ਮੰਤਰੀ ਸ਼ਾਹ 24-25 ਜਨਵਰੀ ਦੇ ਸ਼ਹੀਦੀ ਸ਼ਤਾਬਦੀ ਸਮਾਗਮਾਂ 'ਚ ਹੋਣਗੇ ਸ਼ਾਮਿਲ

# ਮੁੱਖ ਮੰਤਰੀ ਫੜਨਵੀਸ ਤੇ ਸੰਤ ਗਿ.ਹਰਨਾਮ ਸਿੰਘ ਖਾਲਸਾ ਨੇ ਵਫ਼ਦ ਭੇਜ ਸ੍ਰੀ ਹਜ਼ੂਰ ਸਾਹਿਬ ਆਉਣ ਦਾ ਦਿੱਤਾ ਸੱਦਾ

**ਚੌਕ ਮਹਿਤਾ, 19 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-'ਹਿੰਦ ਦੀ ਚਾਦਰ' ਸਾਹਿਬ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਮੌਕੇ 24 ਤੇ 25 ਜਨਵਰੀ ਤਖਤ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਮਹਾਂਰਾਸ਼ਟਰ ਵਿਖੇ ਰਾਜ ਪੱਧਰੀ ਹੋ ਰਹੇ ਦੋ ਦਿਨਾਂ ਸ਼ਤਾਬਦੀ ਸਮਾਗਮਾਂ 'ਚ ਸ਼ਾਮਿਲ ਹੋਣ ਲਈ ਕੇਂਦਰੀ ਗ੍ਰਹਿ ਅਮਿਤ ਸ਼ਾਹ ਨੂੰ ਵਿਸ਼ੇਸ਼ ਤੌਰ 'ਤੇ ਅੱਜ ਸੱਦਾ-ਪੱਤਰ ਦਿੱਤਾ ਗਿਆ ਮਹਾਂਰਾਸ਼ਟਰ ਦੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਤੇ ਸ਼ਹੀਦੀ ਸ਼ਤਾਬਦੀ ਸਮਾਗਮ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਮੁਖੀ ਦਮਦਮੀ ਟਕਸਾਲ ਵੱਲੋਂ ਭੇਜਿਆ ਗਿਆ ਇਹ ਸੱਦਾ ਪੱਤਰ ਮਹਾਂਰਾਸ਼ਟਰ ਤੋਂ ਦਿੱਲੀ ਆਏ ਵਫਦ ਨੇ ਪੂਰੇ ਸਨਮਾਨ ਨਾਲ ਗ੍ਰਹਿ ਮੰਤਰੀ ਨੂੰ ਸੌਂਪਿਆ ਅਤੇ ਸ਼ਤਾਬਦੀ ਸਮਾਗਮਾਂ 'ਚ ਆਪਣੀ ਸ਼ਮੂਲੀਅਤ ਨੂੰ ਲਾਜ਼ਮੀ ਬਣਾਉਣ ਦੀ ਸਨਿਮਰ ਬੇਨਤੀ ਕੀਤੀ ਗ੍ਰਹਿ ਮੰਤਰੀ ਸ਼ਾਹ ਨੇ ਆਏ ਵਫਦ ਦਾ ਸਵਾਗਤ ਕਰਦੇ ਹੋਏ ਪੂਰਾ ਸਤਿਕਾਰ ਤੇ ਪਿਆਰ ਨਾਲ ਇਹ ਸੱਦਾ ਪੱਤਰ ਕਬੂਲ ਕੀਤਾ ਤੇ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਹੋ ਰਹੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸਮਾਗਮਾਂ 'ਚ ਸ਼ਾਮਿਲ ਹੋਣ ਦਾ ਪੂਰਨ ਭਰੋਸਾ ਦਿੰਦੇ ਹੋਏ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੁਨੀਆਂ ਦੇ ਇਤਿਹਾਸ ਅੰਦਰ ਮਿਸਾਲੀ ਹੈ,ਜਿੰਨ੍ਹਾਂ ਨੇ ਕਸ਼ਮੀਰੀ ਪੰਡਿਤਾਂ ਦੀ ਫਰਿਆਦ 'ਤੇ ਜ਼ੁਲਮ ਤੇ ਅਨਿਆਂ ਦੇ ਖਿਲਾਫ ਕੁਰਬਾਨੀ ਦੇ ਕੇ ਇਤਿਹਾਸ ਸਿਰਜਿਆ ਅਜਿਹੇ ਮਹਾਨ ਗੁਰੂ ਦਾ 350 ਸਾਲਾ ਸ਼ਹੀਦੀ ਦਿਹਾੜਾ ਮਨਾਉਣਾ ਸਮੁੱਚੀ ਮਨੁੱਖਤਾ ਦਾ ਧਰਮ ਹੈ ਉਨ੍ਹਾਂ ਕਿਹਾ ਕਿ ਅਜਿਹੇ ਇਤਿਹਾਸਕ ਸਮਾਗਮਾਂ 'ਚ ਸ਼ਾਮਿਲ ਹੋ ਕੇ ਗੁਰੂ ਸਾਹਿਬ ਦਾ ਆਸ਼ੀਰਵਾਦ ਪ੍ਰਾਪਤ ਕਰਨ ਦਾ ਸੁਭਾਗ ਮਿਲਣਾ ਬੇਹੱਦ ਮਾਣ ਵਾਲੀ ਗੱਲ ਹੈ ।ਇਸ ਵਫਦ ਵਿੱਚ ਮੁੱਖ ਮੰਤਰੀ ਮਹਾਰਾਸ਼ਟਰਾ ਰਾਹਤ ਫੰਡ ਦੇ ਇੰਚਾਰਜ ਸ੍ਰੀ ਰਾਮੇਸ਼ਵਰ ਨਾਇਕ,ਚਰਨਦੀਪ ਸਿੰਘ ਹੈਪੀ ਮੈਂਬਰ ਮਨਓਰਟੀ ਕਮਿਸ਼ਨ ਮਹਾਂਰਾਸ਼ਟਰ ਸਰਕਾਰ, ਭਾਈ ਜਸਪਾਲ ਸਿੰਘ ਸਿੱਧੂ ਚੇਅਰਮੈਨ ਸੁਪਰੀਮ ਕੌਂਸਲ ਨਵੀਂ ਮੁੰਬਈ ਗੁਰਦੁਆਰਾ, ਵਿਜੇ ਸਤਬੀਰ ਸਿੰਘ ਚੇਅਰਮੈਨ ਸ੍ਰੀ ਹਜ਼ੂਰ ਸਾਹਿਬ ਸੱਚਖੰਡ ਬੋਰਡ,ਸੰਤ ਬਾਬੂ ਸਿੰਘ ਮਹਾਰਾਜ ਔਰਾ ਦੇਵੀ ਮਹੰਤ, ਸੰਤ ਰਾਮ ਸਿੰਘ ਮਹਾਰਾਜ ਲੁਬਾਣਾ ਸਮਾਜ ਤੇ ਤੇਜਾ ਸਿੰਘ ਬਾਵਰੀ ਸ਼ਿਕਲੀਗਰ ਸਮਾਜ ਆਦਿ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV





### ਭਾਈ ਹਰਦੀਪ ਸਿੰਘ ਨਿੱਝਰ ਦੀ ਸ਼ਹਾਦਤ ਨੂੰ

# 930 ਦਿਨ ਪੂਰੇ ਹੋਣ ਤੇ ਕੈਨੇਡਾ ਵਿਖ਼ੇ ਭਾਰਤੀ ਅੰਬੈਸੀ ਮੂਹਰੇ ਵਿਰੋਧ ਪ੍ਰਦਰਸ਼ਨ







ਨਵੀਂ ਦਿੱਲੀ 19 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਕੌਮ ਦੇ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਜਿੰਨਾਂ ਨੂੰ 18 ਜੂਨ 2023 ਨੂੰ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਦੀ ਪਾਰਕਿੰਗ ਦੇ ਵਿੱਚ ਗੋਲੀਆਂ ਮਾਰ ਕੇ ਸ਼ਹੀਦ ਕੀਤਾ ਗਿਆ ਸੀ, ਉਹਨਾਂ ਦੀ ਸ਼ਹਾਦਤ ਨੂੰ ਸਮਰਪਿਤ ਅਤੇ ਇੰਨਸਾਫ ਦੀ ਪ੍ਰਾਪਤੀ ਲਈ ਹਰ ਮਹੀਨੇ ਦੀ 18 ਤਰੀਕ ਨੂੰ ਵੈਨਕੂਵਰ ਵਿਖੇ ਭਾਰਤੀ ਅੰਬੈਸੀ ਵਿਖੇ ਭਾਰੀ ਰੋਸ- ਮੁਜਾਹਿਰਾ ਕੀਤਾ ਜਾਂਦਾ ਹੈ। ਭਾਈ ਨਰਿੰਦਰ ਸਿੰਘ ਰੰਧਾਵਾ ਨੇ ਦਸਿਆ ਕਿ 18 ਜਨਵਰੀ 2026 ਨੂੰ ਜਦੋਂ ਭਾਈ ਨਿੱਝਰ ਦੀ ਸ਼ਹੀਦੀ ਨੂੰ 930 ਦਿਨ ਪੂਰੇ ਹੋਏ, ਉਸ ਨੂੰ ਸਮਰਪਿਤ ਕੈਨੇਡਾ ਦੀਆਂ ਸਿੱਖ-ਸੰਗਤਾਂ ਵੱਲੋਂ ਭਾਰੀ ਰੋਸ-ਪ੍ਰਦਰਸ਼ਨ ਕੀਤਾ ਗਿਆ ਜਿਸ ਦੌਰਾਨ ਖਾਲਿਸਤਾਨ ਜ਼ਿੰਦਾਬਾਦ ਦੇ ਨਾਅਰਿਆਂ ਨਾਲ ਗੂੰਜਾਂ ਪਾਈਆਂ ਗਈਆਂ ਨਾਲ-ਨਾਲ ਭਾਰਤੀ ਕੌਂਸਲੇਟ ਨੂੰ ਬੰਦ ਕਰਨ ਅਤੇ ਭਾਰਤੀ ਰਾਜਦੂਤ ਜੋ ਕਿ ਭਾਈ ਹਰਦੀਪ ਸਿੰਘ ਦੀ ਸ਼ਹਾਦਤ ਵਿੱਚ ਸ਼ਾਮਲ ਨੇ ਅਤੇ ਭਗੌੜੇ ਹਨ ਉਹਨਾਂ ਨੂੰ ਕੈਨੇਡਾ ਲਿਆ ਕੇ ਕਟਹਿਰੇ ਵਿੱਚ ਖੜੇ ਕਰਨ ਦੀ ਵੀ ਮੰਗ ਜ਼ੋਰਾਂ ਨਾਲ ਕੀਤੀ ਗਈ। ਇਸ ਮੌਕੇ ਬੰਗਲਾਦੇਸ਼ ਦੇ ਆਜ਼ਾਦੀ ਪਸੰਦ ਐਕਟੀਵਿਸਟ ਵੱਲੋਂ ਇਸ ਖਾਲਿਸਤਾਨ ਫਰੀਡਮ ਰੈਲੀ ਵਿੱਚ ਵਿਸ਼ੇਸ਼ ਤੌਰ ਤੇ ਹਿੱਸਾ ਲੈਕੇ ਪ੍ਰਦਰਸ਼ਨਕਾਰੀਆਂ ਦਾ ਉਤਸ਼ਾਹ ਵਧਾਇਆ ਗਿਆ ਸੀ । ਇਸ ਰੋਸ-ਪ੍ਰਦਰਸ਼ਨ ਦੌਰਾਨ ਭਾਰਤੀ ਝੰਡੇ ਦੀ ਬੇਹੁਰਮਤੀ ਕੀਤੀ ਗਈ ਅਤੇ "ਭਾਰਤੀ ਸ਼ਰਾਫ਼ਤ ਖਾਨਾ ਬੰਦ ਕਰੋ" ਦੇ ਨਾਹਰਿਆ ਦੇ ਨਾਲ ਖਾਲਸਾਈ ਨਾਹਰਿਆ ਦੀ ਗੂੰਜਾ ਪੈ ਰਹੀਆਂ ਸਨ । ਪ੍ਰਦਰਸ਼ਨਕਾਰੀਆਂ ਨੇ ਕਿਹਾ ਕਿ ਭਾਈ ਹਰਦੀਪ ਸਿੰਘ ਦੀ ਸ਼ਹੀਦੀ ਅਤੇ ਹੋ ਰਹੇ ਕਤਲ, ਫਿਰੌਤੀਆਂ ਅਤੇ ਮਨੁੱਖੀ ਘਾਣਾਂ ਦੀ ਜ਼ੁੰਮੇਵਾਰ ਭਾਰਤ ਦੀ ਸਰਕਾਰ ਹੈ ਅਤੇ ਇਸ ਨੂੰ ਛਿੱਕੇ ਟੰਗ ਕੇ ਭਾਰਤ ਨਾਲ ਵਪਾਰਿਕ ਸਾਂਝਾਂ ਬਣਾਉਣੀਆਂ ਅਤੇ ਰਿਸ਼ਤੇ ਸੁਧਾਰਨੇ ਸਿੱਖਾਂ ਨਾਲ ਧ੍ਰੋਹ ਹੈ ਇਸ ਨਾਲ ਕੈਨੇਡਾ ਦੀ ਅਜ਼ਾਦੀ ਨੂੰ ਵੀ ਖ਼ਤਰਾ ਹੈ । ਉਨ੍ਹਾਂ ਕਿਹਾ ਟ੍ਰਾਂਸਨੇਸ਼ਨਲ ਰਿਪ੍ਰੈਸ਼ਨ ਨਾਲ ਬੰਦੇ ਮਾਰਨੇ, ਫਿਰੌਤੀਆਂ ਲੈਣੀਆਂ ਅਤੇ ਪਰਿਵਾਰਾਂ ਨੂੰ ਤੰਗ ਕਰਨਾ ਭਾਰਤ ਦੀ ਜ਼ਾਲਮੀ ਹਕੂਮਤ ਦਾ ਅੱਜ ਦਾ ਢੰਗ ਹੈ ਜਿਸ ਨੂੰ ਕੈਨੇਡਾ ਦੀ ਸਰਕਾਰ ਅਣਦੇਖਾ ਕਰ ਰਹੀ ਹੈ । ਇਸ ਮੌਕੇ ਭਾਈ ਨਰਿੰਦਰ ਸਿੰਘ ਰੰਧਾਵਾ ਨੇ ਦਸਿਆ ਕਿ ਰੈਫਰੰਡਮ ਦੇ ਅਗਲੇ ਪੜਾਅ ਦੇ ਵੋਟ ਜੋ ਕਿ 22 ਮਾਰਚ 2026 ਨੂੰ ਸਿਆਟਲ ਵਾਸ਼ਿੰਗਟਨ ਵਿਖੇ ਹੋ ਰਹੇ ਹਨ, ਉਨ੍ਹਾਂ ਇਸ ਮੌਕੇ ਕੈਨੇਡੀਅਨ ਸੰਗਤਾਂ ਨੂੰ ਭਾਰੀ ਗਿਣਤੀ ਵਿਚ ਸਿਆਟਲ ਪਹੁੰਚ ਕੇ ਰੈਫਰੰਡਮ ਨੂੰ ਸਫਲ ਬਣਾਉਣ ਦੀ ਅਪੀਲ ਕੀਤੀ । ਭਾਰਤੀ ਅੰਬੈਸੀ ਮੂਹਰੇ ਕੀਤੇ ਗਏ ਪ੍ਰਦਰਸ਼ਨ ਦੌਰਾਨ ਗੁਰੂ ਘਰ ਦੇ ਪ੍ਰਬੰਧਕ ਭਾਈ ਗੁਰਮੀਤ ਸਿੰਘ ਤੂਰ, ਭਾਈ ਗੁਰਮੀਤ ਸਿੰਘ ਗਿੱਲ ਨਰਿੰਦਰ ਸਿੰਘ ਰੰਧਾਵਾ, ਭਾਈ ਅਵਤਾਰ ਸਿੰਘ ਖਹਿਰਾ, ਭਾਈ ਦਲਜੀਤ ਸਿੰਘ, ਭਾਈ ਅਜੈਪਾਲ ਸਿੰਘ, ਭਾਈ ਰਜਿੰਦਰ ਸਿੰਘ, ਬਾਬਾ ਜੈਗ ਸਿੱਧੂ, ਭਾਈ ਮਨਜਿੰਦਰ ਸਿੰਘ, ਭਾਈ ਰਜਿੰਦਰ ਸਿੰਘ ਨੱਤ, ਭਾਈ ਚਰਨਜੀਤ ਸਿੰਘ ਸਮੇਤ ਵਡੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਿਰੀ ਭਰ ਕੇ ਆਪਣਾ ਰੋਸ ਪ੍ਰਗਟ ਕੀਤਾ ਸੀ।

**ਕੈਨੇਡਾ ਵਿਚ ਹੋ ਰਹੇ ਕਤਲ, ਫਿਰੌਤੀਆਂ ਅਤੇ ਮਨੁੱਖੀ ਘਾਣਾਂ ਦੀ ਜ਼ੁੰਮੇਵਾਰ ਭਾਰਤ ਸਰਕਾਰ: ਭਾਈ ਰੰਧਾਵਾ**

ਆਵਾਜ਼ਿ ਕੌਮ AWAZE QAUM International Newspaper & WEB TV

### ਅਜਨਾਲਾ ਦੌਰੇ ਦੌਰਾਨ ਮੁੱਖ ਮੰਤਰੀ ਨੂੰ ਮਿਲਣ ਜਾ ਰਹੇ ਕਿਸਾਨਾਂ ਨੂੰ ਪੁਲਿਸ ਨੇ ਰੋਕਿਆ

# ਨਹੀ ਕੀਤਾ ਹੜ੍ਹਾਂ ਨਾਲ ਹੋਏ ਨੁਕਸਾਨ ਦੇ ਮੁਆਵਜੇ ਦੇ ਭੁਗਤਾਨ ਐਲਾਨ ਤਾਂ ਕਿਸਾਨ ਕਰਨਗੇ ਸਰਕਾਰ ਖਿਲਾਫ ਐਲਾਨੇ ਜੰਗ





ਸ. ਇਕਬਾਲ ਸਿੰਘ ਤੁੰਗ

**ਅਜਨਾਲਾ /ਅੰਮ੍ਰਿਤਸਰ (ਇਕਬਾਲ ਸਿੰਘ ਤੁੰਗ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅੱਜ ਅਜਨਾਲਾ ਦੌਰੇ 'ਤੇ ਸਨ। ਇਸ ਦੌਰਾਨ ਵੱਡੀ ਗਿਣਤੀ ਵਿੱਚ ਕਿਸਾਨ ਮੁੱਖ ਮੰਤਰੀ ਨੂੰ ਮਿਲ ਕੇ ਹੜ੍ਹਾਂ ਦੌਰਾਨ ਹੋਏ ਨੁਕਸਾਨ ਸਬੰਧੀ ਮੰਗ ਪੱਤਰ ਦੇਣਾ ਚਾਹੁੰਦੇ ਸਨ। ਪਰ ਪੁਲਿਸ ਵੱਲੋਂ ਕਿਸਾਨਾਂ ਨੂੰ ਰਸਤੇ ਵਿੱਚ ਹੀ ਰੋਕ ਲਿਆ ਗਿਆ, ਜਿਸ ਕਾਰਨ ਕਿਸਾਨਾਂ ਨੇ ਧਰਨਾ ਲਗਾ ਦਿੱਤਾ। ਕਿਸਾਨਾਂ ਦਾ ਕਹਿਣਾ ਸੀ ਕਿ ਹੜ੍ਹਾਂ ਦੌਰਾਨ ਉਨ੍ਹਾਂ ਦੀਆਂ ਫਸਲਾਂ ਅਤੇ ਹੋਰ ਸੰਪਤੀ ਦਾ ਵੱਡੇ ਪੱਧਰ 'ਤੇ ਨੁਕਸਾਨ ਹੋਇਆ ਸੀ, ਪਰ ਅਜੇ ਤੱਕ ਕਈ ਕਿਸਾਨਾਂ ਨੂੰ ਸਰਕਾਰ ਵੱਲੋਂ ਮੁਆਵਜ਼ਾ ਨਹੀਂ ਮਿਲਿਆ। ਇਸ ਸਬੰਧੀ ਉਹ ਮੁੱਖ ਮੰਤਰੀ ਨੂੰ ਮਿਲ ਕੇ ਆਪਣੀਆਂ ਮੰਗਾਂ ਰੱਖਣਾ ਚਾਹੁੰਦੇ ਸਨ। ਧਰਨੇ ਤੋਂ ਬਾਅਦ ਪ੍ਰਸ਼ਾਸਨ ਵੱਲੋਂ ਦਖਲ ਦਿੰਦਿਆਂ ਕਿਸਾਨਾਂ ਦੀ ਮੀਟਿੰਗ ਏ.ਡੀ.ਸੀ. ਨਾਲ ਕਰਵਾਈ ਗਈ। ਮੀਟਿੰਗ ਦੌਰਾਨ ਕਿਸਾਨਾਂ ਨੇ ਮੁੱਖ ਮੰਤਰੀ ਦੇ ਨਾਮ ਦਾ ਮੰਗ ਪੱਤਰ ਏ.ਡੀ.ਸੀ. ਨੂੰ ਸੌਂਪਿਆ ਅਤੇ ਮੰਗ ਕੀਤੀ ਕਿ ਹੜ੍ਹਾਂ ਦੌਰਾਨ ਹੋਏ ਨੁਕਸਾਨ ਦਾ ਮੁਆਵਜ਼ਾ ਜਲਦ ਤੋਂ ਜਲਦ ਜਾਰੀ ਕੀਤਾ ਜਾਵੇ।ਕਿਸਾਨ ਆਗੂਆਂ ਨੇ ਕਿਹਾ ਕਿ ਸਰਕਾਰ ਵੱਲੋਂ ਕੀਤੇ ਗਏ ਐਲਾਨਾਂ ਦੇ ਬਾਵਜੂਦ ਹਾਲੇ ਵੀ ਬਹੁਤ ਸਾਰੇ ਕਿਸਾਨ ਮੁਆਵਜ਼ੇ ਦੀ ਉਡੀਕ ਕਰ ਰਹੇ ਹਨ। ਜੇਕਰ ਜਲਦ ਕੋਈ ਠੋਸ ਕਦਮ ਨਾ ਚੁੱਕਿਆ ਗਿਆ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

## ★ ਕਹਾਣੀ ★
## 'ਚੁਸਤ ਮੰਤਰ-ਢਿੱਲਾ ਤੰਤਰ'



ਅੱਜ ਫਿਰ ਟਰੇਨ ਲੇਟ ਸੀ, ਮੈਂ ਪਲੇਟਫਾਰਮ ਦੇ ਸਿਰੇ ਵਾਲੇ ਬੈਂਚ ਤੇ ਬੈਠ ਕੇ ਕਿਤਾਬ ਪੜ੍ਹਨ ਲੱਗ ਪਿਆ ਸਾਂ , ਅਕਸਰ ਹੀ ਪਲੇਟਫਾਰਮ ਦੇ ਸਿਰੇ ਤੇ ਭੀੜ ਭੜੱਕਾ ਘੱਟ ਹੀ ਹੁੰਦੈ ਉਂਜ ਵੀ ਟਰੇਨ ਲਗਭਗ ਹਰ ਰੋਜ ਲੇਟ ਹੀ ਹੁੰਦੀ ਐ ਤੇ ਮੈਂ ਵੀ ਇਸੇ ਬੈਂਚ ਤੇ ਬੈਠ ਕੇ ਕਿਤਾਬ ਖੋਲ੍ਹ ਬੈਠਦਾ ਹਾਂ ,ਹੋਇਆ ਇਹ ਕਿ ਅੱਜ ਰੇਲਵੇ ਦੇ ਦੋ ਸੁਰੱਖਿਆ ਕਰਮੀ ਵੀ ਘੁੰਮਦੇ ਘੁਮਾਉਂਦੇ ਏਸ ਸਿਰੇ ਵਾਲੇ ਬੈਂਚ ਤੇ ਆ ਬੈਠੇ ਇਸ ਤੋਂ ਪਹਿਲਾਂ ਕਿ ਮੈਂ ਇਕ ਪਾਸੇ ਖਿਸਕ ਕੇ ਉਹਨਾਂ ਦੇ ਬਹਿਣ ਲਈ ਥਾਂ ਛੱਡ ਦਿੰਦਾ ਉਹ ਦੋਹੇਂ ਮੇਰੇ ਦੋਹੀਂ ਪਾਸੇ ਬੈਠ ਗਏ ਹੁਣ ਮੇਰਾ ਧਿਆਨ ਕਿਤਾਬ ਚੋਂ ਉਖੜ ਗਿਆ, ਬੇਸ਼ੱਕ ਉਹ ਵੀ ਆਰਾਮ ਕਰਨ ਦੇ ਮਕਸਦ ਨਾਲ ਹੀ ਬੈਠੇ ਹੋਏ ਸਨ। ਉਹ ਆਪਸ ਵਿੱਚ ਵੀ ਕੋਈ ਬਹੁਤੀ ਬੋਲਚਾਲ ਨਹੀਂ ਸਨ ਕਰ ਰਹੇ ।ਮੈਂ ਵੀ ਏਧਰ ਓਧਰ ਦਾ ਮੰਜ਼ਰ ਵੇਖਣ ਲੱਗ ਪਿਆ । ਸਾਹਮਣੇ ਤੋਂ ਲਾਈਨੋਂ ਲਾਈਨ ਪਿਆ ਇਕ ਭਗਵੇਂ ਕਪੜਿਆਂ ਵਾਲਾ ਮਲੰਗ ਬਾਬਾ ਬੜੀ ਤੇਜ਼ੀ ਨਾਲ ਆ ਰਿਹਾ ਸੀ ਸੁਰੱਖਿਆ ਕਰਮੀਆਂ ਦਾ ਧਿਆਨ ਵੀ ਉਸ ਵੱਲ ਸੀ, ਉਂਜ ਤਾਂ ਇਹਨਾਂ ਮਲੰਗ ਬਾਬਿਆਂ ਤੇ ਰੇਲਵੇ ਦੇ ਕੋਈ ਬਹੁਤੇ ਕਾਨੂੰਨ ਲਾਗੂ ਨਹੀਂ ਹੁੰਦੇ, ਇਹ ਆਮ ਹੀ ਬਿਨਾਂ ਟਿਕਟ ਵੀ ਸਫਰ ਕਰਦੇ ਦੇਖੇ ਜਾਂਦੇ ਹਨ ਪਰ ਅੱਜ ਸੁਰੱਖਿਆ ਕਰਮੀਆਂ ਨੇ ਉਸ ਨੂੰ ਤੁਰੇ ਆਉਂਦੇ ਨੂੰ ਹੀ ਘੇਰ ਲਿਆ ਸੀ। ਭਰਵੇਂ ਜੁੱਸੇ ਵਾਲੇ ਸਿਪਾਹੀ ਨੇ ਰੋਹਬਦਾਰ ਆਵਾਜ਼ ਮਾਰੀ "ਓ ਹੈਲੋ, ਉਰੇ ਆ।" ਬਾਬਾ ਕੋਲ ਆ ਕੇ ਬੋਲਿਆ "ਹਾਂ ਜੀ ਜਨਾਬ ਦੱਸੋ" ਜਿਉਂ ਹੀ ਮਲੰਗ ਬਾਬਾ ਨੇ ਮੂੰਹ ਖੋਲ੍ਹਿਆ ਸ਼ਰਾਬ ਦੀ ਹਵਾੜ ਵਾਤਾਵਰਨ 'ਚ ਫੈਲ ਗਈ। ਸਿਪਾਹੀ ਕਹਿੰਦਾ "ਕੀ ਗੱਲ ਅੱਜ ਸਵੇਰ ਹੀ ਪੀਤੀ ਫਿਰਦਾ ਐਂ"

"ਨਹੀਂ ਜਨਾਬ ਅੱਜ ਨਹੀਂ, ਰਾਤੀਂ ਪੀਤੀ ਸੀ, ਵਾਅਵਾ ਲਾ ਬੈਠਾ " ਮਲੰਗ ਬਾਬੇ ਨੇ ਝਕਦਿਆਂ ਜਿਹੇ ਕਿਹਾ।

"ਫੇਰ ਅੱਜ ਦਾਤਣ ਕੁਰਲਾ ਜਾਂ ਨਾਤ੍ਹਾ ਧੋਤਾ ਨਹੀਂ ?" ਅੱਗੋਂ ਸਿਪਾਹੀ ਨੇ ਗੁੱਸੈਲਾ ਜਾ ਮੂੰਹ ਬਣਾ ਕੇ ਪੁੱਛਿਆ। ਇਸਤੋਂ ਪਹਿਲਾਂ ਕੇ ਮਲੰਗ ਬਾਬਾ ਕੁਝ ਜੁਆਬ ਦਿੰਦਾ, ਮੇਰੇ ਸੱਜੇ ਪਾਸੇ ਬੈਠੇ ਦੂਜੇ ਸੁਰੱਖਿਆ ਕਰਮੀ ਨੇ ਸਵਾਲ ਕਰ ਦਿੱਤਾ " ਹੁਣ ਕਿੱਥੇ ਚੱਲਿਆਂ÷ ? ਇਸ ਸੁਰੱਖਿਆ ਕਰਮੀ ਦੇ ਬੋਲਣ ਦੇ ਲਹਿਜੇ ਤੇ ਢਿਲਕੜ ਜਿਹੇ ਪਹਿਰਾਵੇ 'ਚ ਉੱਕਾ ਹੀ ਸੁਰੱਖਿਆ ਕਰਮੀਆਂ ਵਾਲਾ ਤਾਅ ਨਹੀਂ ਸੀ ਜਾਪਦਾ ਪਰ ਉਸਦੀ ਵਰਦੀ ਦੀਆਂ ਫੀਤੀਆਂ ਤੋ ਪਤਾ ਲੱਗਦਾ ਸੀ ਕਿ ਉਹ ਗਸ਼ਤੀ ਟੀਮ ਦਾ ਮੁੱਖੀ ਹੈ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

ਮਲੰਗ ਬਾਬਾ ਕਹਿੰਦਾ "ਸੰਗਰੀਏ ਜਾਣਾ ਜੀ " ।

ਮੁੱਖ ਸੁਰੱਖਿਆ ਕਰਮੀ ਨੇ ਥੋੜ੍ਹੀ ਸਖਤੀ ਨਾਲ ਪੁੱਛਿਆ "ਉੱਥੇ ਕੀ ਲੈਣ ਜਾਣਾ ?"

ਮਲੰਗ ਬਾਬੇ ਨੇ ਅੱਧਾ ਜਿਹਾ ਹੋ ਕੇ ਜੁਆਬ ਦਿੱਤਾ " ਜੀ ਸੇਵਾਦਾਰ ਜਦ ਬੁਲਾਉਂਦੇ ਆ,ਉਹਨਾਂ ਦੇ ਦੁੱਖਾਂ ਤਕਲੀਫਾਂ ਦਾ ਉਪਾਅ ਕਰਨ ਲਈ ਜਾਣੈ ਈ ਪੈਂਦਾ"

ਮੁੱਖ ਸੁਰੱਖਿਆ ਕਰਮੀ ਹੁਣ ਕੁਝ ਨਰਮ ਸੁਰ ਚ ਬੋਲਿਆ "ਬਾਬਿਓ ਆਪ ਤਾਂ ਤੁਸੀਂ ਦਾਰੂ ਪੀਤੀ ਫਿਰਦੇ ਓਂ, ਫਿਰ ਉਪਾਅ ਕਿਵੇਂ ?",

ਬਾਬਾ ਮੁੱਖ ਸੁਰੱਖਿਆ ਕਰਮੀ ਦੇ ਨਰਮ ਪੈਂਦਿਆ ਹੀ ਕੁਝ ਹੌਸਲੇ ਚ ਹੋ ਕੇ ਬੋਲਿਆ "ਦਾਰੂ ਤਾਂ ਅਸਾਡੇ ਡੇਰੇ ਤੇ ਚੜ੍ਹਦੀ ਆ,ਅਸਾਡੇ ਮਨਾਹੀ ਨਹੀਂ ,ਸੇਵਕਾਂ ਦੀਆਂ ਸੁੱਖਾਂ ਪੂਰੀਆਂ ਹੁੰਦੀਆਂ ,ਉਹ ਸੁੱਖਾਂ ਲਾਹੁਣ ਆਉਂਦੇ , ਦਾਰੂ ਦਾ ਈ ਭੋਗ ਲੱਗਦੈ।"

ਮਲੰਗ ਬਾਬੇ ਦਾ ਜੁਆਬ ਸੁਣਦਿਆਂ ਹੀ ਮੁੱਖ ਸੁਰੱਖਿਆ ਕਰਮੀ ਖੁਦ ਵੀ ਬਾਬੇ ਦੇ ਅਸਰ ਹੇਠ ਆ ਗਿਆ ਲੱਗਦਾ ਸੀ ਉਹ ਨਿਮਰ ਜਿਹਾ ਹੋਕੇ ਕਹਿੰਦਾ "ਬਾਬਾ ਕੁਝ ਮੈਨੂੰ ਵੀ ਉਪਾਅ ਦੱਸੋ ਮੇਰੀ ਕਮਾਈ ਚ ਬਰਕਤ ਨਹੀਂ ਪੈਂਦੀ।"

ਹੁਣ ਮੈਂ ਹੈਰਾਨ ਹੋ ਕੇ ਮੁੱਖ ਸੁਰੱਖਿਆ ਕਰਮੀ ਦੇ ਚਿਹਰੇ ਵੱਲ ਵੇਖਿਆ" ਉਹ ਚੰਗਾ ਭਲਾ ਸਰਕਾਰੀ ਮੁਲਾਜ਼ਮ ਹੈ, ਮਹੀਨਾਵਾਰ ਬੱਝਵੀਂ ਤਨਖਾਹ ਸਮੇਤ ਭੱਤੇ ਲੈ ਰਿਹਾ ,ਇਹ ਹੋਰ ਕਿਹੜੀ ਕਮਾਈ 'ਚ ਬਰਕਤ ਦੀ ਗੱਲ ਕਰ ਰਿਹਾ ?"

ਉਧਰੋਂ ਬਾਬਾ ਵੀ ਪੂਰੀ ਤਰ੍ਹਾਂ ਮੁੱਖ ਸੁਰੱਖਿਆ ਕਰਮੀ ਦੇ ਮੋਢਿਆਂ ਤੇ ਹੋ ਗਿਆ ਜਾਪਦਾ ਸੀ ਉਹ ਕਹਿ ਰਿਹਾ ਸੀ "ਹਾਂ ਭਗਤਾ ! ਉਪਾਅ ਵੀ ਕਰ ਦਿੰਦੇ ਆਂ" ਏਨਾ ਕਹਿੰਦਿਆਂ ਉਸਨੇ ਆਪਣੇ ਚੋਲੇ ਦੀ ਲੰਬੀ ਸਾਰੀ ਜੇਬ ਚ ਹੱਥ ਮਾਰਦਿਆਂ ਇਕ ਮੈਲੀ ਜਹੀ ਪੋਟਲੀ ਕੱਢੀ ਤੇ ਉਸ ਵਿੱਚੋਂ ਇਕ ਪੁਰਾਣਾ ਜਿਹਾ ਨੱਗ ਕੱਢ ਲਿਆ ਇਹ ਨੱਗ ਵੀ ਸ਼ਾਇਦ ਮੇਲੇ ਚੋਂ ਖਰੀਦੀ ਕਿਸੇ ਨਕਲੀ ਮੁੰਦਰੀ ਦੀ ਟੁੱਟ ਚੋਂ ਕੱਢਿਆ ਜਾਪਦਾ ਸੀ ।ਬਾਬੇ ਨੇ ਪੂਰੇ ਪੈਂਤੜੇ ਚ ਹੁੰਦਿਆਂ ਮੁੱਖ ਸੁਰੱਖਿਆ ਕਰਮੀ ਨੂੰ ਦੋਹੇਂ ਹੱਥ ਅੱਡਣ ਲਈ ਕਿਹਾ ਤੇ ਆਪ ਨੱਗ ਨੂੰ ਮੁੱਠੀ ਚ ਫੜ ਕੇ ਅੱਖਾਂ ਮੀਚ ਮੰਤਰ ਪੜ੍ਹਨ ਦਾ ਢੌਂਗ ਕਰਦਿਆਂ, ਉਸ ਤੇ ਪੰਜ ਫੂਕਾਂ ਮਾਰਕੇ ਮੁੱਖ਼ ਸੁਰੱਖਿਆ ਕਰਮੀ ਦੇ ਅੱਡੇ ਹੱਥਾਂ ਚ ਰੱਖ ਦਿੱਤਾ, ਨਾਲੇ ਉਸਨੂੰ ਨੂੰ ਤਾਕੀਦ ਕਰ ਦਿੱਤੀ ਘਰ ਜਾ ਕੇ ਨੱਗ ਨੂੰ ਪਾਣੀ ਦੀ ਭਰੀ ਬਾਲਟੀ ਚ ਸੁੱਟ ਕੇ ਆਂਢ ਗੁਆਂਢ ਦੀ ਕਿਸੇ ਕੰਨਿਆ ਤੋਂ ਬਾਲਟੀ ਚੋਂ ਕਢਵਾਉਣ ਤੋਂ ਬਾਅਦ ਕੰਨਿਆਂ ਨੂੰ ਪੂਰੀ ਤਰ੍ਹਾਂ ਖੁਸ਼ ਕਰ ਦੇਣਾ ਹੈ।÷ਬੇੜੇ ਪਾਰ ਹੋਣਗੇ ਭਗਤਾ ,ਸੁੱਖ ਪੂਰੀ ਹੋਣ ਤੇ ਡੇਰੇ ਆਕੇ ਸੁੱਖ ਲਾਹ ਜਾਣਾ÷ ।ਉਪਾਅ ਸੁਣਦਿਆਂ ਹੀ ਮੁੱਖ ਸੁਰੱਖਿਆ ਕਰਮੀ ਨੇ ਪਰਸ ਕੱਢਿਆ 100 ਰੁਪਏ ਦਾ ਨੋਟ ਮਲੰਗ ਬਾਬੇ ਨੂੰ ਦਕਸ਼ਣਾ ਦੇ ਕੇ, ਉਹ ਆਪਣਾ ਅੱਗਾ ਸੰਵਾਰਨ ਦੇ ਰਾਹੀਂ ਪੈ ਗਿਆ, ਤੇ ਮੇਰੇ ਮਨ ਵਿੱਚ ਉੱਠੇ ਉਸ ਸਵਾਲ ਦਾ ਜੁਆਬ ਵੀ ਮਿਲ ਗਿਆ ਕਿ "ਚੰਗੀ ਭਲੀ ਬੱਝਵੀਂ ਤਨਖਾਹ ਲੈਣ ਵਾਲੇ ਦੀ ਕਮਾਈ ਚ ਬਰਕਤ ਕਿਉਂ ਨਹੀਂ ਪੈਂਦੀ।"

ਟਰੇਨ ਆ ਗਈ ,ਮੈਂ ਅਗਲੇ ਸਫਰ ਵੱਲ ਵੱਧ ਰਿਹਾ ਸਾਂ ਪਰ ਇਕ ਨਵਾਂ ਸਵਾਲ ਘੇਰੀ ਖੜ੍ਹਾ ਸੀ "ਜਿੱਥੇ ਸਮਾਜ ਦੀ ਰੱਖਿਆ ਕਰਨ ਵਾਲੇ ਖੁਦ ਮਾਨਸਿਕ ਬਿਮਾਰ ਹੋਣ ਉੱਥੇ ਉਹ ਸਮਾਜ ਨੂੰ ਕਿਸ ਤਰ੍ਹਾਂ ਸੁਰੱਖਿਅਤ ਰੱਖਣਗੇ ?

**-ਅਮਰਜੀਤ ਸਿੰਘ ਜੀਤ, 9417287122**

# ਭਗਵੰਤ ਸਿੰਘ ਮਾਨ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਨਿਮਾਣੇ ਸਿੱਖ ਵਜੋਂ ਪੇਸ਼ ਹੋਣਾ ਸਿੱਖ ਇਤਿਹਾਸ ਦੀ ਮਿਸਾਲ : ਹਰਪਾਲ ਸਿੰਘ ਚੀਮਾ



ਬਰਨਾਲਾ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਨਿਮਾਣੇ ਸਿੱਖ ਵਜੋਂ ਪੇਸ਼ ਹੋ ਕੇ ਪੰਥਕ ਮਰਿਆਦਾ ਅਨੁਸਾਰ ਆਪਣੀ ਗੱਲ ਰੱਖਣਾ ਸਿੱਖ ਇਤਿਹਾਸ ਵਿੱਚ ਇੱਕ ਮਿਸਾਲੀ ਕਦਮ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸ, ਸੇਵਾ ਸਿੰਘ ਠੀਕਰੀਵਾਲ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਸਮੇਂ ਕੀਤਾ ।ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਸਿੱਖਾਂ ਦੀ ਸਭ ਤੋਂ ਉੱਚੀ ਤਖ਼ਤ ਹੈ, ਜਿੱਥੇ ਹਰ ਸਿੱਖ ਬਰਾਬਰੀ ਦੇ ਅਧਾਰ 'ਤੇ ਨਿਮਰਤਾ ਨਾਲ ਪੇਸ਼ ਹੁੰਦਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕਿਸੇ ਵੀ ਅਹੁਦੇ ਜਾਂ ਸੱਤਾ ਦੇ ਗਰੂਰ ਤੋਂ ਉੱਪਰ ਉੱਠ ਕੇ ਨਿਮਾਣੇ ਸਿੱਖ ਵਜੋਂ ਹਾਜ਼ਰੀ ਭਰਨਾ ਇਹ ਦਰਸਾਉਂਦਾ ਹੈ ਕਿ ਉਹ ਸਿੱਖ ਮਰਿਆਦਾ ਅਤੇ ਪੰਥਕ ਸੰਸਥਾਵਾਂ ਦਾ ਪੂਰਾ ਸਤਿਕਾਰ ਕਰਦੇ ਹਨ। ਉਨ੍ਹਾਂ ਕਿਹਾ ਕਿ ਇਹ ਕਦਮ ਉਹਨਾਂ ਸਿਆਸਤਦਾਨਾਂ ਲਈ ਵੀ ਇੱਕ ਸਪਸ਼ਟ ਸੰਦੇਸ਼ ਹੈ ਜੋ ਸਿੱਖ ਸੰਸਥਾਵਾਂ ਨੂੰ ਨਜ਼ਰਅੰਦਾਜ਼ ਕਰਦੇ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਗੁਰੂ ਸਾਹਿਬਾਨ ਦੇ ਸਿਧਾਂਤਾਂ 'ਤੇ ਚੱਲਦਿਆਂ ਨਿਮਰਤਾ, ਇਨਸਾਫ਼ ਅਤੇ ਸੇਵਾ ਦੀ ਰਾਹ 'ਤੇ ਅੱਗੇ ਵੱਧ ਰਹੀ ਹੈ ਉਨ੍ਹਾਂ ਅੱਗੇ ਕਿਹਾ ਕਿ ਮੁੱਖ ਮੰਤਰੀ ਮਾਨ ਦਾ ਇਹ ਕਦਮ ਪੰਜਾਬ ਅਤੇ ਪੰਥ ਦੇ ਹਿੱਤ ਵਿੱਚ ਹੈ ਅਤੇ ਇਸ ਨਾਲ ਨੌਜਵਾਨ ਪੀੜ੍ਹੀ ਨੂੰ ਵੀ ਸਹੀ ਦਿਸ਼ਾ ਮਿਲੇਗੀ। ਝਾੜਵਾਂ ਨੇ ਦਾਅਵਾ ਕੀਤਾ ਕਿ ਪੰਜਾਬ ਸਰਕਾਰ ਹਮੇਸ਼ਾਂ ਸਿੱਖ ਸੰਸਥਾਵਾਂ ਅਤੇ ਪੰਥਕ ਮਸਲਿਆਂ ਪ੍ਰਤੀ ਸੰਜੀਦਗੀ ਅਤੇ ਸਤਿਕਾਰ ਨਾਲ ਪੇਸ਼ ਆਉਂਦੀ ਰਹੇਗੀ। ਇਸ ਮੌਕੇ ਹਰਜਿੰਦਰ ਸਿੰਘ ਕਾਂਝਲਾ ਮੈਬਰ ਜਿਲ੍ਹਾ ਪ੍ਰੀਸ਼ਦ ਹਾਜਰ ਸਨ।

**ਸਾਨੂੰ ਸਾਰਿਆਂ ਨੂੰ ਮਿਲ ਕੇ ਮੁੜ ਤੋਂ ਰੰਗਲਾ ਪੰਜਾਬ ਬਣਾਉਣਾ ਹੈ ਤਾਂ ਕਿ ਸਾਡੇ ਬੱਚਿਆਂ ਨੂੰ ਵਿਦੇਸ਼ ਜਾਣ ਲਈ ਮਜਬੂਰ ਨਾ ਹੋਣਾ ਪਵੇ-ਮੁੱਖ ਮੰਤਰੀ ਭਗਵੰਤ ਸਿੰਘ ਮਾਨ**

# ਕਾਂਗਰਸ, ਅਕਾਲੀ ਦਲ ਅਤੇ ਭਾਜਪਾ ਨੇ ਪੰਜਾਬ ਦੀ ਅੰਨ੍ਹੀ ਲੁੱਟ ਕੀਤੀ-ਮੁੱਖ ਮੰਤਰੀ ਭਗਵੰਤ ਸਿੰਘ ਮਾਨ




**ਜੰਡਿਆਲਾ ਗੁਰੂ 19 ਜਨਵਰੀ ( ਕੁਲਵੰਤ ਸਿੰਘ ਵਿਰਦੀ)**-ਕੌਮਾਂਤਰੀ ਸਰਹੱਦ ਨਾਲ ਲਗਦੇ ਇਲਾਕੇ ਅਜਨਾਲਾ ਵਿੱਚ ਅੱਜ 15 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਸਰਕਾਰੀ ਡਿਗਰੀ ਕਾਲਜ ਦਾ ਨੀਂਹ ਪੱਥਰ ਰੱਖਦੇ ਹੋਏ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕਾਂਗਰਸ, ਸ਼੍ਰੋਮਣੀ ਅਕਾਲੀ ਦਲ ਅਤੇ ਭਾਜਪਾ ਨੇ ਦਹਾਕਿਆਂ ਤੱਕ ਆਪਸੀ ਮਿਲੀਭੁਗਤ ਨਾਲ ਪੰਜਾਬ ਨੂੰ ਅੰਨ੍ਹੇਵਾਹ ਲੁੱਟਿ, ਸੂਬੇ ਦੀਆਂ ਸੰਸਥਾਵਾਂ ਨੂੰ ਖੋਖਲਾ ਕੀਤਾ ਅਤੇ ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕਿਆਂ ਦੀ ਭਾਲ ਵਿੱਚ ਵਿਦੇਸ਼ਾਂ ਵਿੱਚ ਜਾਣ ਲਈ ਮਜਬੂਰ ਕੀਤਾ।ਮੁੱਖ ਮੰਤਰੀ ਨੇ ਕਿਹਾ ਕਿ ਨਵਾਂ ਕਾਲਜ ਆਮ ਆਦਮੀ ਪਾਰਟੀ (ਆਪ) ਦੀ ਸਰਕਾਰ ਦੇ ਸਿੱਖਿਆ, ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਅਤੇ ਜਨਤਕ ਭਾਈਵਾਲੀ ਰਾਹੀਂ ਪੰਜਾਬ ਨੂੰ ਮੁੜ ਰੰਗਲਾ ਪੰਜਾਬ ਬਣਾਉਣ ਦੇ ਸੰਕਲਪ ਨੂੰ ਦਰਸਾਉਂਦਾ ਹੈ। ਇਸ ਕਾਲਜ ਦਾ ਨਾਮ ਸਤਿਕਾਰਯੋਗ ਸ਼ਖਸੀਅਤ ਬਾਬਾ ਗਮਚੁੱਕ ਜੀ ਮਹਾਰਾਜ ਦੇ ਨਾਮ ’ਤੇ ਰੱਖਿਆ ਜਾਵੇਗਾ।ਮੁੱਖ ਮੰਤਰੀ ਨੇ ਕਿਹਾ ਕਿ ਜਿੱਥੇ ਸੂਬਾ ਸਰਕਾਰ ਹਰ ਸੰਭਵ ਸਹੂਲਤ ਅਤੇ ਸੰਸਥਾਗਤ ਸਹਾਇਤਾ ਪ੍ਰਦਾਨ ਕਰੇਗੀ, ਉੱਥੇ ਹਰ ਪੰਜਾਬੀ ਲਈ ਆਪਣੀ ਸਮਰੱਥਾ ਅਨੁਸਾਰ ਯੋਗਦਾਨ ਪਾਉਣਾ ਵੀ ਓਨਾ ਹੀ ਮਹੱਤਵਪੂਰਨ ਹੈ ਤਾਂ ਜੋ ਪੰਜਾਬ ਨੂੰ ‘ਰੰਗਲਾ ਪੰਜਾਬ’ ਵਿੱਚ ਬਦਲਿਆ ਜਾ ਸਕੇ ਤਾਂ ਕਿ ਸਾਡੇ ਬੱਚੇ ਚੰਗੇ ਭਵਿੱਖ ਦੀ ਭਾਲ ਵਿੱਚ ਦੇਸ਼ ਛੱਡਣ ਲਈ ਮਜਬੂਰ ਨਾ ਹੋਣ।ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਪਾਰਟੀਆਂ ਵਿੱਚ ਅੰਦਰੂਨੀ ਖਹਿਬਾਜ਼ੀ ਸਿਖਰ ’ਤੇ ਹੈ ਕਿਉਂਕਿ ਇਨ੍ਹਾਂ ਕੋਲ ਲੋਕਾਂ ਦੀ ਭਲਾਈ ਲਈ ਕੋਈ ਠੋਸ ਏਜੰਡਾ ਨਹੀਂ ਹੈ। ਉਨ੍ਹਾਂ ਕਿਹਾ, “ਵਿਰੋਧੀ ਧਿਰ ਕੋਲ ਪੰਜਾਬ ਲਈ ਕੋਈ ਏਜੰਡਾ ਨਹੀਂ ਹੈ। ਉਹ ਸਿਰਫ਼ ਲੋਕਾਂ ਅਤੇ ਸੂਬੇ ਦੇ ਸਰੋਤਾਂ ਨੂੰ ਲੁੱਟਣ ਦੀ ਆਪਣੀ ਵਾਰੀ ਦੀ ਉਡੀਕ ਕਰ ਰਹੇ ਹਨ। ਉਨ੍ਹਾਂ ਦੇ ਸੁਪਨੇ ਕਦੇ ਵੀ ਪੂਰੇ ਨਹੀਂ ਹੋਣਗੇ ਕਿਉਂਕਿ ਪੰਜਾਬ ਦੇ ਲੋਕ ਬੜੇ ਸਿਆਣੇ ਅਤੇ ਬਹਾਦਰ ਹਨ ਅਤੇ ਉਹ ਅਜਿਹੇ ਆਗੂਆਂ ਦੇ ਸ਼ੱਕੀ ਕਿਰਦਾਰ ਨੂੰ ਸਮਝਦੇ ਹਨ।” ਉਨ੍ਹਾਂ ਅੱਗੇ ਕਿਹਾ ਕਿ ਪੰਜਾਬੀ ਇਨ੍ਹਾਂ ਵਿਰੋਧੀ ਤਾਕਤਾਂ ਨੂੰ ਕਦੇ ਵੀ ਆਪਣੇ ਨਾਪਾਕ ਮਨਸੂਬਿਆਂ ਵਿੱਚ ਸਫਲ ਨਹੀਂ ਹੋਣ ਦੇਣਗੇ।ਲੋਕਾਂ ਨੂੰ ਮੌਕਾਪ੍ਰਸਤ ਅਤੇ ਸੱਤਾ ਦੇ ਭੁੱਖੇ ਸਿਆਸਤਦਾਨਾਂ ਤੋਂ ਚੌਕਸ ਰਹਿਣ ਦੀ ਅਪੀਲ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਰਵਾਇਤੀ ਪਾਰਟੀਆਂ ਦਾ ਇੱਕੋ-ਇੱਕ ਉਦੇਸ਼ ਪੰਜਾਬ ਅਤੇ ਇਸ ਦੇ ਲੋਕਾਂ ਦੀ ਲੁੱਟ ਕਰਨਾ ਹੈ। ਮੁੱਖ ਮੰਤਰੀ ਨੇ ਕਿਹਾ,÷ਸਮੇਂ ਦੀ ਲੋੜ ਹੈ ਕਿ ਇਨ੍ਹਾਂ ਪਾਰਟੀਆਂ ਨੂੰ ਬਿਲਕੁਲ ਮੂੰਹ ਨਾ ਲਾਇਆ ਜਾਵੇ ਤਾਂ ਜੋ ਰੰਗਲਾ ਪੰਜਾਬ ਬਣਾਉਣ ਲਈ ਸੂਬਾ ਸਰਕਾਰ ਦੇ ਯਤਨਾਂ ਦੇ ਸਾਕਾਰਤਮਕ ਨਤੀਜੇ ਨਿਕਲ ਸਕਣ।” ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨਵੇਂ ਆਮ ਆਦਮੀ ਕਲੀਨਿਕ, ਸਕੂਲ ਅਤੇ ਕਾਲਜ ਖੋਲ੍ਹਣ ਦੇ ਨਾਲ-ਨਾਲ ਹੋਰ ਲੋਕ ਭਲਾਈ ਪਹਿਲਕਦਮੀਆਂ ਨੂੰ ਲਾਗੂ ਕਰਕੇ ਵਿਕਾਸ ਨੂੰ ਤੇਜ਼ ਕਰਨ ਲਈ ਅਣਥੱਕ ਮਿਹਨਤ ਕਰ ਰਹੀ ਹੈ।ਇਸ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅੰਤਰਰਾਸ਼ਟਰੀ ਸਰਹੱਦ ਦੇ ਨਾਲ ਸਥਿਤ ਪਿੰਡ ਬਕਰੌਰ ਵਿੱਚ ਇਕ ਕੋ-ਐਜੂਕੇਸ਼ਨਲ ਕਾਲਜ (ਸਹਿ-ਵਿਦਿਅਕ ਕਾਲਜ) ਦਾ ਨੀਂਹ ਪੱਥਰ ਰੱਖਿਆ ਗਿਆ ਹੈ। ਉਨ੍ਹਾਂ ਕਿਹਾ,÷ਇਸ ਕਾਲਜ ਨਾਲ ਸਰਹੱਦੀ ਖੇਤਰ ਦੇ ਨੌਜਵਾਨ ਆਪਣੇ ਘਰਾਂ ਦੇ ਨੇੜੇ ਉੱਚ ਸਿੱਖਿਆ ਪ੍ਰਾਪਤ ਕਰ ਸਕਣਗੇ। 15 ਏਕੜ ਰਕਬੇ ਵਿੱਚ ਇਸ ਸੰਸਥਾ ਨੂੰ ਬਣਾਉਣ ’ਤੇ 15 ਕਰੋੜ ਰੁਪਏ ਖਰਚ ਕੀਤੇ ਜਾਣਗੇ।” ਉਨ੍ਹਾਂ ਨੇ ਇਸ ਪ੍ਰੋਜੈਕਟ ਲਈ ਜ਼ਮੀਨ ਦਾਨ ਕਰਨ ਲਈ ਬਕਰੌਰ ਪਿੰਡ ਦੀ ਪੰਚਾਇਤ ਅਤੇ ਨਿਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਕਾਲਜ ਦੇ ਨੇੜਲੇ 50 ਪਿੰਡਾਂ ਦੇ ਨੌਜਵਾਨਾਂ ਨੂੰ ਲਾਭ ਹੋਵੇਗਾ ਜਿਸ ਵਿੱਚ ਆਉਣ ਵਾਲੇ ਸਾਲਾਂ ਵਿੱਚ 2000 ਤੋਂ ਵੱਧ ਵਿਦਿਆਰਥੀਆਂ ਦੇ ਦਾਖਲੇ ਦੀ ਉਮੀਦ ਹੈ। “ਇਹ ਸੰਸਥਾ ਆਰਟਸ, ਸਾਇੰਸ, ਕਾਮਰਸ, ਕੰਪਿਊਟਰ ਵਿਗਿਆਨ, ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਡਿਜੀਟਲ ਸਿੱਖਿਆ ਦੇ ਕੋਰਸ ਕਰਵਾਏਗੀ, ਜਿਸ ਨਾਲ ਸਰਹੱਦੀ ਪੱਟੀ ਦੇ ਵਿਦਿਆਰਥੀਆਂ ਲਈ ਆਧੁਨਿਕ ਅਤੇ ਮਿਆਰੀ ਸਿੱਖਿਆ ਯਕੀਨੀ ਬਣਾਈ ਜਾਵੇਗੀ।” ਉਨ੍ਹਾਂ ਨੇ ਵਿਸ਼ਵਾਸ ਪ੍ਰਗਟ ਕੀਤਾ ਕਿ ਕਾਲਜ ਇਸ ਖੇਤਰ ਦੇ ਨੌਜਵਾਨਾਂ, ਖਾਸ ਕਰਕੇ ਲੜਕੀਆਂ ਦੇ ਚੰਗੇ ਭਵਿੱਖ ਲਈ ਅਹਿਮ ਭੂਮਿਕਾ ਨਿਭਾਏਗਾ।ਇਲਾਕੇ ਦੇ ਨੌਜਵਾਨਾਂ ਦੀਆਂ ਇੱਛਾਵਾਂ ਅਤੇ ਸੁਪਨੇ ਉੱਚੇ ਹੋਣ ਦੀ ਗੱਲ ਆਖਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨਿਰੰਤਰ ਸਹਾਇਤਾ ਰਾਹੀਂ ਇਨ੍ਹਾਂ ਸੁਪਨਿਆਂ ਨੂੰ ਉਡਾਣ ਦੇਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ, “ਸਾਡਾ ਧਿਆਨ ਮੌਜੂਦਾ ਅਤੇ ਭਵਿੱਖੀ ਪੀੜ੍ਹੀਆਂ ਦੀ ਭਲਾਈ ਉੱਤੇ ਕੇਂਦਰਿਤ ਹੈ ਤਾਂ ਜੋ ਪੰਜਾਬ ਤਰੱਕੀ ਅਤੇ ਖ਼ੁਸ਼ਹਾਲੀ ਦੇ ਰਾਹ ’ਤੇ ਅੱਗੇ ਵਧ ਸਕੇ। ਸਮਾਜ ਦੇ ਹਰ ਵਰਗ ਦੀ ਭਲਾਈ ਸਾਡਾ ਮੁੱਖ ਉਦੇਸ਼ ਹੈ।” ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਕਾਲਜ ਲਈ ਜ਼ਮੀਨ ਦਾਨ ਕਰਨ ਵਾਲੇ ਪਿੰਡ ਦੇ ਵਿਦਿਆਰਥੀਆਂ ਨੂੰ ਇਸ ਸੰਸਥਾ ਵਿੱਚ ਮੁਫ਼ਤ ਸਿੱਖਿਆ ਮੁਹੱਈਆ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਕਾਲਜ ਦਾ ਨਾਮ ਬਾਬਾ ਗਮਚੁੱਕ ਜੀ ਮਹਾਰਾਜ ਦੇ ਨਾਮ ’ਤੇ ਰੱਖ ਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਜਾਵੇਗੀ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, “ਮਾਪਿਆਂ ਨੂੰ ਆਪਣੇ ਬੱਚਿਆਂ ਲਈ ਮਿਆਰੀ ਸਿੱਖਿਆ ਯਕੀਨੀ ਬਣਾਉਣੀ ਚਾਹੀਦੀ ਹੈ ਤਾਂ ਜੋ ਉਹ ਮੌਕਿਆਂ ਦੀ ਭਾਲ ਵਿੱਚ ਵਿਦੇਸ਼ ਜਾਣ ਲਈ ਮਜਬੂਰ ਨਾ ਹੋਣ।” ਪਰਵਾਸ ਦੇ ਮੁੱਦੇ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਨੌਜਵਾਨਾਂ ਵਿੱਚੋਂ ਨਿਰਾਸ਼ਾ ਖ਼ਤਮ ਕੀਤੀ ਜਾਣੀ ਚਾਹੀਦੀ ਹੈ ਤਾਂ ਜੋ ਰਿਵਰਸ ਮਾਈਗ੍ਰੇਸ਼ਨ ਵਿੱਚ ਤੇਜ਼ੀ ਆਵੇ। ਉਨ੍ਹਾਂ ਕਿਹਾ, “ਪਿਛਲੀਆਂ ਸਰਕਾਰਾਂ ਨੇ ਇਸ ਚੁਣੌਤੀ ਨੂੰ ਨਜ਼ਰਅੰਦਾਜ਼ ਕੀਤਾ ਅਤੇ ਸਿਸਟਮ ਨੂੰ ਬਰਬਾਦ ਕਰ ਦਿੱਤਾ, ਜਿਸ ਨਾਲ ਨੌਜਵਾਨਾਂ ਨੂੰ ਦੇਸ਼ ਤੋਂ ਬਾਹਰ ਦੇਖਣ ਲਈ ਮਜਬੂਰ ਹੋਣਾ ਪਿਆ। ਇਹ ਮਾਣ ਵਾਲੀ ਗੱਲ ਹੈ ਕਿ ਸਾਡੀ ਸਰਕਾਰ ਨੇ ਸਿਰਫ਼ ਯੋਗਤਾ ਦੇ ਆਧਾਰ ’ਤੇ 63,000 ਤੋਂ ਵੱਧ ਨੌਜਵਾਨਾਂ ਨੂੰ ਪੱਕੀਆਂ ਸਰਕਾਰੀ ਨੌਕਰੀਆਂ ਮੁਹੱਈਆ ਕੀਤੀਆਂ ਹਨ।” ਸਰਹੱਦੀ ਵਸਨੀਕਾਂ ਦੀਆਂ ਚਿੰਤਾਵਾਂ ’ਤੇ ਬੋਲਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਸਰਹੱਦੀ ਵਸਨੀਕਾਂ ਭਲਾਈ ਲਈ ਹਰ ਸੰਭਵ ਯਤਨ ਕਰ ਰਹੀ ਹੈ ਕਿਉਂਕਿ ਉਹ ਸਹੀ ਮਾਇਨਿਆਂ ਵਿੱਚ ਦੇਸ਼ ਭਗਤ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੀ ਸਰਹੱਦ ਪੱਟੀ ਦੇ ਕਿਸਾਨਾਂ ਲਈ ਵੱਡੀ ਰਾਹਤ ਵਜੋਂ ਕੇਂਦਰ ਸਰਕਾਰ ਨੇ ਕੰਡਿਆਲੀ ਤਾਰ ਨੂੰ ਅੰਤਰਰਾਸ਼ਟਰੀ ਸਰਹੱਦ ਵੱਲ ਤਬਦੀਲ ਕਰਨ ਲਈ ਸਿਧਾਂਤਕ ਤੌਰ ’ਤੇ ਪ੍ਰਵਾਨਗੀ ਦੇ ਦਿੱਤੀ ਹੈ। ਉਨ੍ਹਾਂ ਕਿਹਾ, “ਇਸ ਨਾਲ ਹਜ਼ਾਰਾਂ ਏਕੜ ਖੇਤੀ ਵਾਲੀ ਜ਼ਮੀਨ ਉੱਤੇ ਬਿਨਾਂ ਕਿਸੇ ਰੁਕਾਵਟ ਦੇ ਖੇਤੀ ਕੀਤੀ ਜਾ ਸਕੇਗੀ, ਜੋ ਇਸ ਸਮੇਂ ਕੰਡਿਆਲੀ ਤਾਰ ਤੋਂ ਪਰ੍ਹੇ ਹੈ। ਕਿਸਾਨਾਂ ਨੂੰ ਪਹਿਲਾਂ 532 ਕਿਲੋਮੀਟਰ ਭਾਰਤ-ਪਾਕਿਸਤਾਨ ਸਰਹੱਦ ਦੇ ਨਾਲ ਆਪਣੇ ਖੇਤਾਂ ਤੱਕ ਪਹੁੰਚਣ ਲਈ ਬੀ.ਐਸ.ਐਫ. ਦੀ ਸੁਰੱਖਿਆ ਹੇਠ ਕੰਡਿਆਲੀ ਤਾਰ ਪਾਰ ਕਰਨ ਲਈ ਮਜਬੂਰ ਕੀਤਾ ਜਾਂਦਾ ਸੀ। ਲਗਾਤਾਰ ਯਤਨਾਂ ਤੋਂ ਬਾਅਦ ਇਸ ਲੰਬੇ ਸਮੇਂ ਤੋਂ ਲਟਕ ਰਹੇ ਮੁੱਦੇ ’ਤੇ ਆਖ਼ਰਕਾਰ ਪ੍ਰਗਤੀ ਹੋਈ ਹੈ।÷ਇਕੱਠ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਪੰਜਾਬ ਸਰਕਾਰ ਵੱਲੋਂ ਸਿੱਖਿਆ ਖੇਤਰ ਵਿੱਚ ਹਾਸਲ ਉਪਲਬਧੀਆਂ ’ਤੇ ਚਾਨਣਾ ਪਾਇਆ ਅਤੇ ਕਿਹਾ ਕਿ ਸੂਬਾ ਕੌਮੀ ਪੱਧਰ ’ਤੇ ਮੋਹਰੀ ਬਣ ਕੇ ਉੱਭਰਿਆ ਹੈ। ਉਨ੍ਹਾਂ ਕਿਹਾ, “ਇਹ ਆਉਣ ਵਾਲਾ ਪ੍ਰਾਜੈਕਟ ਇਸ ਸਰਹੱਦੀ ਜ਼ਿਲ੍ਹੇ ਦੇ ਨੌਜਵਾਨਾਂ ਦੀ ਕਿਸਮਤ ਬਦਲ ਦੇਵੇਗਾ। ਇਹ ਇਕ ਇਤਿਹਾਸਕ ਦਿਨ ਹੈ, ਜੋ ਮੁੱਖ ਮੰਤਰੀ ਅਤੇ ਸੂਬਾ ਸਰਕਾਰ ਦੀ ਦੂਰਅੰਦੇਸ਼ੀ ਸੋਚ ਸਦਕਾ ਸੰਭਵ ਹੋਇਆ ਹੈ।÷ਇਸ ਦੌਰਾਨ ਸੀਨੀਅਰ ‘ਆਪ’ ਨੇਤਾ ਅਤੇ ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ ਨੇ ਇਸ ਪਹਿਲਕਦਮੀ ਨੂੰ ਸਰਹੱਦੀ ਖੇਤਰਾਂ ਵਿੱਚ ਨੌਜਵਾਨਾਂ ਨੂੰ ਸਸ਼ਕਤ ਬਣਾਉਣ ਵੱਲ ਇਕ ਮਾਰਗ-ਦਰਸ਼ਕ ਕਦਮ ਦੱਸਿਆ। ਉਨ੍ਹਾਂ ਕਿਹਾ, “ਇਹ ਮੰਦਭਾਗਾ ਹੈ ਕਿ ਅਜਨਾਲਾ ਵਿੱਚ 70 ਕਿਲੋਮੀਟਰ ਦੇ ਘੇਰੇ ਵਿੱਚ ਕੋਈ ਕਾਲਜ ਨਹੀਂ ਸੀ। ਲੋਕਾਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਅੱਜ ਪੂਰੀ ਹੋ ਗਈ ਹੈ। ਅਸੀਂ ਹਰ ਵਾਅਦੇ ਨੂੰ ਪੂਰਾ ਕਰਨ ਵਿੱਚ ਵਿਸ਼ਵਾਸ ਰੱਖਦੇ ਹਾਂ ਅਤੇ ਇਹ ਕਾਲਜ ਉਸ ਵਚਨਬੱਧਤਾ ਨੂੰ ਦਰਸਾਉਂਦਾ ਹੈ।÷ਸਮਾਗਮ ਵਿੱਚ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਹਰਭਜਨ ਸਿੰਘ ਈ.ਟੀ.ਓ., ਸੀਨੀਅਰ ਆਪ ਆਗੂ ਅਤੇ ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ, ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਅਤੇ ਹੋਰ ਪਾਰਟੀ ਆਗੂ ਤੇ ਸਥਾਨਕ ਨੁਮਾਇੰਦੇ ਸ਼ਾਮਲ ਹੋਏ।ਭਗਵੰਤ ਮਾਨ ਸਰਕਾਰ ਦਾ ਸਰਹੱਦੀ ਨੌਜਵਾਨਾਂ ਲਈ ਕ੍ਰਾਂਤੀਕਾਰੀ ਕਦਮ ਬਕਰੌਰ ਵਿਖੇ ਸਰਕਾਰੀ ਡਿਗਰੀ ਅਤੇ ਵੋਕੇਸ਼ਨਲ ਸਿਖਲਾਈ ਕਾਲਜ ਦੀ ਸਥਾਪਨਾ ਕਰ ਕੇ ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਸਰਹੱਦੀ ਪੱਟੀ ਦੇ ਲੋਕਾਂ ਦੀ ਦਹਾਕਿਆਂ ਪੁਰਾਣੀ ਮੰਗ ਪੂਰੀ ਕਰਨਾ ਦੂਰਅੰਦੇਸ਼ੀ ਸੋਚ ਦੀ ਪ੍ਰਤੀਕ ਹੈ।ਪਹਿਲਾਂ ਵਿਦਿਆਰਥੀਆਂ ਨੂੰ ਉੱਚ ਸਿੱਖਿਆ ਲਈ ਲਗਪਗ 40 ਕਿਲੋਮੀਟਰ ਅੰਮ੍ਰਿਤਸਰ ਜਾਣ ਲਈ ਮਜਬੂਰ ਹੋਣਾ ਪੈਂਦਾ ਸੀ। ਇਸ ਕਾਰਨ ਅਕਸਰ ਵਿਦਿਆਰਥੀ, ਖ਼ਾਸ ਕਰ ਕੇ ਲੜਕੀਆਂ ਦੀ ਪੜ੍ਹਾਈ ਵਿਚਾਲੇ ਛੁੱਟ ਜਾਂਦੀ ਸੀ।ਲੰਮੇ ਸਮੇਂ ਤੋਂ ਚੱਲੀ ਆ ਰਹੀ ਜਨਤਕ ਵਚਨਬੱਧਤਾ ਨੂੰ ਪੂਰਾ ਕਰਕੇ ਅਤੇ ਇਸ ਨੂੰ ਜ਼ਮੀਨੀ ਪੱਧਰ ▾ਤੇ ਠੋਸ ਕਾਰਵਾਈ ਵਿੱਚ ਬਦਲ ਕੇ ਸੂਬਾ ਸਰਕਾਰ ਨੇ ਇਹ ਯਕੀਨੀ ਬਣਾਇਆ ਹੈ ਕਿ ਆਲੇ-ਦੁਆਲੇ ਦੇ 50 ਤੋਂ ਵੱਧ ਪਿੰਡਾਂ ਦੇ ਵਿਦਿਆਰਥੀਆਂ ਨੂੰ 15 ਏਕੜ ਦੇ ਕੈਂਪਸ ਵਿੱਚ ਮਿਆਰੀ ਉੱਚ ਸਿੱਖਿਆ ਅਤੇ ਹੁਨਰ-ਅਧਾਰਤ ਸਿੱਖਿਆ ਤੱਕ ਸਿੱਧੀ ਪਹੁੰਚ ਮਿਲੇ, ਜਿਸ ਵਿੱਚ ਡਿਗਰੀ ਪ੍ਰੋਗਰਾਮਾਂ ਨੂੰ ਰੋਜ਼ਗਾਰ-ਆਧਾਰਤ ਕੋਰਸਾਂ ਜਿਵੇਂ ਕਿ ਕੰਪਿਊਟਰ ਸਾਇੰਸ, ਆਰਟੀਫੀਸ਼ਲ ਇੰਟੈਲੀਜੈਂਸ ਅਤੇ ਡਿਜੀਟਲ ਹੁਨਰ ਨਾਲ ਜੋੜਿਆ ਜਾਵੇਗਾ।

ਇਸ ਨੂੰ ਆਧੁਨਿਕ ਅਤੇ ਵਿਦਿਆਰਥੀ-ਕੇਂਦ੍ਰਿਤ ਸੰਸਥਾ ਵਜੋਂ ਤਿਆਰ ਕੀਤਾ ਗਿਆ, ਜਿਸ ਵਿੱਚ ਕਿੱਤਾਮੁਖੀ ਸਹੂਲਤਾਂ ਅਤੇ ਖੇਡ ਬੁਨਿਆਦੀ ਢਾਂਚਾ ਹੈ। ਇਹ ਕਾਲਜ ਪੰਜਾਬ ਦੇ ਸੰਵੇਦਨਸ਼ੀਲ ਸਰਹੱਦੀ ਖੇਤਰ ਵਿੱਚ ਸਮਾਜਿਕ ਬਰਾਬਰੀ ਅਤੇ ਨੌਜਵਾਨ ਸ਼ਕਤੀਕਰਨ ਲਈ ਪ੍ਰੇਰਕ ਬਣਨ ਲਈ ਤਿਆਰ ਹੈ, ਜੋ ਮਾਨ ਸਰਕਾਰ ਦੇ ਸਾਰਿਆਂ ਲਈ ਬਰਾਬਰ ਮੌਕੇ ਦੇ ਸ਼ਾਸਨ ਮਾਡਲ ਦੀ ਮਜ਼ਬੂਤੀ ਨੂੰ ਦਰਸਾਉਂਦਾ ਹੈ।

# ਗੈਸ ਸਿਲੰਡਰਾਂ ’ਤੇ ਦੁਕਾਨਦਾਰਾਂ ਦੀ ਮਨਮਾਨੀ, ਗ੍ਰਾਹਕਾਂ ਦੀ ਲੁੱਟ ਜਾਰੀ

## ਸਰਕਾਰੀ ਰੇਟ 890 ਰੁਪਏ, ਬਲੈਕ ’ਚ 1000 ਰੁਪਏ ਵਸੂਲ ਰਹੇ ਦੁਕਾਨਦਾਰ



ਤਲਵੰਡੀ ਸਾਬੋ, 19 ਜਨਵਰੀ (ਗੁਰਜੰਟ ਸਿੰਘ ਨਥੇਹਾ)- ਸਰਕਾਰ ਵੱਲੋਂ ਗੈਸ ਸਿਲੰਡਰਾਂ ਦੀ ਬਲੈਕ ਮਾਰਕੀਟਿੰਗ ‘ਤੇ ਨਕੇਲ ਕਸਣ ਲਈ ਹਰ ਗਾਹਕ ਨੂੰ ਸਿਲੰਡਰ ਡਿਲਿਵਰੀ ਸਮੇਂ OTP ਦੇਣ ਦੀ ਪ੍ਰਕਿਰਿਆ ਲਾਗੂ ਕੀਤੀ ਗਈ ਸੀ, ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਸਿਲੰਡਰ ਸਹੀ ਗਾਹਕ ਤੱਕ ਸਰਕਾਰੀ ਰੇਟ ‘ਤੇ ਹੀ ਪਹੁੰਚੇ ਪਰ ਮੌਜੂਦਾ ਹਾਲਾਤਾਂ ਨੇ ਇਸ ਪ੍ਰਕਿਰਿਆ ‘ਤੇ ਹੀ ਸਵਾਲ ਖੜੇ ਕਰ ਦਿੱਤੇ ਹਨ। ਜ਼ਮੀਨੀ ਹਕੀਕਤ ਇਹ ਹੈ ਕਿ ਇਲਾਕੇ ਦੀਆਂ ਬਹੁਤੀਆਂ ਦੁਕਾਨਾਂ ‘ਤੇ ਪਏ ਗੈਸ ਸਿਲੰਡਰ ਗ੍ਰਾਹਕਾਂ ਨੂੰ 1000 ਰੁਪਏ ਵਿੱਚ ਦਿੱਤੇ ਜਾ ਰਹੇ ਹਨ, ਜਦਕਿ ਸਰਕਾਰੀ ਤੌਰ ‘ਤੇ ਸਿਲੰਡਰ ਦਾ ਨਿਰਧਾਰਤ ਰੇਟ ਸਿਰਫ਼ 890 ਰੁਪਏ ਹੈ। ਘਰੇਲੂ ਮਹਿਲਾਵਾਂ, ਮਜ਼ਦੂਰ ਵਰਗ, ਦਿਹਾੜੀਦਾਰ ਅਤੇ ਗਰੀਬ ਪਰਿਵਾਰ ਇਸ ਲੁੱਟ ਦਾ ਸਭ ਤੋਂ ਵੱਧ ਸ਼ਿਕਾਰ ਬਣ ਰਹੇ ਹਨ। ਲੋਕਾਂ ਦਾ ਕਹਿਣਾ ਹੈ ਕਿ ਇੱਕ ਪਾਸੇ ਮਹਿੰਗਾਈ ਦਿਨੋ ਦਿਨ ਵਧ ਰਹੀ ਹੈ ਅਤੇ ਦੂਜੇ ਪਾਸੇ ਦੁਕਾਨਦਾਰਾਂ ਦੀ ਇਹ ਮਨਮਾਨੀ ਆਮ ਘਰਾਂ ਦਾ ਬਜਟ ਪੂਰੀ ਤਰ੍ਹਾਂ ਵਿਗਾੜ ਰਹੀ ਹੈ। ਲੋਕਾਂ ਵਿੱਚ ਇਹ ਵੀ ਚਰਚਾ ਹੈ ਕਿ ਜਦੋਂ ਹਰ ਸਿਲੰਡਰ ਦੀ ਡਿਲਿਵਰੀ OTP ਨਾਲ ਜੁੜੀ ਹੋਈ ਹੈ ਤਾਂ ਫਿਰ ਵੱਧ ਰੇਟ ਵਸੂਲਣ ਦਾ ਰਿਕਾਰਡ ਕਿੱਥੇ ਦਰਜ ਹੁੰਦਾ ਹੈ? ਕੀ ਸਬੰਧਤ ਵਿਭਾਗ ਵੱਲੋਂ ਸਿਰਫ਼ ਸਿਲੰਡਰ ਦੀ ਡਿਲਿਵਰੀ ‘ਤੇ ਧਿਆਨ ਦਿੱਤਾ ਜਾ ਰਿਹਾ ਹੈ ਅਤੇ ਰੇਟਾਂ ਦੀ ਜਾਂਚ ਨਜ਼ਰਅੰਦਾਜ਼ ਕੀਤੀ ਜਾ ਰਹੀ ਹੈ? ਇਲਾਕਾ ਵਾਸੀਆਂ ਅਤੇ ਸਮਾਜਿਕ ਜਥੇਬੰਦੀਆਂ ਨੇ ਮੰਗ ਕੀਤੀ ਹੈ ਕਿ ਖਾਦ ਤੇ ਸਪਲਾਈ ਵਿਭਾਗ ਵੱਲੋਂ ਅਚਾਨਕ ਛਾਪੇਮਾਰੀ ਕਰਕੇ ਦੁਕਾਨਾਂ ‘ਤੇ ਮੌਜੂਦ ਸਿਲੰਡਰਾਂ, ਰੇਟ ਲਿਸਟਾਂ ਦੀ ਜਾਂਚ ਕੀਤੀ ਜਾਵੇ। ਉਨ੍ਹਾਂ ਦਾ ਕਹਿਣਾ ਹੈ ਕਿ ਜੇ ਦੋਸ਼ੀ ਦੁਕਾਨਦਾਰਾਂ ਖ਼ਿਲਾਫ਼ ਸਖ਼ਤ ਕਾਰਵਾਈ ਨਾ ਕੀਤੀ ਗਈ ਤਾਂ ਇਹ ਬਲੈਕ ਮਾਰਕੀਟਿੰਗ ਹੋਰ ਵੀ ਵਧ ਸਕਦੀ ਹੈ। ਲੋਕਾਂ ਨੇ ਇਹ ਵੀ ਮੰਗ ਰੱਖੀ ਹੈ ਕਿ ਦੁਕਾਨਾਂ ‘ਤੇ ਸਰਕਾਰੀ ਰੇਟ ਦੀ ਲਿਸਟ ਸਪਸ਼ਟ ਤੌਰ ‘ਤੇ ਲਗਾਈ ਜਾਵੇ ਅਤੇ ਗ੍ਰਾਹਕਾਂ ਨੂੰ ਰਸੀਦ ਦੇਣਾ ਲਾਜ਼ਮੀ ਕੀਤਾ ਜਾਵੇ, ਤਾਂ ਜੋ ਲੁੱਟ ‘ਤੇ ਰੋਕ ਲੱਗ ਸਕੇ। ਜਾਂ ਫਿਰ ਪਿੰਡਾਂ ਵਿੱਚ ਸਰਕਾਰੀ ਤੌਰ ’ਤੇ ਸਿਲੰਡਰਾਂ ਦੀਆਂ ਛੋਟੀਆਂ ਦੁਕਾਨਾਂ ਖੋਲ੍ਹੀਆਂ ਜਾਣ ਜਿੱਥੋਂ ਸਿਲੰਡਰ ਖਰੀਦੇ ਜਾ ਸਕਣ।

ਇਸ ਮਾਮਲੇ ਸਬੰਧੀ ਐੱਸਡੀਐੱਮ ਤਲਵੰਡੀ ਸਾਬੋ ਸ਼੍ਰੀ ਪੰਕਜ ਬਾਂਸਲ ਨਾਲ ਗਲਬਾਤ ਕਰਨ ਲਈ ਉਹਨਾਂ ਦੇ ਮੋਬਾਇਲ ’ਤੇ ਕਾਲ ਕੀਤੀ ਤਾਂ ਉਹਨਾਂ ਨੇ ਕਾਲ ਚੁੱਕਣੀ ਮੁਨਾਸਿਬ ਨਹੀਂ ਸਮਝੀ। ਹੁਣ ਸਭ ਦੀ ਨਜ਼ਰ ਪ੍ਰਸ਼ਾਸਨ ਅਤੇ ਸਬੰਧਤ ਵਿਭਾਗ ‘ਤੇ ਟਿਕੀ ਹੋਈ ਹੈ ਕਿ ਉਹ ਇਸ ਮਾਮਲੇ ‘ਚ ਕੀ ਕਾਰਵਾਈ ਕਰਦੇ ਹਨ।

# ਕੀ ਬੰਦ ਹੋ ਜਾਵੇਗਾ 500 ਰੁਪਏ ਦਾ ਨੋਟ ? ਸਰਕਾਰ ਨੇ ਬਿਆਨ ਜਾਰੀ ਕਰਕੇ ਦੱਸੀ ਸੱਚਾਈ



**ਨਵੀਂ ਦਿੱਲੀ, 19 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸੋਸ਼ਲ ਮੀਡੀਆ ’ਤੇ ਨੋਟਬੰਦੀ ਬਾਰੇ ਚਰਚਾ ਇੱਕ ਵਾਰ ਫਿਰ ਤੇਜ਼ ਹੋ ਗਈ ਹੈ। ਦਾਅਵੇ ਕੀਤੇ ਜਾ ਰਹੇ ਹਨ ਕਿ ਸਰਕਾਰ ਅਤੇ ਭਾਰਤੀ ਰਿਜ਼ਰਵ ਬੈਂਕ ਸਾਂਝੇ ਤੌਰ ’ਤੇ 500 ਰੁਪਏ ਦੇ ਨੋਟ ਨੂੰ ਬੰਦ ਕਰਨ ਦੀ ਤਿਆਰੀ ਕਰ ਰਹੇ ਹਨ, ਅਤੇ ਇਹ ਕਿ 100 ਰੁਪਏ ਦਾ ਨੋਟ ਦੇਸ਼ ਦੀ ਸਭ ਤੋਂ ਵੱਡੀ ਕਰੰਸੀ ਬਣ ਜਾਵੇਗਾ। ਇਨ੍ਹਾਂ ਅਫਵਾਹਾਂ ਨੇ ਜਨਤਾ ਵਿੱਚ ਚਿੰਤਾਵਾਂ ਪੈਦਾ ਕਰ ਦਿੱਤੀਆਂ ਹਨ, ਪਰ ਹੁਣ ਸਰਕਾਰ ਨੇ ਸਥਿਤੀ ਨੂੰ ਪੂਰੀ ਤਰ੍ਹਾਂ ਸਪੱਸ਼ਟ ਕਰ ਦਿੱਤਾ ਹੈ। ਇਨ੍ਹਾਂ ਅਫਵਾਹਾਂ ਨੇ ਲੋਕਾਂ ਨੂੰ 2016 ਦੇ ਨੋਟਬੰਦੀ ਅਤੇ ਉਸ ਸਮੇਂ ਦੌਰਾਨ ਆਈਆਂ ਮੁਸ਼ਕਲਾਂ ਦੀ ਯਾਦ ਦਿਵਾ ਦਿੱਤੀ ਹੈ ਪ੍ਰੈਸ ਇਨਫਰਮੇਸ਼ਨ ਬਿਊਰੋ (ਪੀਆਈਬੀ) ਦੀ ਫੈਕਟ ਚੈੱਕ ਯੂਨਿਟ ਨੇ ਸੋਸ਼ਲ ਮੀਡੀਆ ’ਤੇ ਫੈਲ ਰਹੇ ਦਾਅਵਿਆਂ ਨੂੰ ਪੂਰੀ ਤਰ੍ਹਾਂ ਖਾਰਜ ਕਰ ਦਿੱਤਾ ਹੈ ਕਿ ਕੇਂਦਰ ਸਰਕਾਰ 500 ਰੁਪਏ ਦੇ ਨੋਟਾਂ ’ਤੇ ਪਾਬੰਦੀ ਲਗਾਉਣ ਦੀ ਯੋਜਨਾ ਬਣਾ ਰਹੀ ਹੈ। ਪੀਆਈਬੀ ਫੈਕਟ ਚੈੱਕ ਨੇ ਇਨ੍ਹਾਂ ਦਾਅਵਿਆਂ ਨੂੰ “ਜਾਅਲੀ” ਐਲਾਨ ਕੀਤਾ ਹੈ। ਪੀਆਈਬੀ ਨੇ ਸੋਸ਼ਲ ਮੀਡੀਆ ਪਲੇਟਫਾਰਮ ਐਕਸ ’ਤੇ ਪੋਸਟ ਕੀਤਾ ਹੈ ਜਿਸ ਵਿੱਚ ਕਿਹਾ ਗਿਆ ਹੈ ਕਿ ਭਾਰਤ ਸਰਕਾਰ ਨੇ 500 ਰੁਪਏ ਦੇ ਨੋਟ ਨੂੰ ਬੰਦ ਕਰਨ ਸੰਬੰਧੀ ਕੋਈ ਐਲਾਨ ਨਹੀਂ ਕੀਤਾ ਹੈ। ਫੈਕਟ ਚੈੱਕ ਯੂਨਿਟ ਨੇ ਗੁੰਮਰਾਹਕੁੰਨ ਪੋਸਟ ਦਾ ਸਕ੍ਰੀਨਸ਼ਾਟ ਸਾਂਝਾ ਕੀਤਾ ਅਤੇ ਲੋਕਾਂ ਨੂੰ ਚੌਕਸ ਰਹਿਣ ਦੀ ਸਲਾਹ ਦਿੱਤੀ।

**ਜਨਤਕ ਅਪੀਲ** : ਪੀਆਈਬੀ ਨੇ ਜਨਤਾ ਨੂੰ ਸਰਕਾਰੀ ਨੀਤੀਆਂ ਅਤੇ ਆਰਥਿਕ ਫੈਸਲਿਆਂ ਨਾਲ ਸਬੰਧਤ ਜਾਣਕਾਰੀ ਲਈ ਸਿਰਫ਼ ਅਧਿਕਾਰਤ ਸਰੋਤਾਂ ’ਤੇ ਭਰੋਸਾ ਕਰਨ ਦੀ ਅਪੀਲ ਕੀਤੀ ਹੈ। ਪੀਆਈਬੀ ਨੇ ਕਿਹਾ ਕਿ ਉਸਦੀ ਫੈਕਟ ਚੈੱਕ ਯੂਨਿਟ ਸੋਸ਼ਲ ਮੀਡੀਆ ’ਤੇ ਫੈਲ ਰਹੀਆਂ ਝੂਠੀਆਂ ਅਤੇ ਗੁੰਮਰਾਹਕੁੰਨ ਖ਼ਬਰਾਂ ਦਾ ਲਗਾਤਾਰ ਪਰਦਾਫਾਸ਼ ਕਰਦੀ ਹੈ, ਜੋ ਅਕਸਰ ਲੋਕਾਂ ਨੂੰ ਗੁੰਮਰਾਹ ਕਰਨ ਅਤੇ ਡਰ ਫੈਲਾਉਣ ਦੇ ਇਰਾਦੇ ਨਾਲ ਫੈਲਾਈਆਂ ਜਾਂਦੀਆਂ ਹਨ।

### ਕੈਨੇਡਾ ਹਕੂਮਤ ਦੀ ਰਿਪੋਰਟ ਨੇ ਦੱਸਿਆ ਕਿ

# ਹਿੰਦੂਤਵ ਹਕੂਮਤ ਗੈਂਗਸਟਰਾਂ ਦੀ ਕਰ ਰਹੀ ਹੈ ਦੁਰਵਰਤੋਂ: ਮਾਨ



**ਨਵੀਂ ਦਿੱਲੀ, 19 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):-** ਜਦੋਂ ਬਹੁਤ ਸਮਾਂ ਪਹਿਲੇ ਤੋਂ ਅਸੀ ਇਥੋ ਦੇ ਅਮਨ-ਚੈਨ, ਕਾਨੂੰਨੀ ਵਿਵਸਥਾਂ ਨੂੰ ਮੁੱਖ ਰੱਖਕੇ ਸਿਆਸੀ ਦੁਸਮਣੀਆਂ ਅਤੇ ਸਿਆਸੀ ਨਿਸ਼ਾਨੇ ਦੀ ਪੂਰਤੀ ਕਰਨ ਲਈ ਸੈਂਟਰ ਦੀ ਮੋਦੀ ਬੀਜੇਪੀ-ਆਰ.ਐਸ.ਐਸ ਹਕੂਮਤ ਗੈਂਗਸਟਰਾਂ ਦੀ ਸਰਪ੍ਰਸਤੀ ਕਰਦੀ ਆ ਰਹੀ ਹੈ ਅਤੇ ਉਨ੍ਹਾਂ ਨੂੰ ਆਪਣੇ ਸਿਆਸੀ ਮਕਸਦਾਂ ਦੀ ਪੂਰਤੀ ਲਈ ਕਤਲੇਆਮ ਕਰਵਾਉਦੀ ਆ ਰਹੀ ਹੈ, ਦੀ ਆਵਾਜ ਉਠਾਉਦੇ ਆ ਰਹੇ ਹਾਂ । ਪਰ ਹੁਕਮਰਾਨਾਂ ਨੇ ਹਮੇਸ਼ਾਂ ਇਸ ਸੱਚ ਨੂੰ ਝੁਠਲਾਉਣ ਲਈ ਆਪਣੇ ਮੀਡੀਏ, ਪ੍ਰਚਾਰ ਸਾਧਨਾਂ ਦੀ ਦੁਰਵਰਤੋ ਕਰਕੇ ਗੁੰਮਰਾਹ ਕਰਦੇ ਰਹੇ ਹਨ । ਪਰ ਹੁਣ ਜਦੋ ਕੈਨੇਡਾ ਦੀ ਮੌਜੂਦਾ ਹਕੂਮਤ ਨੇ ਸਮੁੱਚੇ ਸੰਸਾਰ ਦੇ ਵੱਡੇ ਅਖਬਾਰਾਂ ਵਿਚ ਇਹ ਰਿਪੋਰਟ ਨਸਰ ਕਰ ਦਿੱਤੀ ਹੈ ਕਿ ਇੰਡੀਅਨ ਹੁਕਮਰਾਨ ਬਿਸਨੋਈ ਨਾਮ ਦੇ ਗੈਗਸਟਰ ਤੋ ਸਿੱਖਾਂ ਦੇ ਅਤੇ ਹੋਰ ਕਤਲ ਕਰਵਾ ਰਹੇ ਹਨ, ਦੇ ਸੰਬੰਧ ਵਿਚ ਵਿਸਥਾਰਿਤ ਰਿਪੋਰਟ ਜਾਰੀ ਕਰ ਦਿੱਤੀ ਹੈ, ਹੁਣ ਕੋਈ ਸੱਕ ਸੁਬਾਹ ਬਾਕੀ ਨਹੀ ਰਹਿ ਗਿਆ ਕਿ ਜੋ ਇੰਡੀਅਨ ਹੁਕਮਰਾਨਾਂ ਸ੍ਰੀ ਮੋਦੀ ਦੀ ਜਾਲਮ ਚੰਡਾਲ ਚੌਕੜੀ ਵੱਲੋ ਕੈਨੇਡਾ, ਅਮਰੀਕਾ, ਬਰਤਾਨੀਆ, ਪਾਕਿਸਤਾਨ ਅਤੇ ਇੰਡੀਆ ਵਿਚ ਆਜਾਦੀ ਚਾਹੁੰਣ ਵਾਲੇ ਸਿੱਖਾਂ ਨੂੰ ਸਾਜਸੀ ਢੰਗ ਨਾਲ ਕਤਲੇਆਮ ਕਰਵਾਇਆ ਹੈ ਜਿਨ੍ਹਾਂ ਵਿਚ ਹਰਦੀਪ ਸਿੰਘ ਨਿੱਝਰ, ਰਿਪੁਦਮਨ ਸਿੰਘ ਮਲਿਕ ਅਤੇ ਸੁਖਦੂਲ ਸਿੰਘ ਕੈਨੇਡਾ, ਅਵਤਾਰ ਸਿੰਘ ਖੰਡਾ, ਪਰਮਜੀਤ ਸਿੰਘ ਪੰਜਵੜ ਤੇ ਲਖਬੀਰ ਸਿੰਘ ਰੋਡੇ ਪਾਕਿਸਤਾਨ, ਦੀਪ ਸਿੰਘ ਸਿੱਧੂ ਹਰਿਆਣਾ, ਸੁਭਦੀਪ ਸਿੰਘ ਸਿੱਧੂ ਮੂਸੇਵਾਲਾ ਦੇ ਕਤਲ ਕਰਵਾਏ ਗਏ ਅਤੇ ਅਮਰੀਕਨ ਨਾਗਰਿਕ ਗੁਰਪਤਵੰਤ ਸਿੰਘ ਪੰਨੂ ਨੂੰ ਮਾਰਨ ਦੀ ਅਸਫਲ ਸਾਜਿਸ ਰਚੀ ਗਈ । ਇਹ ਕਤਲੇਆਮ ਕਰਨ ਵਾਲੀ ਚੰਡਾਲ ਚੌਕੜੀ ਵਿਚ ਸ੍ਰੀ ਮੋਦੀ ਤੋ ਇਲਾਵਾ ਗ੍ਰਹਿ ਵਜੀਰ ਅਮਿਤ ਸ਼ਾਹ, ਵਿਦੇਸ ਵਜੀਰ ਜੈਸੰਕਰ, ਰੱਖਿਆ ਵਜੀਰ ਰਾਜਨਾਥ ਸਿੰਘ, ਸੁਰੱਖਿਆ ਸਲਾਹਕਾਰ ਅਜੀਤ ਡੋਵਾਲ, ਰਾਅ ਮੁੱਖੀ ਰਵੀ ਸਿਨ੍ਹਾਂ ਤੇ ਸਾਬਕਾ ਰਾਅ ਮੁੱਖੀ ਸੰਮਤ ਗੋਇਲ ਸਾਮਿਲ ਹਨ । ਇਹ ਸਾਡੇ ਸਿੱਖਾਂ ਦੇ ਅਤੇ ਹੋਰ ਆਪਣੇ ਸਿਆਸੀ ਵਿਰੋਧੀਆ ਦੇ ਕਾਤਲ ਸਾਬਤ ਹੋ ਚੁੱਕੇ ਹਨ । ਇਸ ਲਈ ਇਨ੍ਹਾਂ ਵਿਰੁੱਧ ਕੌਮਾਂਤਰੀ ਅਦਾਲਤਾਂ ਵਿਚ ਕੌਮਾਂਤਰੀ ਕਾਨੂੰਨਾਂ ਅਨੁਸਾਰ ਫੌਰੀ ਕਾਰਵਾਈ ਕਰਕੇ ਬਣਦੀਆ ਸਜਾਵਾਂ ਦੇਣੀਆ ਬਣਦੀਆ ਹਨ । ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਕੈਨੇਡਾ ਹਕੂਮਤ ਵੱਲੋ ਸਿੱਖਾਂ ਦੇ ਹਿੰਦੂਤਵ ਹੁਕਮਰਾਨਾਂ ਵੱਲੋ ਆਪਣੇ ਸਰਪ੍ਰਸਤੀ ਹੇਠ ਕੰਮ ਕਰ ਰਹੇ ਗੈਗਸਟਰ ਬਿਸਨੋਈ ਦੁਆਰਾ ਕੀਤੇ ਜਾਣ ਵਾਲੇ ਕਤਲਾਂ ਦੀ ਕੌਮਾਂਤਰੀ ਰਿਪੋਰਟ ਆਉਣ ਤੇ ਇਨ੍ਹਾਂ ਜਾਲਮ ਕਾਤਲ ਹਿੰਦੂਤਵ ਹੁਕਮਰਾਨਾਂ ਵਿਰੁੱਧ ਕੌਮਾਂਤਰੀ ਅਦਾਲਤਾਂ ਵਿਚ ਕਾਨੂੰਨੀ ਅਮਲ ਕਰਦੇ ਹੋਏ ਸਮੁੱਚੇ ਜਮਹੂਰੀਅਤ ਪਸੰਦ ਵੱਡੇ ਮੁਲਕਾਂ ਨੂੰ ਅਗਲੇਰੀ ਫੌਰੀ ਕਾਰਵਾਈ ਕਰਨ ਦੀ ਅਪੀਲ ਕਰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ ਬਿਸਨੋਈ ਲੰਮੇ ਸਮੇ ਤੋ ਗੁਜਰਾਤ ਦੀ ਸਾਬਰਮਤੀ ਜੇਲ੍ਹ ਵਿਚ ਬੰਦ ਹੈ ਜਿਸ ਨੂੰ ਹਰ ਤਰ੍ਹਾਂ ਦੀਆਂ ਹੁਕਮਰਾਨਾਂ ਵੱਲੋ ਸਹੂਲਤਾਂ ਵੀ ਪ੍ਰਾਪਤ ਹਨ ਅਤੇ ਉਹ ਜੇਲ੍ਹ ਵਿਚ ਬੈਠੇ ਹੋਏ ਵੀ ਇੰਡੀਆ, ਪੰਜਾਬ, ਹਰਿਆਣਾ ਅਤੇ ਬਾਹਰਲੇ ਮੁਲਕਾਂ ਵਿਚ ਹਿੰਦੂਤਵ ਹੁਕਮਰਾਨਾਂ ਦੇ ਮਿੱਥੇ ਗਏ ਨਿਸ਼ਾਨਿਆ ਅਨੁਸਾਰ ਅੱਜ ਵੀ ਮਨੁੱਖਤਾ ਦਾ ਕਤਲੇਆਮ ਕਰ ਰਿਹਾ ਹੈ । ਜਿਸ ਤੋ ਪ੍ਰਤੱਖ ਸਾਬਤ ਹੋ ਗਿਆ ਹੈ ਕਿ ਇਸ ਗੈਗਸਟਰ ਨੂੰ ਸ੍ਰੀ ਮੋਦੀ, ਸ਼ਾਹ ਤੇ ਸੈਟਰ ਦੀ ਪੂਰਨ ਰੂਪ ਵਿਚ ਸਰਪ੍ਰਸਤੀ ਹਾਸਿਲ ਹੈ ਅਤੇ ਇਸ ਸਿਆਸੀ ਕਤਲਾਂ ਨੂੰ ਰੋਕਣ ਲਈ ਜਰੂਰੀ ਹੈ ਕਿ ਅਮਰੀਕਾ, ਕੈਨੇਡਾ, ਬਰਤਾਨੀਆ, ਆਸਟ੍ਰੇਲੀਆ ਵਰਗੇ ਜਮਹੂਰੀਅਤ ਪਸੰਦ ਮੁਲਕਾਂ ਦੇ ਹੁਕਮਰਾਨ ਕੌਮਾਂਤਰੀ ਕਾਨੂੰਨਾਂ ਅਧੀਨ ਕਾਰਵਾਈ ਕਰਕੇ ਸਜਾਵਾਂ ਦੇਣ ਦਾ ਪ੍ਰਬੰਧ ਕਰਨ ਦੀ ਜਿੰਮੇਵਾਰੀ ਨਿਭਾਉਣ । ਉਨ੍ਹਾਂ ਕਿਹਾ ਕਿ ਸਿੱਖ ਕੌਮ ਕਿਸੇ ਵੀ ਤਰ੍ਹਾਂ ਦੀ ਗੈਰ ਇਨਸਾਨੀਅਤ ਕਾਰਵਾਈ ਦੇ ਸਖਤ ਵਿਰੁੱਧ ਹੈ । ਇਨਸਾਨੀ ਕਦਰਾਂ ਕੀਮਤਾਂ, ਅਮਨ-ਚੈਨ ਤੇ ਹਰ ਕੌਮ ਤੇ ਵਰਗ ਨੂੰ ਆਜਾਦੀ ਨਾਲ ਜਿਉਣ ਦਾ ਹੱਕ ਦੇਣ ਦੀ ਪੈਰਵੀ ਕਰਦੀ ਹੈ । ਲੇਕਿਨ ਜਦੋ ਅਸੀ ਆਪਣੀ ਖੁਦਮੁਖਤਿਆਰੀ ਪ੍ਰਾਪਤ ਕਰਨ ਲਈ ਕੌਮਾਂਤਰੀ ਕਾਨੂੰਨਾਂ ਅਧੀਨ ਸੰਘਰਸ ਕਰਦੇ ਆ ਰਹੇ ਹਾਂ ਅਤੇ 3 ਦੁਸਮਣ ਮੁਲਕਾਂ, ਕਾਮਰੇਡ ਚੀਨ, ਮੁਸਲਿਮ ਪਾਕਿਸਤਾਨ ਅਤੇ ਹਿੰਦੂ ਇੰਡੀਆ ਦੇ ਵਿਚਕਾਰ ਬਤੌਰ ਬਫਰ ਸਟੇਟ ਕਾਇਮ ਕਰਨਾ ਚਾਹੁੰਦੇ ਹਾਂ ਤਾਂ ਸਾਨੂੰ ਇਹ ਹੁਕਮਰਾਨ ਗੋਲੀ ਬੰਦੂਕ ਦੀ ਨੀਤੀ ਰਾਹੀ ਕਤਲੇਆਮ ਕਰ ਰਹੇ ਹਨ । ਜੋ ਗੈਰ ਇਨਸਾਨੀ ਤੇ ਕੌਮਾਂਤਰੀ ਕਾਨੂੰਨਾਂ ਦੀ ਉਲੰਘਣਾ ਹੈ । ਅਸੀ ਇਥੇ ਇੰਡੀਆ ਦੇ ਕੈਨੇਡਾ ਸਥਿਤ ਹਾਈਕਮਿਸਨਰ ਮਿਸਟਰ ਦਿਨੇਸ ਪਟਨਾਇਕ ਦਾ ਵਰਣਨ ਕਰਨਾ ਜਰੂਰੀ ਸਮਝਦੇ ਹਾਂ ਜੋ ਨਿੱਜੀ ਤੌਰ ਤੇ ਦਹਿਸਤਗਰਦੀ ਕਾਰਵਾਈਆ ਵਿਚ ਦਿਲਚਸਪੀ ਰੱਖਦੇ ਹੋਏ ਹੁਕਮਰਾਨਾਂ ਦੇ ਦਿਸ਼ਾਨਿਰਦੇਸ਼ਾਂ ਉਤੇ ਅਮਲ ਕਰਦੇ ਆ ਰਹੇ ਹਨ । ਜਿਸ ਤੋ ਪ੍ਰਤੱਖ ਹੋ ਜਾਂਦਾ ਹੈ ਕਿ ਹੁਕਮਰਾਨ ਹਕੂਮਤੀ ਪੱਧਰ ਤੇ ਅਜਿਹੇ ਕਤਲੇਆਮ ਕਰਨ ਦੇ ਅਮਲ ਕਰਦੇ ਆ ਰਹੇ ਹਨ । ਪ੍ਰੰਤੂ ਦੁੱਖ ਅਤੇ ਅਫਸੋਸ ਹੈ ਕਿ ਕੈਨੇਡਾ ਦੀ ਹਕੂਮਤ ਬੀਤੇ 4 ਦਹਾਕਿਆ ਤੋ ਇਸ ਕੰਮ ਵਿਚ ਅਸਫਲ ਰਹੀ ਹੈ ਕਿ ਜੋ ਉਥੇ ਕੈਨੇਡੀਅਨ ਅੰਬੈਸੀ ਵਿਚ ਸਥਿਤ ਅਧਿਕਾਰੀ ਹਨ ਜੋ ਅਜਿਹੀਆ ਗੈਰ ਕਾਨੂੰਨੀ ਕਾਰਵਾਈਆ ਵਿਚ ਸਾਮਿਲ ਹਨ ਉਨ੍ਹਾਂ ਵਿਰੁੱਧ ਅੱਜ ਤੱਕ ਕੋਈ ਅਮਲ ਨਹੀ ਕਰ ਸਕੀ । 1986 ਵਿਚ ਏਅਰ ਇੰਡੀਆ ਜਹਾਜ ਫਲਾਇਟ 182 ਵਿਚ ਵੱਡੀ ਗਿਣਤੀ ਵਿਚ ਮੁਸਾਫਿਰ ਵਿਸਫੋਟ ਕਾਰਨ ਮਾਰੇ ਗਏ ਸਨ । ਇਸ ਕਨਿਸਕਾ ਏਅਰ ਇੰਡੀਆ ਦੇ ਹੋਏ ਵਿਸਫੋਟ ਦੀ ਫਲਾਇਟ ਵਿਚ ਕੈਨੇਡਾ ਵਿਖੇ ਇੰਡੀਆ ਦੇ 2 ਡਿਪਲੋਮੈਟਸ ਨੇ ਵੀ ਇੰਡੀਆ ਆਉਣਾ ਸੀ ਲੇਕਿਨ ਐਨ ਆਖਰੀ ਪਲਾ ਉਤੇ ਉਨ੍ਹਾਂ ਦੋਵਾਂ ਡਿਪਲੋਮੈਟਸ ਨੇ ਆਪਣੀ ਇਹ ਯਾਤਰਾ ਰੱਦ ਕਰ ਦਿੱਤੀ ਸੀ । ਜਿਸ ਤੋ ਪ੍ਰਤੱਖ ਹੈ ਕਿ ਇਹ ਵਿਸਫੋਟ ਇੰਡੀਆ ਦੇ ਹੁਕਮਰਾਨਾਂ ਦੀ ਸਾਜਿਸ ਦੀ ਕੜੀ ਸੀ । ਜਿਸ ਨੂੰ ਬਿਨ੍ਹਾਂ ਵਜਹ ਸਿੱਖਾਂ ਦੇ ਨਾਮ ਲਗਾਕੇ ਸੰਸਾਰ ਪੱਧਰ ਤੇ ਸਿੱਖਾਂ ਦੀ ਬਦਨਾਮੀ ਕਰਨ ਦੀ ਕੋਸਿਸ ਵੀ ਕੀਤੀ ਗਈ ਸੀ । ਇਥੇ ਇਹ ਵਰਣਨ ਕਰਨਾ ਜਰੂਰੀ ਹੈ ਕਿ ਮੇਜਰ ਕਮਿਸਨ ਨੂੰ ਇਸ ਦੁਖਾਂਤ ਦੀ ਜਾਂਚ ਕਰਨ ਦੀ ਜਿੰਮੇਵਾਰੀ ਸੌਪੀ ਗਈ ਸੀ ਜਿਸ ਵਿਚ ਮੇਜਰ ਕਮਿਸਨ ਨੇ ਵੀ ਇਹ ਕਿਹਾ ਸੀ ਕਿ ਇਸ ਵਿਚ ਕਿਸੇ ਵੀ ਖਾਲਿਸਤਾਨੀ ਜਾਂ ਸਿੱਖ ਆਗੂ ਦਾ ਕੋਈ ਹੱਥ ਨਹੀ ਸੀ । ਇਸ ਤੋ ਅੱਗੇ ਆਇਰਸ ਕਾਰਨਰ ਰਿਪੋਰਟ ਨੇ ਇਹ ਐਲਾਨ ਕੀਤਾ ਸੀ ਕਿ ਇਸ ਕਨਿਸਕਾ ਕਾਂਡ ਦੀ ਫਲਾਇਟ 182 ਸਮੁੰਦਰ ਵਿਚ ਨਹੀ ਡਿੱਗੀ, ਫਿਰ ਮਿਸਟਰ ਪਟਨਾਇਕ ਵੱਲੋ ਲਗਾਏ ਗਏ ਇਹ ਦੋਸ਼ ਕਿ ਇਹ ਕਾਰਵਾਈ ਸਿੱਖਾਂ ਦੀ ਹੈ, ਫਿਰ ਇਨ੍ਹਾਂ ਦੋਸ਼ਾਂ ਵਿਚ ਤਾਂ ਰਤੀਭਰ ਵੀ ਕੋਈ ਆਪਣੇ ਆਪ ਵਿਚ ਸੱਚਾਈ ਹੀ ਨਹੀ ਰਹਿ ਗਈ ।

**ਇੰਡੀਅਨ ਹੁਕਮਰਾਨਾਂ ਵਲੋਂ ਆਜਾਦੀ ਚਾਹੁੰਣ ਵਾਲੇ ਸਿੱਖਾਂ ਦਾ ਸਾਜਸੀ ਢੰਗ ਨਾਲ ਕਰਵਾਇਆ ਜਾ ਰਿਹਾ ਹੈ ਕਤਲੇਆਮ**

ਆਵਾਜ਼ਿ ਕੌਮ AWAZE QAUM International Newspaper & WEB TV

## ਗੁਰਦੁਆਰਾ ਸਿੰਘਾਂ ਸ਼ਹੀਦਾਂ ਨੰਗਲ ਭੇਟ ਨੇੜੇ ਅਲੋਵਾਲ ਫਿਲੌਰ 'ਚ ਮਾਘੀ ਨੂੰ ਸਮਰਪਿਤ ਸਮਾਗਮ 'ਚ ਸੰਗਤਾਂ ਨੇ ਭਰੀ ਹਾਜ਼ਰੀ: ਸੰਤ ਸੁਖਵਿੰਦਰ ਸਿੰਘ



**ਜੰਡਿਆਲਾ ਗੁਰੂ, 19 ਜਨਵਰੀ ( ਕੁਲਵੰਤ ਸਿੰਘ ਵਿਰਦੀ )**-ਮਾਘੀ ਅਤੇ ਲੋਹੜੀ ਦੇ ਤਿਉਹਾਰ ਨੂੰ ਸਮਰਪਿਤ ਗੁਰਦੁਆਰਾ ਸਿੰਘਾਂ ਸ਼ਹੀਦਾਂ ਨੰਗਲ ਬੇਟ ਨੇੜੇ ਅਲੋਵਾਲ ਫਿਲੌਰ ਲੁਧਿਆਣਾ ਵਿਖੇ ਮਹਿਨਾਵਾਰੀ ਮਰਯਾਦਾ ਅਨੁਸਾਰ ਅਖੰਡਪਾਠਾ ਦੇ ਭੋਗ ਪਾਏ ਗਏ ਅਤੇ ਧਾਰਮਿਕ ਦਿਵਾਨ ਸਜਾਏ ਗਏ ਜਿਸ ਵਿਚ ਪੰਥ ਦੇ ਮਹਾਨ ਵਿਦਵਾਨਾਂ ਨੇ ਆਈ ਸੰਗਤ ਨੂੰ ਮਾਘੀਂ ਦੇ ਪਾਵਨ ਇਤਿਹਾਸ ਤੇ ਚਾਲੀ ਮੁਕਤਿਆਂ ਦੀ ਸ਼ਹਾਦਤ ਸਬੰਧੀ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ, ਸਮੂਹ ਆਖੰਡ ਪਾਠ ਸ਼ਰਧਾਲੂਆਂ ਧਾਰਮਿਕ ਬੁਲਾਰਿਆਂ ਦਾ ਸੰਤ ਸੁਖਵਿੰਦਰ ਸਿੰਘ ਭਾਈ ਵਿਰਸਾ ਸਿੰਘ ਖਾਲਸਾ ਤੇ ਡਾਕਟਰ ਅਮਰਜੋਤ ਸਿੰਘ ਸੰਧੂ ਵੱਲੋਂ ਸਾਂਝੇ ਤੌਰ ਤੇ ਸਨਮਾਨਿਤ ਕੀਤਾ ਅਤੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ, ਸਮਾਗਮ ਵਿੱਚ ਵਿਸ਼ੇਸ਼ ਤੌਰ ਤੇ ਡਾ ਅਮਰਜੋਤ ਸਿੰਘ ਸੰਧੂ, ਅਮਰਜੀਤ ਕੌਰ ਸੰਧੂ ਕਨੇਡਾ, ਬੀਬੀ ਕਰਮਜੀਤ ਕੌਰ ਸੰਧੂ,ਗੁਰਲੀਨ ਕੌਰ ਕਨੇਡਾ, ਹਰਮਿੰਦਰ ਸਿੰਘ,ਰਮਨ ਕੌਰ ਕਨੇਡਾ,ਕੇਸਰ ਸਿੰਘ ਕਨੇਡਾ, ਚਮਕੌਰ ਸਿੰਘ ਯੂਪੀ,ਭੂਲਨਪੁਰ ਰਾਗੀ ਜਥਾ ਭਾਈ ਕਰਮ ਸਿੰਘ ਜਲੰਧਰ ਵਾਲੇ, ਭਾਈ ਮਨਜੀਤ ਸਿੰਘ ਭਾਈ ਗੁਰਮੇਲ ਸਿੰਘ, ਭਾਈ ਬੰਟੀ ਸਿੰਘ ਹਜ਼ੂਰੀ ਰਾਗੀ, ਭਾਈ ਵਿਰਸਾ ਸਿੰਘ ਖਾਲਸਾ ਪ੍ਰਧਾਨ ਏ ਆਈ ਐਸ ਐਸ ਐਫ ਖਾਲਸਾ, ਸ੍ਰ ਜਸਬੀਰ ਸਿੰਘ ਗਰੇਵਾਲ ਲੁਧਿਆਣਾ ਦੀਦਾਰ ਸਿੰਘ ਬਲਦੇਵ ਸਿੰਘ ਤੇ ਸਰਦਾਰਨੀ ਬਲਜੀਤ ਕੌਰ ਗਰੇਵਾਲ ਆਦਿ ਨੇ ਹਾਜ਼ਰੀ ਲਵਾਈ,ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਸਮਾਗਮਾਂ ਵਿੱਚ ਹਾਜ਼ਰੀਆਂ ਭਰਨ ਤੋਂ ਬਾਅਦ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ।

ਉਹਨਾਂ ਦੱਸਿਆ ਗੁਰਦੁਆਰਾ ਸਾਹਿਬ ਵਿਖੇ ਹਰ ਦੇਸੀ ਮਹੀਨੇ ਦੇ ਜੇਠੇ ਐਤਵਾਰ ਨੂੰ ਸ਼ਰਧਾ ਵਾਨ ਸੰਗਤਾਂ ਵਲੋਂ ਰਖਵਾਏ ਅਖੰਡਪਾਠਾਂ ਦੇ ਭੋਗ ਪਾਉਣ ਉਪਰੰਤ ਧਾਰਮਿਕ ਦੀਵਾਨ ਸਜਾਉਣ ਦੀ ਸੰਤ ਜਰਨੈਲ ਸਿੰਘ ਜੀ ਤੇ ਸਵਰਗੀ ਮਾਤਾ ਪ੍ਰਕਾਸ਼ ਕੌਰ ਸੰਧੂ ਦੀ ਪ੍ਰੇਰਨਾ ਸਦਕਾ ਉਹਨਾਂ ਦੇ ਮਹਾਨ ਸਪੂਤ ਅਤੇ ਮਜੌਦਾ ਮੁੱਖ ਪ੍ਰਬੰਧਕ ਸੰਤ ਸੁਖਵਿੰਦਰ ਸਿੰਘ ਮਰਯਾਦਾ ਚਲਾਈ ਹੋਈ ਹੈ ਅਤੇ ਇਸੇ ਮਰਯਾਦਾ ਤੇ ਪਹਿਰਾ ਦੇਂਦਿਆਂ ਇਸ ਮਹੀਨੇ ਦੇ ਸਮਾਗਮ ਮਾਘੀਂ ਅਤੇ ਲੋਹੜੀ ਤਿਉਹਾਰਾਂ ਨੂੰ ਸਮਰਪਿਤ ਕਰਵਾਏਗੇ, ਭਾਈ ਖਾਲਸਾ ਨੇ ਦੱਸਿਆ ਸਮਾਗਮਾਂ ਸਬੰਧੀ ਦੋ ਸੰਪਟ,ਅਠ ਆਦਿ ਗੁਰੂ ਗ੍ਰੰਥ ਸਾਹਿਬ ਜੀ ਸਮੇਤ ਜਪਜੀ ਸਾਹਿਬ ਟੋਟਲ ਗਿਆਰਾਂ ਅਖੰਡਪਾਠ ਸਾਹਿਬ ਆਰੰਭ ਕੀਤੇ ਗਏ ਸਨ ,ਜਿਨ੍ਹਾਂ ਦੇ ਅਜ ਸੰਪੂਰਨ ਭੋਗ ਤੋਂ ਉਪਰੰਤ ਮੁੱਖ ਪ੍ਰਬੰਧਕ ਸੰਤ ਸੁਖਵਿੰਦਰ ਸਿੰਘ ਜੀ ਵੱਲੋਂ ਪਾਵਨ ਪਵਿੱਤਰ ਹੁਕਮਨਾਮੇ ਦੀ ਗੁਰਬਾਣੀ ਸ਼ਬਦ ਵਿਚਾਰ ਕਥਾ ਰਾਹੀਂ ਸੰਗਤਾਂ ਨੂੰ ਮਾਘੀਂ ਦਿਹਾੜੇ ਸੰਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਇਸ ਨੂੰ ਗੁੰਟੀਗੰਡੀ ਦਿਵਸ ਵਜੋਂ ਜਾਣਿਆ ਜਾਂਦਾ ਹੈ ਕਿਉਂਕਿ ਇਸ ਦਿਨ ਕਲਗੀਆਂ ਪਾਤਸ਼ਾਹ ਗੁਰੂ ਗੋਬਿੰਦ ਸਿੰਘ ਜੀ ਨੇ ਬੇਦਾਵਾ ਲਿਖਣ ਵਾਲੇ ਸਿੰਘਾਂ ਦੀ ਕੁਰਬਾਨੀ ਨੂੰ ਮੁੱਖ ਰੱਖਦਿਆਂ ਬੇਦਾਵਾ ਪਾੜ ਦਿੱਤਾ ਸੀ।

ਭਾਈ ਖਾਲਸਾ ਨੇ ਦੱਸਿਆ ਸਮਾਗ.ਮ ਵਿਚ ਹਜ਼ੂਰੀ ਰਾਗੀ ਭਾਈ ਰਿੰਕੂ ਅਤੇ ਭਾਈ ਕਰਮ ਸਿੰਘ ਜਲੰਧਰ ਵਾਲਿਆਂ ਦੇ ਕੀਰਤਨੀ ਜਥਿਆਂ ਤੋਂ ਇਲਾਵਾ ਕਈ ਹੋਰ ਜਥਿਆਂ ਨੇ ਵੀ ਹਾਜ਼ਰੀ ਲਵਾਈ ਅਤੇ ਗੁਰੂ ਕੇ ਲੰਗਰ ਅਟੁੱਟ ਵਰਤੇ ।

ਆਵਾਜ਼ਿ ਕੌਮ AWAZE QAUM International Newspaper & WEB TV

### ਨਸ਼ਾ ਤਸਕਰਾਂ ਨੂੰ ਸਰਕਾਰ ਨੇ

# ਕਰੋੜਾਂ ਦਾ ਠੇਕਾ ਜਾਰੀ ਕਰਕੇ ਸਰਕਾਰ ਦੀ ਕਹਿਣੀ ਤੇ ਕਥਨੀ ਹੋਈ ਸਪੱਸ਼ਟ

ਫ਼ਿਰੋਜ਼ਪੁਰ, 19 ਜਨਵਰੀ (ਮਨੋਹਰ ਲਾਲ) :— ਨਸ਼ਾ ਤਸਕਰਾਂ ਨੂੰ ਕਰੋੜਾਂ ਰੁਪਏ ਦੇ ਟੈਂਡਰ ਦੇ ਕੇ ਸੂਬਾ ਸਰਕਾਰ ਨੇ ਆਪਣੀ ਕਹਿਣੀ ਤੇ ਕਥਨੀ ਵਿਚਲਾ ਫਰਕ ਕੀਤਾ ਸਾਬਿਤ। ਇਹ ਦੋਸ਼ ਲਗਾਉਂਦਿਆਂ ਦਿਲਬਾਗ ਸਿੰਘ ਮੀਤ ਪ੍ਰਧਾਨ ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ, ਬਲਵੀਰ ਸਿੰਘ ਐਮ.ਸੀ ਪ੍ਰਧਾਨ ਗੁਰਸੇਵਕ ਸਿੰਘ ਸੈਕਟਰੀ, ਪੰਜਾਬ ਪ੍ਰਦੇਸ਼ ਪੱਲੇਦਾਰ ਮਜ਼ਦੂਰ ਯੂਨੀਅਨ, ਪ੍ਰਕਾਸ਼ ਸਿੰਘ ਪ੍ਰਧਾਨ, ਸੁਰਜੀਤ ਸਿੰਘ ਪ੍ਰਧਾਨ, ਸੁਖਦੇਵ ਸਿੰਘ ਪ੍ਰਧਾਨ, ਲੱਖਾ ਸਿੰਘ ਪ੍ਰਧਾਨ, ਨਿਰਮਲ ਸਿੰਘ ਪ੍ਰਧਾਨ, ਰਸਾਲ ਸਿੰਘ ਪ੍ਰਧਾਨ ਲੇਬਰ ਯੂਨੀਅਨ ਜ਼ੀਰਾ, ਹਰਦੇਵ ਸਿੰਘ ਪ੍ਰਧਾਨ ਸਾਮਿਨ ਮਸੀਹ ਪ੍ਰਧਾਨ, ਗੁਰਮੇਜ਼ ਸਿੰਘ ਪ੍ਰਧਾਨ, ਕੁਲਵਿੰਦਰ ਸਿੰਘ, ਸਿੰਦਰ ਸਿੰਘ ਪ੍ਰਧਾਨ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਅਤੇ ਨਸ਼ਾ ਤਸਕਰਾਂ ਦੇ ਘਰ ਢਾਹੇ ਜਾਣ ਦੀ ਕਵਾਇਤ ਤੋਂ ਇਲਾਵਾ ਓਪਰੇਸ਼ਨ ਕਾਸੋ ਵਰਗੇ ਅਭਿਆਨ ਦੀ ਉਸ ਵੇਲੇ ਫੂਕ ਨਿਕਲਦੀ ਜਾਪਦੀ ਹੈ, ਜਦੋਂ ਪੰਜਾਬ ਸਰਕਾਰ ਦੇ ਖੁਰਾਕ ਅਤੇ ਸਿਖਲ ਸਪਲਾਈ ਵਿਭਾਗ ਵੱਲੋਂ ਜਾਰੀ ਕਰੋੜਾਂ ਰੁਪਏ ਦਾ ਇਕ ਟੈਂਡਰ ਉਨ੍ਹਾਂ ਵਿਅਕਤੀਆਂ ਨੂੰ ਦਿੱਤਾ, ਜਿਨ੍ਹਾਂ ਉਪਰ ਨਸ਼ਾ ਤਸਕਰੀ ਭਾਵ ਕਰੀਬ ਢਾਈ ਕਿਲੋ ਅਫੀਮ, ਡਰੱਗ ਮੰਨੀ, ਕੁਝ ਵਿਦੇਸ਼ੀ ਕਰੰਸੀ ਰੱਖਣ ਦੇ ਇਕ ਮੁਕੱਦਮੇ ਤੋਂ ਇਲਾਵਾ 100 ਗ੍ਰਾਮ ਹੈਰੋਇਨ ਵਰਗੇ ਸੰਗੀਨ ਮਾਮਲੇ ਦਰਜ ਹਨ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਜ਼ਿਕਰਯੋਗ ਨਿਰਧਾਰਤ ਮਾਪਦੰਡਾਂ ਅਨੁਸਾਰ ਪੰਜਾਬ ਵਿਚ ਛੋਟੇ ਤੋਂ ਛੋਟਾ ਕੰਮ ਉਹ ਭਾਵੇਂ ਕਿਤੇ ਸਕਿਉਰਟੀ ਗਾਰਡ ਹੀ ਲੱਗਣਾ ਹੋਵੇ ਲਈ ਅਡਵਾਸ ਪੁਲਿਸ ਵੈਰੀਫਿਕੇਸ਼ਨ ਮੰਗੀ ਜਾਂਦੀ ਹੈ, ਪਰ ਕਰੋੜਾਂ ਰੁਪਏ ਦੇ ਜਾਰੀ ਕੀਤੇ ਟੈਂਡਰਾਂ ਵਿਚ ਠੇਕੇਦਾਰ ਦਾ ਪੁਲਿਸ ਰਿਕਾਰਡ ਨਹੀਂ ਦੇਖਿਆ ਜਾਂਦਾ। ਉਨ੍ਹਾਂ ਕਿਹਾ ਕਿ ਗੱਲ ਸਿਰਫ ਇਥੇ ਹੀ ਸਮਾਪਤ ਨਹੀਂ ਹੁੰਦੀ, ਸਗੋਂ ਜ਼ੋ ਨਸ਼ਾ ਤਸਕਰ ਵਿਭਾਗ ਨੂੰ ਗਲਤ ਹਲਫੀਆ ਬਿਆਨ ਦੇ ਕੇ ਟੈਂਡਰ ਲੈਣ ਵਿਚ ਕਾਮਯਾਬ ਹੋਇਆ ਹੈ, ਉਸ ਦਾ ਨਸ਼ਾ ਤਸਕਰੀ ਦੇ ਮੁਕੱਦਮਿਆਂ ਬਾਰੇ ਜ਼ੀਰਾ ਦੀਆਂ ਮਜ਼ਦੂਰ ਯੂਨੀਅਨ ਵੱਲੋਂ ਡਿਪਟੀ ਕਮਿਸ਼ਨਰ ਫ਼ਿਰੋਜ਼ਪੁਰ, ਖੁਰਾਕ ਅਤੇ ਸਿਵਲ ਸਪਲਾਈ ਅਫਸਰ ਫ਼ਿਰੋਜ਼ਪੁਰ ਅਤੇ ਐਸ.ਐਸ.ਪੀ ਨੂੰ ਜਾਣੂ ਕਰਵਾਏ ਜਾਣ ਦੇ ਬਾਵਜੂਦ ਵੀ ਕੋਈ ਕਾਰਵਾਈ ਨਹੀਂ ਹੋਈ। ਉਨ੍ਹਾਂ ਕਿਹਾ ਕਿ ਡੀ.ਕੇ ਟਰੇਡਿੰਗ ਕੰਪਨੀ ਦੇ ਮਾਲਕ ਰੋਹਿਤ ਕਟਾਰੀਆ ਦੇ ਨਾਮ ਤੇ ਜਾਰੀ ਹੋਇਆ ਠੇਕਾ ਦੇਣ ਲਈ ਬੈਠਦੀ ਕਮੇਟੀ, ਜਿਸ ਦੇ ਚੇਅਰਮੈਨ ਡਿਪਟੀ ਕਮਿਸ਼ਨਰ ਅਤੇ ਫੂਡ ਸਪਲਾਈ ਵਿਭਾਗ ਦੇ ਹੋਰ ਅਧਿਕਾਰੀ ਹੁੰਦੇ ਹਨ, ਜਦੋਂ ਕਿ ਪਾਲਿਸੀ ਵਿਚ ਸਾਫ ਲਿਖਿਆ ਹੈ ਕਿ ਕੋਈ ਵੀ ਅਪਰਾਧੀ ਵਿਅਕਤੀ ਜਿਸ ਤੇ ਕੋਈ ਕੇਸ ਦਰਜ ਹੋਵੇ, ਇਸ ਟੈਂਡਰ ਨੂੰ ਨਹੀਂ ਭਰ ਸਕਦਾ,



ਪਰ ਇਥੇ ਅਧਿਕਾਰੀਆਂ ਨੇ ਰੋਹਿਤ ਕਟਾਰੀਆ ਦੇ ਖਿਲਾਫ ਐਨ.ਡੀ.ਪੀ.ਐਸ ਐਕਟ ਤਹਿਤ ਢਾਈ ਕਿਲੋ ਅਫੀਮ ਆਦਿ ਦੀ ਥਾਣਾ ਸਦਰ ਪੱਟੀ ਵਿਖੇ ਦਰਜ ਐਫ.ਆਈ.ਆਰ ਨੰਬਰ 0118 ਆਫ 25.07.19 ਅਤੇ 100 ਗ੍ਰਾਮ ਹੈਰੋਇਨ ਦਾ ਮੁਕੱਦਮਾ ਨੰਬਰ 0368 ਥਾਣਾ 7 ਡਵੀਜਨ ਲੁਧਿਆਣਾ ਵਿਖੇ ਦਰਜ ਹੈ, ਜਿਸ ਸਬੰਧੀ ਸਾਡੇ ਵੱਲੋਂ ਵਿਭਾਗ ਨੂੰ ਸੂਚਿਤ ਕੀਤਾ, ਪਰ ਸਾਰਿਆਂ ਦੀ ਮਿਲੀਭੁਗਤ ਹੋਣ ਕਰਕੇ ਰੋਹਿਤ ਕਟਾਰੀਆ ਡੀ.ਏ ਟਰੇਡਿੰਗ ਕੰਪਨੀ ਨੂੰ ਟੈਂਡਰ ਜਾਰੀ ਕਰ ਦਿੱਤਾ ਗਿਆ, ਜਿਸ ਨਾਲ ਕਾਨੂੰਨ ਦੀਆਂ ਧੱਜੀਆਂ ਉਡੀਆਂ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਇਸ ਸਬੰਧੀ ਮੁੱਖ ਮੰਤਰੀ ਪੰਜਾਬ ਸਮੇਤ ਸੈਕਟਰੀ ਫੂਡ ਸਪਲਾਈ, ਮੰਤਰੀ ਫੂਡ ਸਪਲਾਈ ਨੂੰ ਪੱਤਰ ਭੇਜੇ ਗਏ ਹਨ, ਜਿਸ ਉਪਰ ਵੀ ਕੋਈ ਕਾਰਵਾਈ ਨਹੀਂ ਹੋਈ।

ਗੱਲਬਾਤ ਕਰਦਿਆਂ ਆਗੂਆਂ ਨੇ ਕਿਹਾ ਕਿ ਉਕਤ ਠੇਕੇਦਾਰ ਦਾ ਲੇਬਰ ਵੱਲੋਂ ਬਾਈਕਾਟ ਕੀਤਾ ਹੋਇਆ ਹੈ, ਕਿਉਂਕਿ ਪਿਛਲੇ ਛੇ ਸਾਲਾਂ ਵਿਚ ਈ.ਪੀ.ਐਫ ਦਾ ਕਰੋੜਾਂ ਰੁਪਏ ਠੇਕੇਦਾਰਾਂ ਵੱਲੋਂ ਨਹੀਂ ਮਿਲੇ, ਜਿਸ ਲਈ ਉਹ ਸੰਘਰਸ਼ ਕਰ ਰਹੇ ਹਨ, ਉਤੋਂ ਨਸ਼ਾ ਤਸਕਰ ਠੇਕੇਦਾਰ ਲਗਾ ਕੇ ਉਨ੍ਹਾਂ ਦੀ ਲੇਬਰ ਹੜਪਣ ਦਾ ਡਰ ਬਣਿਆ ਹੋਇਆ ਹੈ।

ਪੀ. ਐਸ. ਓ. ਸ਼ਿਵਰਾਜ ਸਿੰਘ ਫੌਜੀ ਕੇਵਲ ਦੇ ਭਾਣਜੇ

# ਕਾਕਾ ਸਰਵੋਤਮ ਸਿੰਘ ਅਤੇ ਬੀਬੀ ਗਗਨਜੋਤ ਕੌਰ ਦਾ ਆਨੰਦ ਕਾਰਜ ਸੰਪੰਨ

## ਪਿੰਡ ਕਟਾਰ ਸਿੰਘ ਵਾਲਾ ਗੁਰਦੁਵਾਰਾ ਸਾਹਿਬ ਵਿਖੇ ਪੁੱਜੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ










ਪੀ. ਐਸ. ਓ. ਸ਼ਿਵਰਾਜ ਸਿੰਘ ਫੌਜੀ ਕੇਵਲ ਦੇ ਭਾਣਜੇ ਕਾਕਾ ਸਰਵੋਤਮ ਸਿੰਘ ਪਿੰਡ ਭੰਗੂ ਅਤੇ ਬੀਬੀ ਗਗਨਜੋਤ ਕੌਰ ਪਿੰਡ ਗੰਗਾ ਦੇ ਸੁਭ ਆਨੰਦ ਕਾਰਜ ਸਮੇਂ 18 ਜਨਵਰੀ 2026 ਨੂੰ ਪਿੰਡ ਕਟਾਰ ਸਿੰਘ ਵਾਲਾ ਗੁਰਦਵਾਰਾ ਸਾਹਿਬ ਵਿਖੇ ਪੁੱਜੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ।



ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸਰਦਾਰ ਨਛੱਤਰ ਸਿੰਘ ਮਾਨ ਪਿੰਡ ਮੌਜਗੜ ਦੀ ਅੰਤਿਮ ਅਰਦਾਸ ਵਿੱਚ

# ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਮੇਤ ਅਨੇਕਾਂ ਪੰਥਕ ਸ਼ਖਸੀਅਤਾਂ ਵੱਲੋਂ ਸ਼ਰਧਾਂਜਲੀਆਂ ਭੇਂਟ












ਸਰਦਾਰ ਨਛੱਤਰ ਸਿੰਘ ਮਾਨ ਪਿੰਡ ਮੌਜਗੜ ਨੇੜੇ ਡੱਬਵਾਲੀ ਮੰਡੀ ਦੀ ਅੰਤਿਮ ਅਰਦਾਸ ਵਿੱਚ 18 ਜਨਵਰੀ 2026 ਨੂੰ ਸ਼ਰਧਾਂਜਲੀ ਭੇਂਟ ਕਰਦੇ ਹੋਏ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਇਸ ਸਮੇਂ ਸਰਦਾਰ ਜਗਤਾਰ ਸਿੰਘ ਮਾਨ ਅੰਤ੍ਰਿੰਗ ਮੈਂਬਰ HSGMC ਸ.ਸ਼ਿੰਦਰਪਾਲ ਸਿੰਘ ਬਰਾੜ ਫਾਰਮਰ AAG ਪੰਜਾਬ, ਡਾ. ਕੇਵੀ ਸਿੰਘ ਸੀਨੀਅਰ ਕਾਂਗਰਸੀ ਆਗੂ,ਸਰਦਾਰ ਬਲਦੇਵ ਸਿੰਘ ਮਾਂਗੇਆਣਾ ਸੀਨੀਅਰ ਭਾਜਪਾ ਆਗੂ,ਅਜੇਪਾਲ ਸਿੰਘ ਮਿੱਡੂਖੇੜਾ,ਬਾਬਾ ਗੁਰਪਾਲ ਸਿੰਘ ਚੋਰਮਾਰ ਵਾਲੇ,ਐਡਵੋਕੇਟ ਜੁਪਿੰਦਰਪਾਲ ਸਿੰਘ ਬਰਾੜ,ਲਾਲਜੀਤ ਸਿੰਘ ਮਾਨ,ਮਨਵੀਰ ਸਿੰਘ ਮਨੀ ਮਾਨ,ਬੀਬੀ ਹਰਜੀਤ ਕੌਰ ਸਮੇਤ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਹਾਜ਼ਰ ਸਨ ਸਰਦਾਰ ਨਛੱਤਰ ਸਿੰਘ ਮਾਨ ਦੇ ਵੱਡੇ ਸਪੁੱਤਰ ਸਰਦਾਰ ਪਰਮਜੀਤ ਸਿੰਘ ਨੂੰ ਦਸਤਾਰ ਭੇਟ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਗੋਲਡਨ ਪਲੰਮ ਪੈਲੇਸ ਸਿਰਸਾ ਦੇ ਉਦਘਾਟਨ ਸਮੇਂ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਭਰੀ ਹਾਜ਼ਰੀ











ਗੋਲਡਨ ਪਲੰਮ ਪੈਲੇਸ ਸਿਰਸਾ ਦੇ ਉਦਘਾਟਨ ਸਮੇਂ 18 ਜਨਵਰੀ 2026 ਨੂੰ ਪੁੱਜੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਇਸ ਸਮੇਂ ਪੈਲੇਸ ਮਾਲਕ ਰਜਿੰਦਰ ਸਿੰਘ ਗਾਗੀ,ਮਨਜੀਤ ਸਿੰਘ ਸਿਰਸਾ,ਸੰਤ ਸ਼ਮਸ਼ੇਰ ਸਿੰਘ ਲਹਿਰੀ,ਅਰਵਿੰਦਰ ਸਿੰਘ ਸੋਢੀ ਅਤੇ ਭਾਈ ਗੋਬਿੰਦ ਕਾਂਡਾ ਵੀ ਹਾਜ਼ਰ ਸਨ

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸਰਦਾਰ ਗੁਰਮੀਤ ਸਿੰਘ ਹੋਟਲ ਬੈਲਾਮਾਊਂਡ ਗੁੜਗਾਂਉ ਮਾਲਕ ਦੇ ਸਪੁੱਤਰ ਕਾਕਾ ਉਸਤਤ ਸਿੰਘ ਅਤੇ ਬੀਬੀ ਨੰਦਨੀ ਕੌਰ ਦੇ ਸ਼ੁਭ ਵਿਆਹ ਸਮੇਂ

# ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਭਾਗੀ ਜੋੜੀ ਨੂੰ ਅਸ਼ੀਰਵਾਦ ਦਿੱਤਾ





















ਸਰਦਾਰ ਗੁਰਮੀਤ ਸਿੰਘ ਹੋਟਲ ਬੈਲਾਮਾਊਂਡ ਗੁੜਗਾਂਉ ਮਾਲਕ ਦੇ ਸਪੁੱਤਰ ਕਾਕਾ ਉਸਤਤ ਸਿੰਘ ਅਤੇ ਬੀਬੀ ਨੰਦਨੀ ਕੌਰ ਦੇ ਸ਼ੁਭ ਵਿਆਹ ਸਮੇਂ 18 ਜਨਵਰੀ 2026 ਨੂੰ ਨਿਵਾਹ ਪੈਲੇਸ ਗੁੜਗਾਂਉ ਵਿਖੇ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਭਾਗੀ ਜੋੜੀ ਨੂੰ ਅਸ਼ੀਰਵਾਦ ਦੇਣ ਪੁੱਜੇ .ਮਾਨਯੋਗ ਸ੍ਰੀ ਮਨੋਹਰ ਲਾਲ ਖੱਟੜ ਕੇਂਦਰੀ ਪਾਵਰ ਮੰਤਰੀ ਭਾਰਤ ਸਰਕਾਰ,ਸਰਦਾਰ ਹਰਮੀਤ ਸਿੰਘ ਕਾਲਕਾ ਪ੍ਰਧਾਨ ਦਿੱਲੀ ਸਿੰਘ ਗੁਰਦੁਆਰਾ ਪ੍ਰਬੰਧਕ ਕਮੇਟੀ,ਡਾਕਟਰ ਪ੍ਰਭਲੀਨ ਸਿੰਘ ਓਐਸਡੀ ਹਰਿਆਣਾ ਸਰਕਾਰ,ਗਿ: ਰਣਜੀਤ ਸਿੰਘ ਮੁੱਖ ਗ੍ਰੰਥੀ ਗੁਰਦੁਆਰਾ ਬੰਗਲਾ ਸਾਹਿਬ ਦਿੱਲੀ,ਡਾ.ਪਰਵਿੰਦਰ ਸਿੰਘ ਪਸਰੀਚਾ ਪੂਰਵ ਪ੍ਰਬੰਧਕ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨੰਦੇੜ,ਦੇਵ ਸਿੰਘ ਮਾਨ ਨਾਭਾ ਵਿਧਾਇਕ,ਹਿਸਟੋਰੀਅਨ ਸਿਮਰ ਸਿੰਘ ਚੰਡੀਗੜ,ਪੰਜਾਬੀ ਗਾਇਕ ਦਲੇਰ ਮਹਿੰਦੀ,ਮੀਕਾ ਸਿੰਘ,ਕਲਾਕਾਰ ਗੁਰਪ੍ਰੀਤ ਸਿੰਘ ਘੁੱਗੀ,ਡੌਲੀ ਬਿੰਦਰਾ,ਜਸਬੀਰ ਸਿੰਘ ਧਾਮ ਮੈਂਬਰ ਤਖ਼ਤ ਸ੍ਰੀ ਪਟਨਾ ਸਾਹਿਬ ਬੋਰਡ ਵੀ ਇਸ ਸਮੇਂ ਹਾਜ਼ਰ ਸਨ।



ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਅੱਜ 'ਤੇ ਵਿਸ਼ੇਸ਼

# ਜੰਗ-ਏ-ਅਜ਼ਾਦੀ ਦੀ ਪਹਿਲੀ ਜਿੱਤ- ਚਾਬੀਆਂ ਦਾ ਮੋਰਚਾ (ਸ੍ਰੀ ਅੰਮ੍ਰਿਤਸਰ ਸਾਹਿਬ)



**ਚਾਬੀਆਂ** ਦਾ ਮੋਰਚਾ ਕੀ ਸੀ ਇਹ ਮੋਰਚਾ ਲਾਉਣ ਦੀ ਲੋੜ ਕਿਉਂ ਪਈ। ਆਉ ਇਸ ਸਾਰਾ ਇਤਿਤਹਾਸ ਜਾਣਦੇ ਹਾਂ। ਗੱਲ ਇਸ ਤਰ੍ਹਾਂ ਹੈ ਕਿ ਭਾਵੇਂ 20 ਅਪ੍ਰੈਲ 1921 ਨੂੰ ਸਰਕਾਰ ਨੇ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਦਾ ਪ੍ਰਬੰਧ ਸਿੱਖਾਂ ਦੇ ਹਵਾਲੇ ਕਰ ਦਿੱਤਾ ਸੀ, ਪਰ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਤੋਸ਼ਾਖਾਨੇ ਦੀਆਂ ਚਾਬੀਆਂ ਉਸ ਸਮੇਂ ਦੇ ਡੀ.ਸੀ ਮਿਸਟਰ ਕਰੈਕ ਨੇ ਆਪਣੇ ਪਾਸ ਰੱਖ ਲਈਆਂ ਸਨ। 7 ਨਵੰਬਰ 1921 ਨੂੰ ਤਿੰਨ ਵਜੇ ਦੇ ਕਰੀਬ ਲਾਲਾ ਅਮਰਨਾਥ ਈ.ਏ.ਸੀ ਅਤੇ ਕੋਤਵਾਲ ਪੁਲਿਸ ਨੇ ਕਮੇਟੀ ਦੇ ਸਕੱਤਰ ਸਾਹਬ ਕੋਲੋਂ ਤੋਸ਼ਾਖਾਨੇ ਦੀਆਂ ਚਾਬੀਆਂ ਲੈ ਲਈਆਂ ਸਨ ਤੇ ਜਾਣ ਲੱਗੇ ਮੰਗਣ ਤੇ ਰਸੀਦ ਦੇ ਗਏ ਸਨ, ਜਿਸ ਵਿੱਚ ਲਿਖਿਆ ਸੀ ਕਿ "ਦੋ ਥੈਲੀਆਂ ਵਿੱਚ 53 ਚਾਬੀਆਂ ਵਸੂਲ ਪਾਈਆਂ।" ਉਹਨਾਂ ਨੇ ਇਹ ਚਾਬੀਆਂ ਅੰਮ੍ਰਿਤਸਰ ਦੇ ਡੀ.ਸੀ ਮਿਸਟਰ ਕਰੈਕ ਪਾਸ ਜਮ੍ਹਾਂ ਕਰਵਾ ਦਿੱਤੀਆਂ ਸਨ।

ਸੋਹਨ ਸਿੰਘ ਜੋਸ਼ ਲਿੱਖਦੇ ਹਨ ਕਿ 'ਡਿਪਟੀ ਕਮਿਸ਼ਨਰ ਦੀ ਇਹ ਮੂਰਖਤਾ ਗੁਰਦੁਆਰਿਆਂ ਦੀ ਅਜ਼ਾਦੀ ਦੀ ਤਹਿਰੀਕ ਲਈ ਬੜੀ ਕਾਰਗਰ ਤੇ ਲਾਭਦਾਇਕ ਸਾਬਿਤ ਹੋਈ। ਉਸ ਦੇ ਇਸ ਕਾਰੇ ਨੇ ਸਿੱਖਾਂ ਦੇ ਗੁੱਸੇ ਨੂੰ ਤਪਾ ਕੇ ਲਾਲ ਸੂਹਾ ਕਰ ਦਿੱਤਾ। ਉਹ ਪਹਿਲਾਂ ਹੀ ਸਮਝੀ ਬੈਠੇ ਸਨ, ਕਿ ਗੌਰਮਿੰਟ ਸਿੱਧੇ ਹੱਥੀਂ ਗੁਰਦੁਆਰੇ ਪੰਥ ਦੇ ਹਵਾਲੇ ਨਹੀ ਕਰੇਗੀ। ਇਹ ਲੜ ਕੇ ਅਤੇ ਕੁਰਬਾਨੀਆਂ ਦੇ ਕੇ ਹੀ ਹਾਸਿਲ ਕੀਤੇ ਜਾਣਗੇ।ਇਸ ਦਾ ਸਬੂਤ ਖੁਦ ਡੀ.ਸੀ ਨੇ ਦਰਬਾਰ ਸਾਹਿਬ ਦੀਆਂ ਚਾਬੀਆਂ ਖੋਹ ਕੇ ਮੁਹੱਈਆਂ ਕਰ ਦਿੱਤਾ ਸੀ।' ਉਸ ਸਮੇਂ ਹੋਂਦ ਵਿੱਚ ਆਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ 29 ਅਕਤੂਬਰ 1921 ਨੂੰ ਇੱਕ ਮਤਾ ਪਾਸ ਕਰਕੇ ਤੋਸ਼ਾਖਾਨੇ ਦੀਆਂ ਚਾਬੀਆਂ ਦੀ ਸਰਕਾਰ ਤੋਂ ਮੰਗ ਕੀਤੀ, ਪਰ ਸਰਕਾਰ ਨੇ ਇਹ ਚਾਬੀਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ੍ਰ. ਖੜਕ ਸਿੰਘ ਦੇ ਹਵਾਲੇ ਕਰਨ ਤੋਂ ਕੋਰੀ ਨਾਂਹ ਕਰ ਦਿੱਤੀ।

ਸੋਹਨ ਸਿੰਘ ਜੋਸ਼ ਅਕਾਲੀ ਮੋਰਚਿਆ ਦਾ ਇਤਿਹਾਸ ਵਿੱਚ ਲਿੱਖਦੇ ਹਨ ਕਿ 'ਸਰਕਾਰ ਨਹੀ ਚਾਹੁੰਦੀ ਸੀ ਕਿ ਦਰਬਾਰ ਸਾਹਿਬ ਦਾ ਪ੍ਰਬੰਧ ਕਿਸੇ ਦੂਜੇ ਕੋਲ ਚਲਾ ਜਾਵੇ।' 26 ਨਵੰਬਰ 1921 ਨੂੰ ਡੀ.ਸੀ ਨੇ ਅਜਨਾਲੇ ਵਿੱਚ ਇੱਕ ਇੱਕਠ ਕਰਨ ਦਾ ਫੁਰਮਾਨ ਜਾਰੀ ਕੀਤਾ। ਜਿਸਦੇ ਟਾਕਰੇ ਤੇ ਅਜਨਾਲੇ ਵਿੱਚ 26 ਨਵੰਬਰ ਨੂੰ ਹੀ ਸ਼੍ਰੋਮਣੀ ਕਮੇਟੀ ਨੇ ਵੀ ਜਲਸਾ ਕਰਨ ਦਾ ਐਲਾਨ ਕਰ ਦਿੱਤਾ, ਪਰ ਸਰਕਾਰ ਨੇ ਇਹ ਜਲਸਾ ਕਰਨ ਤੋਂ ਪਹਿਲਾਂ ਹੀ 24 ਨਵੰਬਰ ਨੂੰ ਲਾਹੌਰ, ਅੰਮ੍ਰਿਤਸਰ ਤੇ ਸ਼ੇਖੂਪੁਰੇ ਵਿੱਚ 'ਸੈਡੀਸ਼ਨ ਮੀਟਿੰਗ ਐਕਟ' ਲਾਗੂ ਕਰਨ ਦਾ ਐਲਾਨ ਕਰ ਦਿੱਤਾ। ਕੁੱਝ ਮੁਖੀ ਸਿੱਖਾਂ ਨੇ ਡੀ.ਸੀ ਨਾਲੋਂ ਹਟਵਾ ਗਾਲਿਆਂ ਦੇ ਖੂਹ ਕੋਲ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਕਰ ਕੇ ਦੀਵਾਨ ਆਰੰਭ ਕਰ ਦਿੱਤਾ। ਉੱਥੇ ਜਲਸਾ ਕਰਨ ਦੇ ਆਰੋਪ ਵਿੱਚ ਕਈ ਸਿੱਖਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ। ਇਸ ਗ੍ਰਿਫਤਾਰੀ ਦੀ ਖਬਰ ਤੁਰੰਤ ਸ਼੍ਰੋਮਣੀ ਕਮੇਟੀ ਨੂੰ ਭੇਜੀ ਗਈ ਤਾਂ ਉਸੇ ਸਮੇਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਸ੍ਰ. ਖੜਕ ਸਿੰਘ, ਸਕੱਤਰ ਸ੍ਰ. ਮਹਿਤਾਬ ਸਿੰਘ ਤੇ ਕੁੱਝ ਹੋਰ ਮੁੱਖੀ ਸਿੱਖ ਤੁਰੰਤ ਅਜਨਾਲੇ ਜਲਸੇ ਵਾਲੀ ਜਗ੍ਹਾ ਤੇ ਪਹੁੰਚੇ। ਉੱਥੇ ਪਹੁੰਚ ਕੇ ਉਹਨਾਂ ਨੇ ਵੀ ਭਾਸ਼ਨ ਦਿੱਤੇ। ਸਰਕਾਰ ਨੇ ਜਲਸੇ ਰੋਕੂ ਕਾਨੂੰਨ ਅਧੀਨ ਪ੍ਰਧਾਨ ਸਮੇਤ ਕਈ ਸਿੱਖਾਂ ਨੂੰ ਗ੍ਰਿਫਤਾਰ ਕਰਕੇ ਜੇਲ ਭੇਜ ਦਿੱਤਾ। ਬਾਅਦ ਵਿੱਚ ਵੀ ਕਈ ਸਿੱਖਾਂ ਨੂੰ ਜੇਲ ਭੇਜ ਕੇ 6-6 ਮਹੀਨੇ ਦੀ ਕੈਦ ਕਰ ਦਿੱਤੀ ਜਾਂਦੀ ਸੀ।

6 ਦਸੰਬਰ ਨੂੰ ਇਸੇ ਵਿਰੋਧ ਵਿੱਚ ਇੱਕ ਮਤਾ ਪਾਸ ਕੀਤਾ ਗਿਆ ਕਿ, ਚਾਬੀਆਂ ਵਾਪਸ ਲੈਣ ਲਈ, ਉਸ ਵੇਲੇ ਤੱਕ ਕੋਈ ਵੀ ਪ੍ਰਬੰਧ ਨਾ ਮੰਨਿਆ ਜਾਏ, ਜਦੋਂ ਤੱਕ ਚਾਬੀਆਂ ਦੇ ਸਬੰਧ ਵਿੱਚ ਗ੍ਰਿਫਤਾਰ ਕੀਤੇ ਸਾਰੇ ਸਿੱਖ ਰਿਹਾਅ ਨਹੀ ਕੀਤੇ ਜਾਂਦੇ ਉਸ ਵਕਤ ਚਾਬੀਆਂ ਦੇ ਮੋਰਚੇ ਵਿੱਚ ਕਾਫੀ ਤੇਜ਼ੀ ਆ ਗਈ ਸੀ। ਇਸ ਕੰਮ ਲਈ ਹਰ ਥਾਂ ਅੰਦੋਲਨ ਹੋਣੇ ਸ਼ੁਰੂ ਹੋ ਗਏ ਸਨ। ਸਰਕਾਰ ਬੜੀ ਕੁੜਿੱਕੀ ਵਿੱਚ ਫਸੀ ਮਹਿਸੂਸ ਕਰ ਰਹੀ ਸੀ। ਸਰਕਾਰ ਨੇ ਦਰਬਾਰ ਸਾਹਿਬ ਦੇ ਤੋਸ਼ਾਖਾਨੇ ਦੀਆਂ ਚਾਬੀਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਹਵਾਲੇ ਕਰਨ ਦੀ ਸੋਚੀ। ਸ਼੍ਰੋਮਣੀ ਕਮੇਟੀ ਨੇ ਇਹ ਚਾਬੀਆਂ ਲੈਣ ਤੋਂ ਪਹਿਲਾਂ ਸਰਕਾਰ ਅੱਗੇ ਇੱਕ ਸ਼ਰਤ ਰੱਖੀ ਕਿ ਪਹਿਲਾਂ ਸਾਰੇ ਕੈਦੀ ਰਿਹਾਅ ਕੀਤੇ ਜਾਣ। 5 ਜਨਵਰੀ 1921 ਨੂੰ ਸ਼੍ਰੋਮਣੀ ਕਮੇਟੀ ਨੂੰ ਚਾਬੀਆਂ ਸਰਕਾਰ ਨੇ ਕਮੇਟੀ ਦੇ ਹਵਲੇ ਕਰਨੀਆਂ ਚਾਹੀਆਂ, ਪਰ ਕਮੇਟੀ ਨੇ ਦਸ਼ਮੇਸ਼ ਪਾਤਸ਼ਾਹ ਜੀ ਦੇ ਪ੍ਰਕਾਸ਼ ਪੁਰਬ ਕਰਕੇ ਚਾਬੀਆਂ ਲੈਣ ਤੋਂ ਇਨਕਾਰ ਕਰ ਦਿੱਤਾ।

ਅੰਤ ਸ਼੍ਰੋਮਣੀ ਕਮੇਟੀ ਤੇ ਸਿੱਖਾਂ ਅੱਗੇ ਸਰਕਾਰ ਨੂੰ ਝੁੱਕਣਾ ਪਿਆ। ਜਨਵਰੀ 11, 1922 ਨੂੰ ਸਰ ਜਾਨ ਐਨਾਰਡ ਨੇ ਪੰਜਾਬ ਲੈਜਿਸਲੇਟਿਵ ਕੌਂਸਲ ਵਿੱਚ ਐਲਾਨ ਕਰ ਦਿੱਤਾ ਕਿ 'ਸਰਕਾਰ ਨੇ ਦਰਬਾਰ ਸਾਹਿਬ ਨਾਲੋਂ ਆਪਣਾ ਸਬੰਧ ਵਾਪਸ ਲੈਣ ਦਾ ਫੈਸਲਾ ਕਰ ਲਿਆ ਹੈ ਅਤੇ ਉਹ ਗੁਰਦੁਆਰੇ ਸਾਹਬ ਦਾ ਪ੍ਰਬੰਧ ਗੁਰਦੁਆਰਾ ਸ਼੍ਰੋਮਣੀ ਕਮੇਟੀ ਦੇ ਹੱਥਾਂ ਵਿੱਚ ਦੇ ਰਹੀ ਹੈ। ਜਨਵਰੀ 16, 1922 ਨੂੰ ਇਸ ਸਬੰਧੀ ਕਾਨੂੰਨੀ ਕਦਮ ਚੁੱਕੇ ਜਾਣਗੇ ਤੇ ਕੈਦੀ ਛੱਡਣ ਦਾ ਆਦੇਸ਼ ਵੀ ਦੇ ਦਿੱਤਾ'। ਲਗਭਗ ਕੋਈ 193 ਸਿੱਖ ਗ੍ਰਿਫਤਾਰ ਕੀਤੇ ਜਾ ਚੁੱਕੇ ਸਨ, ਜਿੰਨ੍ਹਾਂ ਵਿੱਚੋਂ 150 ਦੇ ਕਰੀਬ ਸਿੱਖ ਰਿਹਾਅ ਕਰ ਦਿੱਤੇ ਗਏ।

ਅੰਤ 19 ਜਨਵਰੀ 1922 ਨੂੰ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਹਮਣੇ ਇੱਕ ਭਾਰੀ ਇੱਕਠ ਕੀਤਾ ਗਿਆ। ਸਰਕਾਰ ਤਰਫੋਂ ਡਿਸਟ੍ਰਿਕਟ ਜੱਜ ਨੇ ਚਾਬੀਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਕ ਕਮੇਟੀ ਦੇ ਪ੍ਰਧਾਨ ਸ੍ਰ. ਖੜਕ ਸਿੰਘ ਦੇ ਹਵਾਲੇ ਕੀਤੀਆਂ। ਸ੍ਰ. ਖੜਕ ਸਿੰਘ ਨੇ ਸੰਗਤ ਤੋਂ ਇਜ਼ਾਜਤ ਲੈ ਕੇ ਸਰਕਾਰ ਪਾਸੋਂ ਚਾਬੀਆਂ ਲੈ ਲਈਆਂ। ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ ਦੇ ਜੈਕਾਰਿਆਂ ਨਾਲ ਸਾਰਾ ਅਕਾਸ਼ ਗੂੰਜ ਉੱਠਿਆ।ਚਾਰੇ ਪਾਸਿਉਂ ਇਸ ਜਿੱਤ ਲਈ ਸਿੱਖਾਂ ਨੂੰ ਵਧਾਈਆਂ ਮਿਲਣ ਲੱਗੀਆਂ।ਗੰਡਾ ਸਿੰਘ ਲਿੱਖਦੇ ਹਨ ਕਿ ਮਹਾਤਮਾ ਗਾਂਧੀ ਨੇ ਵੀ ਸ੍ਰ. ਖੜਕ ਸਿੰਘ ਨੂੰ ਵਧਾਈ ਦਾ ਤਾਰ ਭੇਜਿਆ। ਜਿਸ ਵਿੱਚ ਲਿਖਿਆ ਸੀ ਕਿ ' ਹਿੰਦੋਸਤਾਨ ਦੀ ਅਜ਼ਾਦੀ ਲਈ ਪਹਿਲੀ ਲੜਾਈ ਜਿੱਤ ਲਈ ਗਈ। ਵਧਾਈਆਂ ਹੋਣ।' ਇਸ ਤਰ੍ਹਾਂ ਭਾਰੀ ਜਦੋ-ਜਹਿਦ ਕਰਕੇ ਸਰਕਾਰ ਪਾਸੋਂ ਦਰਬਾਰ ਸਾਹਿਬ ਦੇ ਤੋਸ਼ਾਖਾਨੇ ਦੀਆਂ ਚਾਬੀਆਂ ਲੈ ਕੇ ਸਿੱਖਾਂ ਨੇ ਅਜ਼ਾਦੀ ਦੀ ਪਹਿਲੀ ਲੜਾਈ ਜਿੱਤੀ ਸੀ।

**-ਧਰਮਿੰਦਰ ਸਿੰਘ (ਚੱਬਾ), ਤਰਨ ਤਾਰਨ ਰੋਡ, ਅੰਮ੍ਰਿਤਸਰ**

# ਸੋਸ਼ਲ ਮੀਡੀਆ 'ਤੇ ਅਸ਼ਲੀਲਤਾ ਦਾ ਵੱਧਦਾ ਪ੍ਰਸਾਰ

ਡਿਜ਼ੀਟਲ ਸੰਚਾਰ ਨੇ ਵਿਗਿਆਨ ਤੇ ਤਕਨੀਕ ਦੀ ਮਦਦ ਦੇ ਨਾਲ ਅਜੋਕੇ ਸਮੇਂ ਵਿੱਚ ਬੁਲੰਦੀਆਂ ਦਾ ਸਿੱਖਰ ਛੂਹਿਆ ਹੈ। ਇਸੇ ਹੀ ਲੜੀ ਤਹਿਤ ਸੋਸ਼ਲ ਮੀਡੀਆ ਸਮਾਜ ਵਿੱਚ ਇੱਕ ਸ਼ਕਤੀਸ਼ਾਲੀ ਸਾਧਨ ਬਣ ਕੇ ਉੱਭਰਿਆ ਹੈ। ਸੋਸ਼ਲ ਮੀਡੀਆ ਲੋਕਾਂ ਨੂੰ ਨੂੰ ਗਲੋਬਲ ਤੌਰ 'ਤੇ ਜੋੜਦਾ ਹੈ ਅਤੇ ਉਨਾਂ ਦੀਆਂ ਆਵਾਜ਼ਾਂ ਨੂੰ ਸ਼ਕਤੀ ਦਿੰਦਾ ਹੈ। ਅਜੋਕੇ ਸਮੇਂ ਵਿੱਚ ਸੋਸ਼ਲ ਮੀਡੀਆ ਵਿੱਚ ਅਸ਼ਲੀਲਤਾ ਦੇ ਵੱਧਦੇ ਰੁਝਾਨ ਜਿਸ ਵਿੱਚ ਸ਼ਾਮਿਲ ਹੈ ਖੁੱਲ੍ਹੇਆਮ ਦੋ ਅਰਥੀ ਭਾਸ਼ਾ, ਕਾਮ ਵਾਸਨਾਵਾਂ ਨੂੰ ਉਤੇਜਿਤ ਕਰਦੀ ਚਿੱਤਰਕਲਾ ਅਤੇ ਇਤਰਾਜਯੋਗ ਸਮੱਗਰੀ ਦੀ ਵਰਤੋਂ ਕਾਰਨ ਆਵਾਜ਼ ਦੇ ਬੁੱਧੀਜੀਵੀ ਵਰਗ ਨੂੰ ਚਿੰਤਿਤ ਕੀਤਾ ਹੋਇਆ ਹੈ। ਸਮਾਜ ਦੇ ਉੱਘੇ ਬੁੱਧੀਜੀਵੀ, ਸਿੱਖਿਆਦਾਨਾਂ, ਮਾਪਿਆਂ ਅਤੇ ਨੀਤਿਨਿਰਧਾਰਕਾਂ ਵਿੱਚ ਸੋਸ਼ਲ ਮੀਡੀਆ ਵਿੱਚ ਵੱਧ ਰਹੀ ਅਸ਼ਲੀਲਤਾ ਕਾਰਨ ਗੰਭੀਰ ਚਿੰਤਾਵਾਂ ਪੈਦਾ ਹੋਈਆਂ ਹਨ ਅਤੇ ਹਰੇਕ ਵਰਗ ਇਸ ਦੇ ਸੁਚੱਜੇ ਹੱਲ ਲਈ ਆਸ ਤੇ ਅਰਦਾਸ ਕਰ ਰਿਹਾ ਹੈ।

ਖੁੱਲ੍ਹੇਆਮ ਅਸ਼ਲੀਲ ਸਮੱਗਰੀ ਵਿੱਚ ਵਾਧੇ ਕਾਰਨ ਪਿਛਲੇ ਕੁਝ ਸਾਲਾਂ ਵਿੱਚ ਇੰਸਟਾਗ੍ਰਾਮ, ਐਕਸ (ਪੂਰਵ "witter), ਟਿਕਟੋਕ ਅਤੇ ਸਨੈਪਚੈਟ ਵਰਗੀਆਂ ਪਲੇਟਫਾਰਮਾਂ ਤੇ ਨੌਜਵਾਨਾਂ ਦੀ ਗਿਣਤੀ ਦਾ ਹੈਰਾਨੀ ਜਨਕ ਵਾਧਾ ਦੇਖਿਆ ਗਿਆ ਹੈ। ਸੋਸ਼ਲ ਮੀਡੀਆ ਦੀ ਇਤਰਾਜ ਯੋਗ ਸਮੱਗਰੀ ਵਿੱਚ ਯੌਨ ਸੰਕੇਤਕ ਸਮੱਗਰੀ, ਗਾਲ੍ਹਾਂ ਦੀ ਵਰਤੋਂ ਅਤੇ ਇਖ਼ਲਾਕ ਹੀਨ ਗੱਲਾਂ ਬਾਤਾਂ ਸ਼ਾਮਲ ਹੋਈਆਂ ਹਨ ।2024 ਦੀ ਇੱਕ ਰਿਪੋਰਟ ਮੁਤਾਬਕ ਲਗਭਗ 60% ਕਿਸ਼ੋਰ ਹਫ਼ਤੇ ਵਿੱਚ ਕਿਸੇ ਨਾ ਕਿਸੇ ਰੂਪ ਵਿੱਚ ਅਸ਼ਲੀਲ ਸਮੱਗਰੀ ਦੀ ਜਾਣਕਾਰੀ ਸੋਸ਼ਲ ਮੀਡੀਆ ਪਲੈਟਫਾਰਮਾਂ ਹੀ ਸਾਂਝੀ ਕਰਦੇ ਹਨ ਜਿਸ ਵਿੱਚੋਂ ਇੱਕ ਤਿਹਾਈ ਇਸ ਨਾਲ ਸਾਂਝਾ ਕਰਨ ਜਾਂ ਇਸ ਵਿੱਚ ਸ਼ਾਮਲ ਹੋਣ ਦੀ ਕੋਸ਼ਿਸ਼ ਕਰਦੇ ਹਨ।

ਕਲਾ ਦੀ ਆਜ਼ਾਦੀ ਅਤੇ ਨੈਤਿਕ ਕਦਰਾਂ ਕੀਮਤਾਂ ਦੇ ਵਿਚਕਾਰ ਦੀ ਸਰਹੱਦ ਦਿਨੋਦਿਨ ਧੁੰਦਲੀ ਹੋ ਰਹੀ ਹੈ।

ਸੋਸ਼ਲ ਮੀਡੀਆ ਤੇ ਲੋਕਾਂ ਨੂੰ ਪ੍ਰਭਾਵਿਤ ਕਰਨ ਵਾਲੇ ਇਨਸਾਨਾਂ ਨੂੰ ਇੰਫਲੂਐਂਸਰਜ਼ ਕਿਹਾ ਜਾਂਦਾ ਹੈ ਅਤੇ ਇਹਨਾਂ ਦੇ ਪ੍ਰਭਾਵ ਵਿੱਚ ਖਾਸ ਬੱਚੇ ਅਤੇ ਨੌਜਵਾਨ ਦਰਸ਼ਕਾਂ ਆਸਾਨੀ ਨਾਲ ਆ ਜਾਂਦੇ ਹਨ।ਇਸ ਰੁਝਾਨ ਵਿੱਚ ਨੌਜਵਾਨ ਅਤੇ ਬੱਚੇ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਧਿਆਨ-ਚਾਲਿਤ ਅਲਗੋਰਿਦਮਿਕ ਵਾਤਾਵਰਨ ਵਿੱਚ ਸਬੰਧਿਤ ਰਹਿਣ ਲਈ, ਬਹੁਤ ਸਾਰੇ ਰਚਨਾਕਾਰ ਸੰਵੇਦਨਸ਼ੀਲ ਸਮੱਗਰੀ ਦੀ ਵਰਤੋਂ ਕਰਨ ਲਈ ਮਜਬੂਰ ਹੁੰਦੇ ਹਨ। ਵਿਦਵਾਨਾਂ ਦਾ ਕਹਿਣਾ ਹੈ ਕਿ ਲਾਈਕ ਅਤੇ ਫੋਲੋਅਰ ਦੀ ਇਸ ਦੌੜ ਨੇ ਅਕਸਰ ਸੰਸਕਾਰਾਂ ਦੇ ਮਿਆਰ ਨੂੰ ਛਿੱਕੇ ਟੰਗ ਕੇ ਅਸ਼ਲੀਲ ਸਮਗਰੀ ਦੇ ਵਾਧੇ ਦਾ ਕਾਰਨ ਬਣਾਇਆ ਹੈ।

ਸੂਝਵਾਨ ਅਧਿਆਪਕਾਂ ਅਨੁਸਾਰ ਅਸ਼ਲੀਲਤਾ ਸੋਸ਼ਲ ਮੀਡੀਆ ਤੇ ਵਾਇਰਲ ਹੋਣ ਦਾ ਇੱਕ ਸਾਧਨ ਬਣ ਗਈ ਹੈ, ਬੱਚੇ ਅਤੇ ਨੌਜਵਾਨ ਉਹ ਕੁਝ ਨਕਲ ਕਰਦੇ ਹਨ ਜੋ ਉਹ ਦੇਖਦੇ ਹਨ। ਬਾਲ ਅਵਸਥਾ ਅਤੇ ਜਵਾਨੀ ਦੀ ਦਹਿਲੀਜ਼ ਤੇ ਪੈਰ ਰੱਖਦੇ ਨੌਜਵਾਨ ਇਹ ਜਾਨਣ ਵਿੱਚ ਅਸੱਮਰਥ ਹਨ ਕਿ ਸੋਸ਼ਲ ਮੀਡੀਆ ਵਿੱਚ ਵੱਧ ਰਹੀ ਅਸ਼ਲੀਲਤਾ ਕਾਰਨ ਉਹਨਾਂ ਦੇ ਆਪਣੇ ਵਿਵਹਾਰ ਅਤੇ ਮਨੋਵਿਗਿਆਨ 'ਤੇ ਕੀ ਪ੍ਰਭਾਵ ਹੋ ਸਕਦੇ ਹਨ।"

**ਮਾਨਸਿਕ ਅਤੇ ਕਾਨੂੰਨੀ ਪ੍ਰਭਾਵ**



ਮਾਨਸਿਕ ਵਿਗਿਆਨੀ ਚੇਤਾਵਨੀ ਦਿੰਦੇ ਹਨ ਕਿ ਅਸ਼ਲੀਲ ਸਮੱਗਰੀ ਦੇ ਦੁਹਰਾਅ ਨਾਲ ਦਰਸ਼ਕਾਂ ਨੂੰ ਡਰ ,ਚਿੰਤਾ ਤੇ ਬੇਚੈਨੀ ਹੋ ਸਕਦੀ ਹੈ। ਲੋੜ ਤੋਂ ਵੱਧ ਸੋਸ਼ਲ ਮੀਡੀਆ ਦਾ ਝੁਕਾਅ ਯੌਨਤਾ ਦੀ ਧਾਰਨਾ ਨੂੰ ਵਿਗਾੜ ਸਕਦਾ ਹੈ,ਮਾਰਧਾੜ ਅਤੇ ਆਨਲਾਈਨ ਹਿੰਸਾ ਅਤੇ ਸਾਇਬਰ ਬੁੱਲਿੰਗ ਦੇ ਵਧਦੇ ਕੇਸਾਂ ਵਿੱਚ ਯੋਗਦਾਨ ਪਾ ਸਕਦਾ ਹੈ। ਇਸ ਤੋਂ ਇਲਾਵਾ ਇਹ ਨੌਜਵਾਨ ਮਨਾਂ 'ਤੇ ਜ਼ਿਆਦਾ ਪ੍ਰਭਾਵ ਪਾਉਂਦੀ ਹੈ ਉਹਨਾਂ ਦੇ ਮੁੱਲਾਂ ਅਤੇ ਆਪਸੀ ਸੰਬੰਧਾਂ ਨੂੰ ਆਕਾਰ ਦਿੰਦੀ ਹੈ।

ਕਾਨੂੰਨੀ ਵਿਦਵਾਨ ਅਨੁਸਾਰ ਸੋਸ਼ਲ ਮੀਡੀਆ ਪਲੇਟਫਾਰਮ ਨੀਤੀਆਂ ਅਸ਼ਲੀਲ ਸਮੱਗਰੀ ਦੇ ਪ੍ਰਸਾਰ ਦੀ ਮਨਾਹੀ ਕਰਦੀਆਂ ਹਨ, ਪਰ ਇਹ ਨੀਤੀਆਂ ਨਿਯਮਾਂ ਨੂੰ ਸੁਚੱਜੇ ਢੰਗ ਨਾਲ ਲਾਗੂ ਕਰਨ ਵਿੱਚ ਅਸਮਰੱਥ ਰਹਿੰਦੀਆਂ ਹਨ। ਭਾਰਤ ਵਿੱਚ 9" ਐਕਟ ਦਾ ਧਾਰਾ 67 ਆਨਲਾਈਨ ਅਸ਼ਲੀਲ ਸਮੱਗਰੀ ਪ੍ਰਕਾਸ਼ਿਤ ਕਰਨ ਜਾਂ ਪ੍ਰਸਾਰਿਤ ਕਰਨ ਨਾਲ ਸੰਬੰਧਿਤ ਹੈ ਫਿਰ ਵੀ ਅਸ਼ਲੀਲ ਸਮੱਗਰੀ ਦਾ ਪ੍ਰਸਾਰ ਅਤੇ ਵਰਤੋ ਕਰਨ ਵਾਲਿਆਂ ਵਿਰੁੱਧ ਕਾਰਵਾਈ ਦੀਆਂ ਮੁਸ਼ਿਕਲਾਂ ਆ ਰਹੀਆਂ ਹਨ।

**ਮਾਪਿਆਂ ਅਤੇ ਅਧਿਆਪਕਾਂ ਦੇ ਖੰਦਸ਼ੇ**

ਮਾਪਿਆਂ ਅਤੇ ਸਿੱਖਿਆਦਾਨਾਂ ਨੇ ਸੋਸ਼ਲ ਮੀਡੀਆ ਤੇ ਅਸ਼ਲੀਲ ਸਮੱਗਰੀ ਦੀ ਬਿਨਾ ਰੋਕਥਾਮ ਫੈਲਾਅ 'ਤੇ ਡੂੰਘੀ ਚਿੰਤਾ ਪ੍ਰਗਟ ਕੀਤੀ ਹੈ।

ਕਈ ਰਾਜਾਂ ਦੇ ਸਕੂਲ ਹੁਣ ਡਿਜ਼ੀਟਲ ਸਿੱਖਿਆ ਪ੍ਰੋਗਰਾਮ ਸ਼ੁਰੂ ਕਰ ਰਹੇ ਹਨ ਜੋ ਵਿਦਿਆਰਥੀਆਂ ਨੂੰ ਜ਼ਿੰਮੇਵਾਰ ਆਨਲਾਈਨ ਵਿਉਹਾਰ ਦੇ ਖ਼ਤਰਿਆਂ ਬਾਰੇ ਸਿਖਾਉਣ ਦਾ ਉਦੇਸ਼ ਰੱਖਦੇ ਹਨ।

**ਪਲੇਟਫਾਰਮ ਜਵਾਬਦੇਹੀ ਅਤੇ ਭਵਿੱਖ ਦੇ ਕਦਮ**

ਵੱਧ ਰਹੀ ਆਲੋਚਨਾ ਦੇ ਜਵਾਬ ਵਿੱਚ ਹਾਈ ਟੈਕ ਕੰਪਨੀਆਂ ਨੇ 19-ਚਾਲਿਤ ਮੋਡਰੇਸ਼ਨ ਟੂਲਜ਼ ਨੂੰ ਸੁਧਾਰਨ, ਰਿਪੋਰਟਿੰਗ ਫੀਚਰਾਂ ਨੂੰ ਵਧਾਉਣ ਅਤੇ ਪਰਿਵਾਰ-ਸੁਰੱਖਿਅਤ ਸੈਟਿੰਗਜ਼ ਨੂੰ ਪ੍ਰਚਾਰਿਤ ਕਰਨ ਦਾ ਵਾਅਦਾ ਕੀਤਾ ਹੈ। ਹਾਲਾਂਕਿ, ਵਿਦਵਾਨਾਂ ਦਾ ਕਹਿਣਾ ਹੈ ਕਿ ਪਲੇਟਫਾਰਮਾਂ ਦੁਆਰਾ ਇਹ ਪਹਿਲਾਂ ਹੀ ਕਾਫ਼ੀ ਨਹੀਂ ਹਨ।

ਸੋਸ਼ਲ ਮੀਡੀਆ ਇੱਕ ਰਚਨਾਤਮਕਤਾ ਅਤੇ ਜੋੜਤੋੜ ਦਾ ਜ਼ਰੀਆ ਬਣਿਆ ਹੋਇਆ ਹੈ ਪਰੰਤੂ ਅਸ਼ਲੀਲਤਾ ਦੇ ਬਿਨਾ ਰੋਕਥਾਮ ਵਾਲੇ ਵਾਧੇ ਨੇ ਸਮਾਜ ਦੇ ਬੁੱਧੀਜੀਵੀਆਂ ਦੇ ਸਨਮੁੱਖ ਇੱਕ ਗੰਭੀਰ ਮੁੱਦਾ ਉਠਾਇਆ ਹੈ ਜਿਸ ਵੱਲ ਤੁਰੰਤ ਧਿਆਨ ਦੀ ਲੋੜ ਹੈ। ਆਜ਼ਾਦੀ ਦੇ ਪ੍ਰਗਟਾਅ ਅਤੇ ਸਮਾਜਿਕ ਜ਼ਿੰਮੇਵਾਰੀ ਦੇ ਵਿਚਕਾਰ ਸੰਤੁਲਨ ਬਣਾਉਣਾ ਹੁਣ ਸਮੇਂ ਦੀ ਲੋੜ ਹੈ। ਅਰਥਪੂਰਨ ਬਦਲਾਅ ਲਈ ਜਾਗਰੂਕਤਾ, ਜਵਾਬਦੇਹੀ ਅਤੇ ਕਾਰਵਾਈ ਨੂੰ ਮਿਲ ਕੇ ਕੰਮ ਕਰਨ ਦੀ ਲੋੜ ਹੈ।

**-ਡਾ. ਸੁਰਿੰਦਰਪਾਲ ਸਿੰਘ, ਵਿਗਿਆਨ ਅਧਿਆਪਕ ਸ੍ਰੀ ਅੰਮ੍ਰਿਤਸਰ ਸਾਹਿਬ, ਪੰਜਾਬ।**

International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243




★ ਜਾਰੀ ਕਰਤਾ ★

ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243